JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON



ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post



SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6



To view our online newspaper visit punjabipost.ca/epaper | Vol 22* Issue 39 | Friday, February 24, 2023 | Tel: 905-793-2202 | Fax: 905-793-2282 | news@punjabipost.ca  ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ


## ਅੰਦਰ ਇਹ ਵੀ ਪੜ੍ਹੋ

**ਪ੍ਰਾਈਵੇਟ ਕਲੀਨਿਕਸ ਦੇ ਪਸਾਰ ਲਈ ਓਨਟਾਰੀਓ ਵੱਲੋਂ ਸਿਹਤ ਸੁਧਾਰ ਸਬੰਧੀ ਪੇਸ਼ ਕੀਤਾ ਗਿਆ ਬਿੱਲ**



ਪੰਨਾ 02

**ਲੋਕਤੰਤਰ ਦੀ ਸਿਉਂਕ ਨਿਆਂ ਪਾਲਿਕਾ ਤੱਕ ਜਾ ਪਹੁੰਚੀ ਹੈ ਤਾਂ ਸਫਾਈ ਵੀ ਉਸੇ ਨੂੰ ਕਰਨੀ ਪਵੇਗੀ**

ਜਤਿੰਦਰ ਪਨੂੰ ਦੀ ਕਲਮ ਤੋਂ



ਪੰਨਾ 06

## 23 ਮਾਰਚ ਨੂੰ ਬਜਟ ਪੇਸ਼ ਕਰੇਗੀ ਓਨਟਾਰੀਓ ਸਰਕਾਰ

ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਓਨਟਾਰੀਓ ਵੱਲੋਂ 23 ਮਾਰਚ ਨੂੰ ਆਪਣਾ ਬਜਟ ਪੇਸ਼ ਕੀਤਾ ਜਾਵੇਗਾ। ਵੀਰਵਾਰ ਨੂੰ ਇਸ ਤਰੀਕ ਦਾ ਐਲਾਨ ਕਰਦਿਆਂ ਵਿੱਤ ਮੰਤਰੀ ਪੀਟਰ ਬੈਥਲਨਫੈਲਵੀ ਨੇ ਆਖਿਆ ਕਿ ਇਨ੍ਹਾਂ ਅਸਥਿਰ ਸਮਿਆਂ ਵਿੱਚ ਬਜਟ ਓਨਟਾਰੀਓ ਲਈ ਮਜ਼ਬੂਤ ਭਵਿੱਖ ਦੀ ਆਸ ਲੈ ਕੇ ਆਵੇਗਾ।ਪਿਛਲੇ ਹਫਤੇ ਉਨ੍ਹਾਂ ਆਖਿਆ ਸੀ ਕਿ ਮਹਾਂਮਾਰੀ ਦੌਰਾਨ ਵੱਧ ਖਰਚੇ ਵਾਲੇ ਤੇ ਵੱਡੇ ਘਾਟੇ ਵਾਲੇ ਜਿਹੜੇ ਬਜਟ ਓਨਟਾਰੀਓ ਵੱਲੋਂ ਪੇਸ਼ ਕੀਤੇ ਗਏ ਸਨ ਉਨ੍ਹਾਂ ਨਾਲ ਸਾਰਾ ਮਸਲਾ ਹੱਲ ਹੋ ਗਿਆ ਸੀ ਪਰ ਹੁਣ ਸਮਾਂ ਸੰਜਮ ਤੋਂ ਕੰਮ ਲੈਣ ਦਾ ਹੈ।

ਪਿੱਛੇ ਜਿਹੇ ਜਾਰੀ ਕੀਤੀ ਗਈ ਤੀਜੀ ਤਿਮਾਹੀ ਦੀ ਵਿੱਤੀ ਅਪਡੇਟ ਵਿੱਚ ਓਨਟਾਰੀਓ ਨੇ 2022-23 ਦੇ ਵਿੱਤੀ ਵਰ੍ਹੇ ਲਈ 6.5 ਬਿਲੀਅਨ ਡਾਲਰ ਦੇ ਘਾਟੇ ਦੀ ਗੱਲ ਆਖੀ ਹੈ। ਇਸ ਵਿੱਚ ਸਾਲ ਦੇ ਅਖੀਰ ਵਿੱਚ ਜਾਰੀ ਕੀਤੇ ਗਏ ਆਰਥਿਕ ਬਿਆਨ ਨਾਲੋਂ 6.4 ਬਿਲੀਅਨ ਡਾਲਰ ਦਾ ਸੁਧਾਰ ਵੇਖਣ ਨੂੰ ਮਿਲਿਆ ਹੈ। ਇਸ ਦੌਰਾਨ ਫਾਇਨਾਂਸ਼ੀਅਲ ਐਕਾਊਂਟੇਬਿਲਿਟੀ ਆਫਿਸ ਵੱਲੋਂ ਇਸ ਵਿੱਤੀ ਵਰ੍ਹੇ ਵਿੱਚ 2.5 ਬਿਲੀਅਨ ਡਾਲਰ ਦੇ ਘਾਟੇ ਦੀ ਗੱਲ ਆਖੀ ਗਈ ਹੈ ਪਰ ਇਹ ਵੀ ਆਖਿਆ ਗਿਆ ਹੈ ਕਿ ਆਉਣ ਵਾਲੇ ਸਮੇਂ ਵਿੱਚ ਇਸ ਵਿੱਚ ਕਈ ਬਿਲੀਅਨ ਡਾਲਰ ਦਾ ਸੁਧਾਰ ਵੇਖਣ ਨੂੰ ਮਿਲੇਗਾ।



## 26 ਜੂਨ ਨੂੰ ਕਰਵਾਈਆਂ ਜਾਣਗੀਆਂ ਟੋਰਾਂਟੋ ਦੇ ਮੇਅਰ ਲਈ ਜ਼ਿਮਨੀ ਚੋਣਾਂ

ਟੋਰਾਂਟੋ, 23 ਫਰਵਰੀ (ਪੋਸਟ ਬਿਊਰੋ) : ਟੋਰਾਂਟੋ ਦੇ ਨਵੇਂ ਮੇਅਰ ਦੀ ਚੋਣ ਲਈ ਜ਼ਿਮਨੀ ਚੋਣਾਂ ਕਰਵਾਉਣ ਵਾਸਤੇ 26 ਜੂਨ ਤਰੀਕ ਨਿਰਧਾਰਤ ਕੀਤੀ ਗਈ ਹੈ।

ਟੋਰਾਂਟੋ ਸਿਟੀ ਦੇ ਕਲਰਕ ਦਾ ਕਹਿਣਾ ਹੈ ਕਿ ਮੇਅਰ ਦੇ ਆਫਿਸ ਨੂੰ ਖਾਲੀ ਐਲਾਨਣ ਦੀ ਜ਼ਿੰਮੇਵਾਰੀ ਸਿਟੀ ਕਾਊਂਸਲ ਦੀ ਹੁੰਦੀ ਹੈ ਤੇ ਫਿਰ ਅਗਲੇ ਮਹੀਨੇ ਹੋਣ ਜਾ ਰਹੀ ਇਸ ਦੀ ਮੀਟਿੰਗ ਵਿੱਚ ਜ਼ਿਮਨੀ ਚੋਣਾਂ ਲਈ ਬਾਇਲਾਅ ਪਾਸ ਕੀਤਾ ਜਾਵੇਗਾ। ਜੇ ਇਸ ਨੂੰ ਮਨਜ਼ੂਰੀ ਮਿਲ ਜਾਂਦੀ ਹੈ ਤਾਂ ਉਮੀਦਵਾਰਾਂ ਲਈ ਨਾਮਜ਼ਦਗੀਆਂ 3 ਅਪਰੈਲ ਤੋਂ ਖੁੱਲ੍ਹ ਜਾਣਗੀਆਂ ਤੇ 8 ਜੂਨ ਤੋਂ ਐਡਵਾਂਸ ਵੋਟਿੰਗ ਸ਼ੁਰੂ ਹੋ ਸਕਦੀ ਹੈ।

ਇੱਥੇ ਦੱਸਣਾ ਬਣਦਾ ਹੈ ਕਿ ਸਿਟੀ ਕਲਰਕ ਆਮ ਤੌਰ ਉੱਤੇ ਕਾਊਂਸਲ ਵੱਲੋਂ ਬਾਇਲਾਅ ਪਾਸ ਕਰਨ ਤੋਂ ਪਹਿਲਾਂ ਜ਼ਿਮਨੀ ਚੋਣਾਂ ਲਈ ਤਰੀਕ ਦਾ ਐਲਾਨ ਨਹੀਂ ਕਰਦਾ ਪਰ ਸਿਟੀ ਦਾ ਕਹਿਣਾ ਹੈ ਕਿ ਜਿੰਨੀ ਜਲਦੀ ਟੋਰਾਂਟੋ ਵਾਸੀਆਂ ਨੂੰ ਇਸ ਤਰੀਕ ਦਾ ਪਤਾ ਹੋਵੇਗਾ ਓਨਾ ਹੀ ਚੰਗਾ ਹੈ। ਇਸ ਸਮੇਂ ਤਰੀਕਾਂ ਨੂੰ ਜਨਤਕ ਕਰਨ ਨਾਲ ਸਿਟੀ ਕਲਰਕ ਨੂੰ ਇਲੈਕਸ਼ਨ ਸਟਾਫ ਭਰਤੀ ਕਰਨ ਤੇ ਵੋਟਿੰਗ ਲੋਕੇਸ਼ਨਜ਼ ਬੁੱਕ ਕਰਨ ਲਈ ਤਿਆਰੀਆਂ ਕਰਨ ਦਾ ਮੌਕਾ ਵੀ ਮਿਲ ਜਾਵੇਗਾ।



## ਓਨਟਾਰੀਓ ਤੇ ਫੈਡਰਲ ਸਰਕਾਰ ਦਰਮਿਆਨ ਨਵੀਂ ਹੈਲਥ ਕੇਅਰ ਫੰਡਿੰਗ ਡੀਲ ਸਿਰੇ ਚੜ੍ਹੀ

ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਫੈਡਰਲ ਸਰਕਾਰ ਦਾ ਕਹਿਣਾ ਹੈ ਕਿ ਓਨਟਾਰੀਓ ਨਾਲ ਉਨ੍ਹਾਂ ਨੇ ਨਵੀਂ ਹੈਲਥ ਕੇਅਰ ਡੀਲ ਸਿਰੇ ਚੜ੍ਹਾ ਲਈ ਹੈ।

ਇਸ ਡੀਲ ਤਹਿਤ ਫੈਡਰਲ ਸਰਕਾਰ ਵੱਲੋਂ ਓਨਟਾਰੀਓ ਨੂੰ ਅਗਲੇ 10 ਸਾਲਾਂ ਦੇ ਅਰਸੇ ਵਿੱਚ ਫੈਡਰਲ ਹੈਲਥ ਟਰਾਂਸਫਰ ਦੇ ਰੂਪ ਵਿੱਚ 8.4 ਬਿਲੀਅਨ ਡਾਲਰ ਹਾਸਲ ਹੋਣਗੇ ਜਦਕਿ ਹੁਣ ਫੈਡਰਲ ਸਰਕਾਰ ਇੱਕਮੁਸ਼ਤ ਓਨਟਾਰੀਓ ਨੂੰ 774 ਮਿਲੀਅਨ ਡਾਲਰ ਦੇਵੇਗੀ। ਓਨਟਾਰੀਓ ਦੀ ਸਿਹਤ ਮੰਤਰੀ ਸਿਲਵੀਆ ਜੋਨਜ਼ ਨੇ ਇੱਕ ਬਿਆਨ ਜਾਰੀ ਕਰਕੇ ਆਖਿਆ ਕਿ ਸਾਡੀ ਸਰਕਾਰ ਪਬਲਿਕਲੀ ਫੰਡਿਡ ਸਿਸਟਮ ਵਿੱਚ ਰਿਕ-ਾਰਡ ਪੱਧਰ ਉੱਤੇ ਨਿਵੇਸ਼ ਕਰ ਰਹੀ ਹੈ ਤੇ ਹੈਲਥ ਕੇਅਰ ਵਿੱਚ ਫੈਡਰਲ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਇਸ ਵਾਧੂ ਮਦਦ ਨਾਲ ਸਾਨੂੰ ਵੱਡਾ ਸਹਾਰਾ ਹੋਵੇਗਾ।

ਇਸ ਬਿਆਨ ਵਿੱਚ ਇਹ ਵੀ ਆਖਿਆ ਗਿਆ ਕਿ ਆਪਣੇ ਫੈਡਰਲ ਹਮਰੁਤਬਾ ਅਧਿਕਾਰੀਆਂ ਨਾਲ ਰਲ ਕੇ ਕੰਮ ਕਰਨ ਲਈ ਅਸੀਂ ਤਾਂਘਵਾਨ ਹਾਂ। ਇਹ ਵੀ ਆਖਿਆ ਗਿਆ ਕਿ ਅਸੀਂ ਇਹ ਯਕੀਨੀ ਬਣਾਉਣਾ ਚਾਹੁੰਦੇ ਹਾਂ ਕਿ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਨੂੰ ਇਸੇ ਤਰ੍ਹਾਂ ਹੈਲਥ ਕੇਅਰ ਫੰਡਿੰਗ ਹਾਸਲ ਹੁੰਦੀ ਰਹੇ। ਟਰੂਡੋ ਦੀ ਅਗਵਾਈ ਵਾਲੇ ਲਿਬਰਲਾਂ ਨਾਲ ਨਵੀਂ ਡੀਲ ਕਰਨ ਵਾਲਾ ਓਨਟਾਰੀਓ ਪਹਿਲਾ ਪ੍ਰੋਵਿੰਸ ਬਣ ਗਿਆ ਹੈ। ਇਸ ਮਹੀਨੇ ਦੇ ਸ਼ੁਰੂ ਵਿੱਚ ਕੈਨੇਡਾ ਦੇ ਪ੍ਰੀਮੀਅਰਜ਼ ਵੱਲੋਂ ਰਸਮੀ ਤੌਰ ਉੱਤੇ ਵਾਧੂ ਫੰਡਿੰਗ ਦੇ ਰੂਪ ਵਿੱਚ ਓਟਵਾ ਦੀ ਪੇਸ਼ਕਸ਼ ਸਵੀਕਾਰ ਕਰ ਲਈ ਗਈ ਸੀ। ਫੈਡਰਲ ਸਰਕਾਰ ਵੱਲੋਂ ਕੈਨੇਡਾ ਹੈਲਥ ਟਰਾਂਸਫਰ ਰਾਹੀਂ 46 ਬਿਲੀਅਨ ਡਾਲਰ ਨਵੇਂ ਫੰਡਾਂ ਵਜੋਂ ਦੇਣ ਤੇ ਅਗਲੇ ਦਸ ਸਾਲਾਂ ਲਈ 200 ਬਿਲੀਅਨ ਡਾਲਰ ਦਾ ਨਿਵੇਸ਼ ਕਰਨ ਦੀ ਪੇਸ਼ਕਸ਼ ਕੀਤੀ ਗਈ ਸੀ।



## ਨਸ਼ਿਆਂ ਤੇ ਹਥਿਆਰਾਂ ਦੀ ਸਮਗਲਿੰਗ ਲਈ 26 ਵਿਅਕਤੀਆਂ ਨੂੰ ਕੀਤਾ ਗਿਆ ਚਾਰਜ

ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਦੱਖਣੀ ਓਨਟਾਰੀਓ ਵਿੱਚ ਪਾਬੰਦੀਸ਼ੁਦਾ ਡਰੱਗਜ਼ ਤੇ ਹਥਿਆਰ ਦੀ ਸਮਗਲਿੰਗ ਕਰਨ ਵਾਲੇ ਦੋ ਦਰਜਨ ਤੋਂ ਵੀ ਵੱਧ ਵਿਅਕਤੀਆਂ ਨੂੰ ਚਾਰਜ ਕੀਤਾ ਗਿਆ ਹੈ।ਇਹ ਜਾਣਕਾਰੀ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਵੱਲੋਂ ਦਿੱਤੀ ਗਈ। 13 ਮਹੀਨਿਆਂ ਦੀ ਜਾਂਚ ਤੋਂ ਬਾਅਦ ਇਨ੍ਹਾਂ ਲੋਕਾਂ ਨੂੰ ਚਾਰਜ ਕੀਤਾ ਗਿਆ।

ਪ੍ਰੋਜੈਕਟ ਕਾਇਓਟੀ ਦੇ ਨਾਂ ਨਾਲ ਸ਼ੁਰੂ ਕੀਤੀ ਗਈ ਇਸ ਜਾਂਚ ਦੌਰਾਨ ਹੈੱਲਜ਼ ਏਂਜਲ ਮੋਟਰਸਾਈਕਲ ਕਲੱਬ ਦੇ ਤਿੰਨ ਮੈਂਬਰਾਂ ਤੇ ਰੈੱਡ ਡੈਵਿਲਜ਼ ਮੋਟਰਸਾਈਕਲ ਕਲੱਬ ਦੇ ਤਿੰਨ ਮੈਂਬਰਾਂ ਨੂੰ ਵੀ ਗ੍ਰਿਫਤਾਰ ਕੀਤਾ ਗਿਆ। ਓਪੀਪੀ ਨੇ ਦੱਸਿਆ ਕਿ ਇਸ ਸਮੇਂ 26 ਵਿਅਕਤੀਆਂ ਨੂੰ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਓਪੀਪੀ ਦੇ ਚੀਫ ਸੁਪਰਡੈਂਟ ਪਾਲ ਮੈਕੇਅ ਨੇ ਆਖਿਆ ਕਿ ਸਾਨੂੰ ਇਹ ਸੂਹ ਮਿਲੀ ਸੀ ਕਿ ਬੈਲੇਵਿੱਲ-ਕੁਇੰਟ ਵੈਸਟ ਏਰੀਆ ਵਿੱਚ ਨਸ਼ਿਆਂ ਦੀ ਸਮਗਲਿੰਗ ਦਾ ਪੂਰਾ ਨੈੱਟਵਰਕ ਦੋ ਮੁਜਰਮਾਨਾਂ ਗਰੁੱਪਜ਼ ਵੱਲੋਂ ਚਲਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਹ ਗਰੁੱਪਜ਼ ਗ੍ਰੇਟਰ ਟੋਰਾਂਟੋ ਏਰੀਆ ਦੇ ਸਟਰੀਟ ਗੈਂਗ ਤੇ ਮੋਟਰਸਾਈਕਲ ਕਲੱਬਾਂ ਦੇ ਮੈਂਬਰਜ਼ ਦੇ ਸਨ।...ਬਾਕੀ ਪੰਨਾ 2 'ਤੇ




NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
- Home
- Business
- Life Insurance
- Auto
- Trucking
- Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

ਰੈਸਟੋਰੈਂਟ ਪੈਟਿਓ ਫੂਡ ਕਾਊਂਟਰ
Gerrard India Bazar, Toronto
ਗਰਮੀਆਂ ਦੇ ਵਿੱਚ ਪਰਾਫਿਟ ਲਈ ਸੁਨਹਿਰਾ ਮੌਕਾ
1 ਮਈ ਤੋ 31 ਅਕਤੂਬਰ ਤੱਕ ਕਾਂਟਰੈਕਟ ਜਾਂ ਲੀਜ਼ ਕਰੋ:
call kumar: 437-925-4585
or email: startup2023abusiness@gmail.com

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill

HURRY NOW
COURR-2302FLYER
LIMITED TIME PROMO CODE
use our code for additional discount*
OURR HOME & APPLIANCES
ਪੂਰਾ ਇਸ਼ਤਿਹਾਰ ਪੰਨਾ 6 'ਤੇ ਦੇਖੋ
100% Satisfaction Guaranteed
Best deals on
LUXURY KITCHEN APPLIANCES
Authorized dealer for
ALL MAJOR BRANDS
Unboxed units & new in-box units available
PRICE BEAT guarantee
DELIVERY now available
KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL
UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST, LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555
416-551-5553
www.ourrhomeappliances.com

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Axcel InsuranceBrokers Ltd.
1332 Khalsa Dr, Unit # 11, Mississauga, ON L5S 0A2

Law Office of Aman Sharma
- Real Estate
- Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
Aman Sharma
Open Saturday
25 Cherrycrest Drive, Unit # 6
Brampton, ON, L6P 3W4
Providing excellent quality legal services to our clients

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovaird Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Family Law
- Corporate
- Real Estate
- Business Closing
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀ ਇੰਸਟ੍ਰਕਟਰ
- ਮੁਫਤ ਪਿਕਅਪ ਅਤੇ ਡਰਾਪ ਆਫ
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ
647-998-7500
ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
Cell: 416-841-4218 Tel: 905-216-5563
The Mortgage Centre
AvonFinancial Inc.
Brokerage Lic 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Wills & Estates
- Power of Attorney
- Affidavits Notarization / Declaration
- Business Law
- Family Law
- Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਪ੍ਰਾਈਵੇਟ ਕਲੀਨਿਕਸ ਦੇ ਪਸਾਰ ਲਈ ਓਨਟਾਰੀਓ ਵੱਲੋਂ ਸਿਹਤ ਸੁਧਾਰ ਸਬੰਧੀ ਪੇਸ਼ ਕੀਤਾ ਗਿਆ ਬਿੱਲ

ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਓਨਟਾਰੀਓ ਦੀ ਸਿਹਤ ਮੰਤਰੀ ਵੱਲੋਂ ਅੱਜ ਜਿਹੜਾ ਬਿੱਲ ਪੇਸ਼ ਕੀਤਾ ਗਿਆ ਹੈ ਉਸ ਨਾਲ ਪ੍ਰੋਵਿੰਸ ਨੂੰ ਪਬਲਿਕ ਹੈਲਥ ਕੇਅਰ ਸਿਸਟਮ ਵਿੱਚ ਪ੍ਰਾਈਵੇਟ ਕਲੀਨਿਕਸ ਦੇ ਪਸਾਰ ਦੀ ਖੁੱਲ੍ਹ ਮਿਲ ਜਾਵੇਗੀ।



ਪਿਛਲੇ ਮਹੀਨੇ ਸਿਲਵੀਆ ਜੋਨਜ਼ ਵੱਲੋਂ ਇਹ ਐਲਾਨ ਕੀਤਾ ਗਿਆ ਸੀ ਕਿ ਇਹ ਬਿੱਲ ਲਿਆਂਦਾ ਜਾ ਰਿਹਾ ਹੈ ਤੇ ਉਸ ਸਮੇਂ ਤੋਂ ਹੀ ਵਿਰੋਧੀ ਪਾਰਟੀਆਂ ਤੇ ਕੁੱਝ ਹੈਲਥ ਕੇਅਰ ਮਾਹਿਰਾਂ ਵੱਲੋਂ ਮੁਨਾਫੇ ਲਈ ਚਲਾਏ ਜਾਣ ਵਾਲੇ ਅਜਿਹੇ ਕਲੀਨਿਕਸ ਦੀ ਭੂਮਿਕਾ ਦੀ ਨੁਕਤਾਚੀਨੀ ਕੀਤੀ ਜਾ ਰਹੀ ਹੈ। ਇਸ ਦੌਰਾਨ ਜੋਨਜ਼ ਨੇ ਸਪਸ਼ਟ ਕੀਤਾ ਕਿ ਇਨ੍ਹਾਂ ਕਲੀਨਿਕਸ, ਜਿਨ੍ਹਾਂ ਵਿੱਚ ਚੂਲੇ ਤੇ ਗੋਡਿਆਂ ਦੇ ਆਪਰੇਸ਼ਨ ਕਰਨ ਵਾਲੀਆਂ ਨਵੀਆਂ ਫੈਸਿਲਿਟੀਜ਼ ਵੀ ਸ਼ਾਮਲ ਹਨ, ਦੇ ਮਰੀਜ਼ਾਂ ਨੂੰ ਆਪਣੀ ਜੇਬ੍ਹ ਵਿੱਚੋਂ ਖਰਚਾ ਨਹੀਂ ਕਰਨਾ ਹੋਵੇਗਾ ਸਗੋਂ ਇਹ ਸਾਰਾ ਖਰਚਾ ਵੀ ਜਨਤਕ ਫੰਡਾਂ ਵਿੱਚੋਂ ਹੀ ਕੀਤਾ ਜਾਵੇਗਾ।

ਜੋਨਜ਼ ਨੇ ਇਹ ਵੀ ਆਖਿਆ ਕਿ ਇਨ੍ਹਾਂ ਕਲੀਨਿਕਸ ਦਾ ਮੁਆਇਨਾ ਕਰਨ ਲਈ ਪ੍ਰੋਵਿੰਸ ਮਾਹਿਰ ਸੰਸਥਾਵਾਂ ਦੀ ਮਦਦ ਲੈ ਸਕੇਗਾ ਪਰ ਪ੍ਰੋਵਿੰਸ ਵੱਲੋਂ ਅਜੇ ਇਹ ਤੈਅ ਨਹੀਂ ਕੀਤਾ ਗਿਆ ਹੈ ਕਿ ਇਹ ਸੰਸਥਾਵਾਂ ਕਿਹੜੀਆਂ ਹੋਣਗੀਆਂ। ਸਰਕਾਰ ਦਾ ਕਹਿਣਾ ਹੈ ਕਿ ਇਸ ਵਾਸਤੇ ਪ੍ਰੋਵਿੰਸ ਵੱਲੋਂ ਕਈ ਬਦਲਾਂ ਉੱਤੇ ਵਿਚਾਰ ਕੀਤਾ ਜਾ ਰਿਹਾ ਹੈ ਤੇ ਇਨ੍ਹਾਂ ਵਿੱਚ ਮੌਜੂਦਾ ਰੈਗੂਲੇਟਰੀ ਕਾਲਜ ਵੀ ਸ਼ਾਮਲ ਹਨ।

## ਮੇਅਰ ਦੇ ਅਹੁਦੇ ਲਈ ਸਿਟੀ ਕਲਰਕ ਦੀ ਸਲਾਹ ਮੰਨਾਂਗੇ ਕਿ ਵੋਟਾਂ ਕਦੋਂ ਕਰਵਾਈਆਂ ਜਾਣ : ਮੈਕੇਲਵੀ

ਟੋਰਾਂਟੋ, 23 ਫਰਵਰੀ (ਪੋਸਟ ਬਿਊਰੋ) : ਟੋਰਾਂਟੋ ਦੀ ਡਿਪਟੀ ਮੇਅਰ ਦਾ ਕਹਿਣਾ ਹੈ ਕਿ ਜੌਹਨ ਟੋਰੀ ਦੀ ਥਾਂ ਲੈਣ ਲਈ ਮੇਅਰ ਦੇ ਅਹੁਦੇ ਵਾਸਤੇ ਜ਼ਿਮਨੀ ਚੋਣਾਂ ਜਲਦੀ ਕਰਵਾਉਣ ਦਾ ਉਨ੍ਹਾਂ ਦਾ ਕੋਈ ਇਰਾਦਾ ਨਹੀਂ ਹੈ। ਉਨ੍ਹਾਂ ਆਖਿਆ ਕਿ ਇਸ ਲਈ ਉਹ ਸਿਟੀ ਕਾਊਂਸਲ ਦੀ ਮੀਟਿੰਗ ਜਲਦ ਨਹੀਂ ਸੱਦਣ ਜਾ ਰਹੀ।




ਇੱਕ ਸ਼ੋਅ ਦੌਰਾਨ ਜੈਨੀਫਰ ਮੈਕੇਲਵੀ ਨੇ ਆਖਿਆ ਕਿ ਉਹ ਚਾਹੁੰਦੇ ਹਨ ਕਿ ਜ਼ਿਮਨੀ ਚੋਣਾਂ ਜਲਦ ਤੋਂ ਜਲਦ ਕਰਵਾਈਆਂ ਜਾਣ ਕਿਉਂਕਿ ਟੋਰਾਂਟੋ ਵਾਸੀ ਆਪਣੇ ਨਵੇਂ ਮੇਅਰ ਨੂੰ ਮਿਲਣ ਲਈ ਕਾਹਲੇ ਹਨ। ਪਰ ਸਿਟੀ ਸਟਾਫ ਨੂੰ ਸਭ ਤੋਂ ਵੱਡੀਆਂ ਜ਼ਿਮਨੀ ਚੋਣਾਂ ਲਈ ਤਿਆਰੀ ਕਰਨ ਵਾਸਤੇ ਵੀ ਸਮਾਂ ਚਾਹੀਦਾ ਹੈ। ਮੈਕੇਲਵੀ ਨੇ ਆਖਿਆ ਕਿ ਉਹ ਸਿਟੀ ਕਾਊਂਸਲ ਦੀ ਮੀਟਿੰਗ ਨਿਰਧਾਰਤ ਸਮੇਂ, ਜੋ ਕਿ 29 ਮਾਰਚ ਬਣਦਾ ਹੈ, ਉੱਤੇ ਹੀ ਕਰਵਾਏਗੀ।

ਜ਼ਿਕਰਯੋਗ ਹੈ ਕਿ ਇਸ ਮੀਟਿੰਗ ਵਿੱਚ ਜੇ ਕਾਊਂਸਲਰਜ਼ ਇਸ ਪ੍ਰਕਿਰਿਆ ਨੂੰ ਸੁਰੂ ਕਰਨ ਲਈ ਬਾਇਲਾਅ ਪਾਸ ਕਰਦੇ ਹਨ ਤਾਂ ਇਹ ਜ਼ਿਮਨੀ ਚੋਣਾਂ ਜੂਨ ਜਾਂ ਜੁਲਾਈ ਵਿੱਚ ਹੋ ਸਕਦੀਆਂ ਹਨ। ਮੈਕੇਲਵੀ ਨੇ ਆਖਿਆ ਕਿ ਇਸ ਲਈ ਉਹ ਸਿਟੀ ਕਲਰਕ ਦੀ ਸਲਾਹ ਮੰਨਣਗੇ ਕਿ ਵੋਟਾਂ ਕਦੋਂ ਕਰਵਾਈਆਂ ਜਾਣ, ਜਦਕਿ ਉਨ੍ਹਾਂ ਦੇ ਕੁੱਝ ਕਾਊਂਸਲ ਕੁਲੀਗਜ਼ ਦਾ ਮੰਨਣਾ ਹੈ ਕਿ ਗਰਮੀਆਂ ਵਿੱਚ ਹੋਣ ਵਾਲੀਆਂ ਜ਼ਿਮਨੀ ਚੋਣਾਂ ਕਾਰਨ ਵੋਟਰਾਂ ਦੀ ਗਿਣਤੀ ਘੱਟ ਸਕਦੀ ਹੈ।

## ਬਰਫੀਲੇ ਤੂਫਾਨ ਕਾਰਨ ਟੋਰਾਂਟੋ ਤੇ ਜੀਟੀਏ ਵਿੱਚ ਪੈ ਸਕਦੀ ਹੈ 30 ਸੈਂਟੀਮੀਟਰ ਤੱਕ ਬਰਫ



ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਇੱਕ ਵਾਰੀ ਫਿਰ ਬਰਫੀਲੇ ਤੂਫਾਨ ਨੇ ਟੋਰਾਂਟੋ ਤੇ ਜੀਟੀਏ ਦੇ ਕਈ ਹਿੱਸਿਆਂ ਦੇ ਨਾਲ ਨਾਲ ਦੱਖਣੀ ਓਨਟਾਰੀਓ ਵਿੱਚ ਦਸਤਕ ਦੇ ਦਿੱਤੀ ਹੈ। ਇਸ ਦੌਰਾਨ ਬਰਫਬਾਰੀ ਦੇ ਨਾਲ ਨਾਲ ਭਾਰੀ ਮੀਂਹ ਪੈਣ ਦੀ ਸੰਭਾਵਨਾ ਵੀ ਪ੍ਰਗਟਾਈ ਗਈ ਹੈ।

ਐਨਵਾਇਰਮੈਂਟ ਕੈਨੇਡਾ ਵੱਲੋਂ ਸਿਟੀ ਲਈ ਜਾਰੀ ਕੀਤੀ ਗਈ ਚੇਤਾਵਨੀ ਵਿੱਚ ਦੱਸਿਆ ਗਿਆ ਕਿ ਬੁੱਧਵਾਰ ਨੂੰ ਮੀਂਹ ਪੈਣਾ ਸੁਰੂ ਹੋਵੇਗਾ ਤੇ ਇਹ ਵੀਰਵਾਰ ਤੱਕ ਜਾਰੀ ਰਹੇਗਾ ਤੇ ਇਸ ਦੌਰਾਨ ਡਰਾਈਵਿੰਗ ਲਈ ਹਾਲਾਤ ਸਾਜ਼ਗਾਰ ਨਹੀਂ ਹੋਣਗੇ। ਇਸ ਦੌਰਾਨ ਜੀਟੀਏ ਵਿੱਚ 20 ਤੋਂ 30 ਸੈਂਟੀਮੀਟਰ ਤੱਕ ਬਰਫ ਪੈਣ ਦੀ ਪੇਸ਼ੀਨਿਗੋਈ ਵੀ ਕੀਤੀ ਗਈ ਹੈ। ਹਾਲਟਨ ਤੇ ਪੀਲ ਵਿੱਚ ਵੀ 5 ਤੋਂ 10 ਸੈਂਟੀਮੀਟਰ ਬਰਫ ਪੈ ਸਕਦੀ ਹੈ।

ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਵੱਲੋਂ ਡਰਾਈਵਰਾਂ ਨੂੰ ਧਿਆਨ ਤੇ ਅਹਿਤਿਆਤ ਤੋਂ ਕੰਮ ਲੈਣ ਦੀ ਸਲਾਹ ਦਿੱਤੀ ਗਈ ਹੈ। ਇਹ ਵੀ ਆਖਿਆ ਗਿਆ ਕਿ ਜੀਟੀਏ ਦੇ ਉੱਤਰ ਤੇ ਪੂਰਬੀ ਹਿੱਸਿਆਂ ਵਿੱਚ 18 ਤੋਂ 25 ਸੈਂਟੀਮੀਟਰ ਸਨੋਅਫਾਲ ਹੋ ਸਕਦੀ ਹੈ। ਟੋਰਾਂਟੋ ਟਰਾਂਜ਼ਿਟ ਕਮਿਸ਼ਨ (ਟੀਟੀਸੀ) ਵੱਲੋਂ ਸ਼ਾਮੀਂ 7:00 ਵਜੇ ਤੋਂ ਹੀ ਸਕਾਰਬਰੋ ਐਸਆਰਟੀ ਬੰਦ ਕਰ ਦਿੱਤਾ ਜਾਵੇਗਾ ਤੇ ਲਾਈਨ 3 ਦੇ ਮੁੜ ਖੁੱਲ੍ਹਣ ਤੱਕ ਬੱਸਾਂ ਸੇਵਾਵਾਂ ਦੇਣਗੀਆਂ।

ਟੀਟੀਸੀ ਵੱਲੋਂ ਪਹਾੜੀ ਇਲਾਕਿਆਂ ਵਿੱਚ ਸਥਿਤ ਆਪਣੇ 41 ਬੱਸ ਸਟੌਪ 5:00 ਵਜੇ ਤੋਂ ਬੰਦ ਕਰ ਦਿੱਤੇ ਜਾਣਗੇ। ਇਸ ਦੌਰਾਨ ਕਈ ਸਕੂਲਾਂ ਨੂੰ ਬੰਦ ਕੀਤਾ ਗਿਆ ਹੈ ਤੇ ਕਈ ਸਕੂਲਾਂ ਦੀਆਂ ਬੱਸ ਸੇਵਾਵਾਂ ਰੱਦ ਕਰ ਦਿੱਤੀਆਂ ਗਈਆਂ ਹਨ।

## ਦੋ ਗੱਡੀਆਂ ਦੀ ਟੱਕਰ ਵਿੱਚ 4 ਜ਼ਖ਼ਮੀ

ਟੋਰਾਂਟੋ, 23 ਫਰਵਰੀ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਦੋ ਗੱਡੀਆਂ ਦੀ ਹੋਈ ਟੱਕਰ ਵਿੱਚ ਚਾਰ ਵਿਅਕਤੀ ਜ਼ਖ਼ਮੀ ਹੋ ਗਏ ਜਿਨ੍ਹਾਂ ਨੂੰ ਹਸਪਤਾਲ ਲਿਜਾਇਆ ਗਿਆ। ਟੋਰਾਂਟੋ ਪੁਲਿਸ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।




ਇਹ ਹਾਦਸਾ ਬੁੱਧਵਾਰ ਰਾਤੀਂ 9:30 ਵਜੇ ਤੋਂ ਪਹਿਲਾਂ ਐਗਲਿੰਟਨ ਐਵੇਨਿਊ ਤੇ ਡੌਨ ਮਿਲਜ਼ ਰੋਡ ਦੇ ਇੰਟਰਸੈਕਸ਼ਨ ਉੱਤੇ ਵਾਪਰਿਆ। ਪੈਰਾਮੈਡਿਕਸ ਦਾ ਕਹਿਣਾ ਹੈ ਕਿ 18 ਸਾਲਾਂ ਤੋਂ ਨਿੱਕੀ ਉਮਰ ਦੇ ਬੱਚੇ ਸਮੇਤ ਚਾਰ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ। ਪਰ ਸਾਰਿਆਂ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ। ਐਮਰਜੰਸੀ ਅਮਲੇ ਨੂੰ ਇੱਕ ਵਿਅਕਤੀ ਨੂੰ ਗੱਡੀ ਨੂੰ ਕੱਟ ਕੇ ਬਾਹਰ ਕੱਢਣਾ ਪਿਆ।

ਇਸ ਇਲਾਕੇ ਦੀਆਂ ਰੋਡਜ਼ ਨੂੰ ਲੰਮੇਂ ਸਮੇਂ ਲਈ ਬੰਦ ਕਰ ਦਿੱਤਾ ਗਿਆ ਸੀ ਪਰ ਬਾਅਦ ਵਿੱਚ ਖੋਲ੍ਹ ਦਿੱਤਾ ਗਿਆ।

## ਛੁਰੇਬਾਜ਼ੀ ਦੇ ਦੋਸ਼ ਵਿੱਚ ਇੱਕ ਗ੍ਰਿਫਤਾਰ

ਟੋਰਾਂਟੋ, 23 ਫਰਵਰੀ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਦੇ ਹੋਟਲ ਵਿੱਚ ਛੁਰੇਬਾਜ਼ੀ ਦੀ ਘਟਨਾ ਤੋਂ ਬਾਅਦ ਇੱਕ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹੋ ਗਿਆ ਤੇ ਇੱਕ ਹੋਰ ਵਿਅਕਤੀ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲੈ ਲਿਆ ਗਿਆ।




ਟੋਰਾਂਟੋ ਪੁਲਿਸ ਨੂੰ ਮੰਗਲਵਾਰ ਰਾਤੀਂ 10:30 ਤੋਂ ਪਹਿਲਾਂ ਯੰਗ ਤੇ ਗੇਰਾਰਡ ਸਟਰੀਟਸ ਇਲਾਕੇ ਵਿੱਚ ਸਥਿਤ ਚੈਲਸੀਆ ਹੋਟਲ ਵਿੱਚ ਸੱਦਿਆ ਗਿਆ। ਪੁਲਿਸ ਨੂੰ ਇਸ ਇਲਾਕੇ ਵਿੱਚ ਕਿਸੇ ਨੂੰ ਚਾਕੂ ਮਾਰੇ ਜਾਣ ਦੀ ਖਬਰ ਮਿਲੀ ਸੀ। ਪੁਲਿਸ ਅਧਿਕਾਰੀਆਂ ਨੂੰ ਇੱਕ ਵਿਅਕਤੀ ਬੁਰੀ ਤਰ੍ਹਾਂ ਜ਼ਖ਼ਮੀ ਹਾਲਤ ਵਿੱਚ ਮਿਲਿਆ। ਉਸ ਨੂੰ ਲੋਕਲ ਹਸਪਤਾਲ ਪਹੁੰਚਾਇਆ ਗਿਆ ਪਰ ਉਸ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ।

ਪੁਲਿਸ ਨੇ ਇਹ ਨਹੀਂ ਦੱਸਿਆ ਕਿ ਉਹ ਵਿਅਕਤੀ ਹੋਟਲ ਵਿੱਚ ਰਹਿ ਰਿਹਾ ਸੀ ਜਾਂ ਨਹੀਂ। ਮਸ਼ਕੂਕ ਮੌਕੇ ਤੋਂ ਫਰਾਰ ਹੋ ਗਿਆ ਪਰ ਪੁਲਿਸ ਅਧਿਕਾਰੀਆਂ ਨੇ ਉਸ ਨੂੰ ਕੁੱਝ ਸਮੇਂ ਬਾਅਦ ਹੀ ਗ੍ਰਿਫਤਾਰ ਕਰ ਲਿਆ। ਪੁਲਿਸ ਨੇ ਦੱਸਿਆ ਕਿ ਉਹ ਵਿਅਕਤੀ ਆਪਣੇ 20ਵਿਆਂ ਵਿੱਚ ਸੀ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਨਸ਼ਿਆਂ ਤੇ ਹਥਿਆਰਾਂ ਦੀ ਸਮਗਲਿੰਗ ਲਈ 26 ਵਿਅਕਤੀਆਂ ਨੂੰ ਕੀਤਾ ਚਾਰਜ

...ਪੰਨਾ 1 ਦਾ ਬਾਕੀ

ਇਸ ਸਬੰਧ ਵਿੱਚ 22 ਜਨਵਰੀ ਨੂੰ ਇੱਕ ਸਾਂਝਾ ਆਪਰੇਸ਼ਨ ਸ਼ੁਰੂ ਕੀਤਾ ਗਿਆ ਜਿਸ ਵਿੱਚ ਆਰਗੇਨਾਈਜ਼ਡ ਕ੍ਰਾਈਮ ਐਨਫੋਰਸਮੈਂਟ ਬਿਊਰੋ, ਪ੍ਰੋਵਿੰਸ਼ੀਅਲ ਆਪਰੇਸ਼ਨਜ਼ ਇੰਟੈਲੀਜੈਂਸ ਬਿਊਰੋ, ਟੋਰਾਂਟੋ ਪੁਲਿਸ ਸਰਵਿਸ ਤੇ ਬੈਲੇਵਿੱਲ ਪੁਲਿਸ ਸਰਵਿਸ ਨੇ ਹਿੱਸਾ ਲਿਆ। ਇਸ ਦੌਰਾਨ ਗੈਰਕਾਨੂੰਨੀ ਨਸ਼ਿਆਂ ਦੀ ਵੱਡੀ ਮਾਤਰਾ ਬਰਾਮਦ ਕੀਤੀ ਗਈ। ਬਰਾਮਦ ਕੀਤੇ ਗਏ ਨਸ਼ਿਆਂ ਵਿੱਚ ਇੱਕ ਕਿੱਲੋ ਤੋਂ ਵੱਧ ਫੈਂਟਾਨਿਲ, 6 ਕਿੱਲੋ ਮੈਥਾਮਫੈਟਾਮਾਈਨ ਤੇ 16 ਕਿੱਲੋ ਕੋਕੀਨ ਸ਼ਾਮਲ ਸਨ। ਇਸ ਦੇ ਨਾਲ ਹੀ ਜੁਰਮ ਤੋਂ ਹਾਸਲ ਹੋਈ 370,000 ਡਾਲਰ ਕੈਨੇਡੀਅਨ ਕਰੰਸੀ ਵੀ ਬਰਾਮਦ ਕੀਤੀ ਗਈ।

ਮੈਕੇਅ ਨੇ ਦੱਸਿਆ ਕਿ ਪੁਲਿਸ ਨੂੰ ਦਰਜਨਾਂ ਹਥਿਆਰ, ਜਿਨ੍ਹਾਂ ਵਿੱਚ ਚੋਰੀ ਦੀਆਂ ਤੇ 3ਡੀ ਪ੍ਰਿੰਟਿਡ ਗੰਨਜ਼ ਵੀ ਮਿਲੀਆਂ, ਤੇ ਗੋਲੀ ਸਿੱਕਾ ਮਿਲਿਆ। ਇਸ ਤੋਂ ਇਲਾਵਾ 10 ਗੱਡੀਆਂ, ਬਾਕੀ ਆਰਮਰ ਤੇ 150,000 ਡਾਲਰ ਮੁੱਲ ਦੇ ਗਹਿਣੇ ਵੀ ਬਰਾਮਦ ਕੀਤੇ ਗਏ। ਓਪੀਪੀ ਨੇ ਦੱਸਿਆ ਕਿ ਇਸ ਸਬੰਧ ਵਿੱਚ ਫੜ੍ਹੇ ਗਏ ਵਿਅਕਤੀਆਂ ਖਿਲਾਫ ਨਸ਼ਿਆਂ ਤੇ ਹਥਿਆਰਾਂ ਦੀ ਸਮਗਲਿੰਗ, ਕ੍ਰਿਮੀਨਲ ਆਰਗੇਨਾਈਜ਼ੇਸ਼ਨਜ਼ ਨਾਲ ਸਬੰਧ ਰੱਖਣ, ਸਾਜ਼ਿਸ਼ਾਂ ਕਰਨ ਤੇ ਜੁਰਮ ਨਾਲ ਕਮਾਈ ਗਈ ਪ੍ਰਾਪਰਟੀ ਰੱਖਣ ਦੇ ਚਾਰਜਿਜ਼ ਲਾਏ ਗਏ ਹਨ। ਇਹ ਵੀ ਦੱਸਿਆ ਗਿਆ ਕਿ ਜਾਂਚ ਅਜੇ ਵੀ ਚੱਲ ਰਹੀ ਹੈ ਤੇ ਅਜੇ ਹੋਰ ਚਾਰਜਿਜ਼ ਵੀ ਲਾਏ ਜਾ ਸਕਦੇ ਹਨ।

ਓਪੀਪੀ ਨੇ ਦੱਸਿਆ ਕਿ ਇਸ ਜਾਂਚ ਦੌਰਾਨ ਫੈਡਰਲ ਤੇ ਕੌਮਾਂਤਰੀ ਭਾਈਵਾਲਾਂ ਜਿਵੇਂ ਕਿ ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ ਤੇ ਯੂਐਸ ਡਰੱਗ ਐਨਫੋਰਸਮੈਂਟ ਐਡਮਨਿਸਟ੍ਰੇਸ਼ਨ ਵੱਲੋਂ ਵੀ ਮਦਦ ਕੀਤੀ ਗਈ।

## ਹਿੰਸਕ ਕਾਰਜੈਕਿੰਗ ਕਰਨ ਵਾਲੇ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ

ਮਿਲਟਨ, 23 ਫਰਵਰੀ (ਪੋਸਟ ਬਿਊਰੋ) : ਚੋਰੀ ਦੇ ਟਰੱਕ ਵਿੱਚ ਕਈ ਜੁਰਮਾਂ ਨੂੰ ਅੰਜਾਮ ਦੇਣ ਵਾਲੇ ਦੋ ਮਸ਼ਕੂਕਾਂ ਦੀ ਹਾਲਟਨ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਸੀ ਕਿ ਉਨ੍ਹਾਂ ਨੇ ਮਿਲਟਨ ਵਿੱਚ ਇੱਕ ਹੋਰ ਹਿੰਸਕ ਕਾਰਜੈਕਿੰਗ ਕਰ ਲਈ।

ਮੰਗਲਵਾਰ ਨੂੰ ਪੁਲਿਸ ਅਧਿਕਾਰੀਆਂ ਨੇ ਇੱਕ ਚੋਰੀ ਦੇ ਪਿੱਕਅਪ ਟਰੱਕ ਨੂੰ ਡੈਰੀ ਰੋਡ ਤੇ ਹੋਲੀ ਐਵੇਨਿਊ ਇਲਾਕੇ ਵਿੱਚ ਸਵੇਰੇ 9:30 ਵਜੇ ਦੇ ਨੇੜੇ ਤੇੜੇ ਬੇਤਰਤੀਬੇ ਢੰਗ ਨਾਲ ਜਾਂਦਿਆਂ ਵੇਖਿਆ। ਇਹ ਟਰੱਕ 2014 ਮਾਡਲ ਦਾ ਫੋਰਡ ਐਫ150 ਸੀ, ਜਿਸਦੇ 7 ਜਨਵਰੀ ਨੂੰ ਪੀਲ ਰੀਜਨ ਵਿੱਚ ਚੋਰੀ ਹੋਣ ਦੀ ਰਿਪੋਰਟ ਦਰਜ ਕਰਵਾਈ ਗਈ ਸੀ। ਜਾਂਚਕਾਰਾਂ ਨੇ ਦੱਸਿਆ ਕਿ ਪਹਿਲਾਂ ਇਹ ਟਰੱਕ ਇੱਕ ਪੁਲਿਸ ਕਰੂਜ਼ਰ ਕੋਲ ਆਇਆ ਤੇ ਫਿਰ ਤੇਜ਼ ਰਫਤਾਰ ਨਾਲ ਇਲਾਕੇ ਤੋਂ ਫਰਾਰ ਹੋ ਗਿਆ। ਇਸ ਤੋਂ ਕੁੱਝ ਦੇਰ ਬਾਅਦ ਇਹ ਟਰੱਕ ਦੋ ਹਿੱਟ ਐਂਡ ਰੰਨ ਮਾਮਲਿਆਂ ਵਿੱਚ ਸ਼ਾਮਲ ਹੋਇਆ ਤੇ ਮਸ਼ਕੂਕਾਂ ਨੂੰ ਇਸ ਟਰੱਕ ਨੂੰ ਗਲਤ ਢੰਗ ਨਾਲ ਡਰਾਈਵ ਕਰਦਿਆਂ ਵੀ ਕਈ ਵਾਰੀ ਵੇਖਿਆ ਗਿਆ।


ਸਵੇਰੇ 9:35 ਉੱਤੇ ਬ੍ਰੌਂਟ ਤੇ ਮੇਨ ਸਟਰੀਟ ਨੇੜੇ ਗੈਸ ਸਟੇਸ਼ਨ ਤੋਂ ਮਸ਼ਕੂਕਾਂ ਨੇ ਟਰੱਕ ਵਿੱਚ ਗੈਸ ਭਰੀ ਤੇ ਫਿਰ ਕਥਿਤ ਤੌਰ ਉੱਤੇ ਪੈਸੇ ਦਿੱਤੇ ਬਿਨਾਂ ਹੀ ਉਹ ਟਰੱਕ ਭਜਾ ਕੇ ਲੈ ਗਏ। ਫਿਰ ਇਹ ਟਰੱਕ ਨੇੜੇ ਹੀ ਸਥਿਤ ਸਕੂਲ ਦੀ ਫੈਂਸ ਨੂੰ ਤੋੜਦਾ ਹੋਇਆ ਪਲੇਅਗ੍ਰਾਊਂਡ ਵਿੱਚ ਦਾਖਲ ਹੋ ਗਿਆ ਤੇ ਬੱਚੇ ਉੱਥੇ ਖੇਡ ਰਹੇ ਸਨ। ਪੁਲਿਸ ਨੇ ਦੱਸਿਆ ਕਿ ਇਸ ਸਾਰੇ ਘਟਨਾਕ੍ਰਮ ਵਿੱਚ ਕਿਸੇ ਨੂੰ ਕੋਈ ਸੱਟ ਫੇਟ ਨਹੀਂ ਲੱਗੀ।



ਕੁੱਝ ਮਿੰਟ ਬਾਅਦ ਹੀ ਪੁਲਿਸ ਅਧਿਕਾਰੀਆਂ ਨੂੰ ਲੁਈ ਸੇਂਟ ਲਾਰੈਂਟ ਐਵੇਨਿਊ ਤੇ ਥਾਂਪਸਨ ਰੋਡ ਇਲਾਕੇ ਵਿੱਚ ਸਥਿਤ ਇੱਕ ਗ੍ਰੌਸਰੀ ਸਟੋਰ ਦੇ ਪਾਰਕਿੰਗ ਲੌਟ ਵਿੱਚ ਕਾਰਜੈਕਿੰਗ ਦੀਆਂ ਖਬਰਾਂ ਮਿਲੀਆਂ। ਜਾਂਚਕਾਰਾਂ ਨੇ ਦੱਸਿਆ ਕਿ ਇਸੇ ਚੋਰੀ ਦੇ ਟਰੱਕ ਨੇ ਪਾਰਕਿੰਗ ਲੌਟ ਵਿੱਚ ਇੱਕ ਹੌਂਡਾ ਸੀਆਰਵੀ ਨੂੰ ਟੱਕਰ ਮਾਰ ਦਿੱਤੀ। ਫਿਰ ਦੋ ਮਸ਼ਕੂਕ ਟਰੱਕ ਵਿੱਚੋਂ ਉਤਰੇ ਤੇ ਉਨ੍ਹਾਂ ਹੌਂਡਾ ਦੀ ਖਿੜਕੀ ਡਰਾਈਵਰ ਸੀਟ ਵੱਲੋਂ ਤੋੜ ਦਿੱਤੀ।

ਫਿਰ ਦੋਵਾਂ ਮਸ਼ਕੂਕਾਂ ਨੇ ਡਰਾਈਵਰ ਸੀਟ ਉੱਤੇ ਬੈਠੀ ਮਹਿਲਾ ਨੂੰ ਖਿੱਚ ਕੇ ਬਾਹਰ ਕੱਢਿਆ ਤੇ ਗੱਡੀ ਵਿੱਚ ਸਵਾਰ ਹੋ ਕੇ ਉੱਥੋਂ ਫਰਾਰ ਹੋ ਗਏ। ਮਹਿਲਾ ਨੂੰ ਬਹੁਤੀਆਂ ਸੱਟਾਂ ਨਹੀਂ ਲੱਗੀਆਂ ਪਰ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਉਸੇ ਦਿਨ ਦੁਪਹਿਰੇ 3:00 ਵਜੇ ਪੁਲਿਸ ਨੂੰ ਇਹ ਚੋਰੀ ਕੀਤੀ ਗਈ ਹੌਂਡਾ ਸੀਆਰਵੀ ਬਰੈਂਪਟਨ ਵਿੱਚ ਲਾਵਾਰਿਸ ਖੜ੍ਹੀ ਮਿਲੀ। ਪੁਲਿਸ ਵੱਲੋਂ ਦੋ ਮਸ਼ਕੂਕਾਂ ਦੀ ਭਾਲ ਕੀਤੀ ਜਾ ਰਹੀ ਹੈ, ਜਿਨ੍ਹਾਂ ਵਿੱਚੋਂ ਇੱਕ ਮਸ਼ਕੂਕ ਗੋਰਾ ਦੱਸਿਆ ਜਾਂਦਾ ਹੈ , ਜਿਸਦਾ ਕੱਦ ਛੇ ਫੁੱਟ ਦੋ ਇੰਚ ਹੈ ਤੇ ਉਹ ਪਤਲਾ ਹੈ। ਉਸ ਨੂੰ ਆਖਰੀ ਵਾਰੀ ਗ੍ਰੇਅ ਸਵੈਟਰ ਪਾਇਆਂ ਵੇਖਿਆ ਗਿਆ।

ਦੂਜਾ ਮਸ਼ਕੂਕ ਵੀ ਗੋਰਾ ਦੱਸਿਆ ਜਾਂਦਾ ਹੈ ਜਿਹੜਾ ਆਪਣੇ 20ਵਿਆਂ ਦੇ ਅਖੀਰ ਵਿੱਚ ਹੈ ਤੇ ਉਸ ਦੇ ਕਾਲੇ ਵਾਲ ਹਨ। ਉਸ ਨੂੰ ਆਖਰੀ ਵਾਰੀ ਕਾਲੀ ਹੁੱਡੀ ਪਾਇਆਂ ਵੇਖਿਆ ਗਿਆ। ਪੁਲਿਸ ਵੱਲੋਂ ਇੱਕ ਮਸ਼ਕੂਕ ਦੀ ਤਸਵੀਰ ਵੀ ਜਾਰੀ ਕੀਤੀ ਗਈ ਹੈ।



## ਓਨਟਾਰੀਓ ਦੇ ਹੈਲਥ ਕੇਅਰ ਸੁਧਾਰ ਬਿੱਲ ਉੱਤੇ ਬਾਰੀਕੀ ਨਾਲ ਨਜ਼ਰ ਰੱਖ ਰਹੀ ਹੈ ਫੈਡਰਲ ਸਰਕਾਰ

ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਫੈਡਰਲ ਸਰਕਾਰ ਦਾ ਕਹਿਣਾ ਹੈ ਕਿ ਉਹ ਓਨਟਾਰੀਓ ਦੇ ਨਵੇਂ ਹੈਲਥ ਕੇਅਰ ਸੁਧਾਰ ਸਬੰਧੀ ਬਿੱਲ ਦਾ ਬੜੀ ਬਾਰੀਕੀ ਨਾਲ ਮੁਆਇਨਾ ਕਰ ਰਹੀ ਹੈ। ਜ਼ਿਕਰਯੋਗ ਹੈ ਕਿ ਇਸ ਸੁਧਾਰ ਤਹਿਤ ਓਨਟਾਰੀਓ ਸਰਕਾਰ ਵੱਲੋਂ ਪ੍ਰਾਈਵੇਟ ਕਲੀਨਿਕਸ ਵਿੱਚ ਨਿਵੇਸ਼ ਕੀਤਾ ਜਾਵੇਗਾ।

ਇੱਕ ਬਿਆਨ ਵਿੱਚ ਸਿਹਤ ਮੰਤਰੀ ਜੀਨ-ਯਵੇਸ ਡਕਲਸ ਦੇ ਆਫਿਸ ਨੇ ਆਖਿਆ ਕਿ ਉਨ੍ਹਾਂ ਦੀ ਸਰਕਾਰ ਉਨ੍ਹਾਂ ਕੈਨੇਡੀਅਨਜ਼ ਦੀਆਂ ਚਿੰਤਾਵਾਂ ਨਾਲ ਇਤਫਾਕ ਰੱਖਦੀ ਹੈ ਜਿਹੜੇ ਪਬਲਿਕ ਹੈਲਥ ਕੇਅਰ ਦੀ ਹਿਫਾਜ਼ਤ ਦੇ ਨਾਲ ਨਾਲ ਇਸ ਨੂੰ ਮਜ਼ਬੂਤ ਵੀ ਕਰਨਾ ਚਾਹੁੰਦੇ ਹਨ। ਜਿਸ ਬਿੱਲ, ਯੂਅਰ ਹੈਲਥ ਐਕਟ, ਬਾਰੇ ਗੱਲ ਕੀਤੀ ਜਾ ਰਹੀ ਹੈ ਉਸ ਵਿੱਚ ਆਜ਼ਾਦਾਨਾ ਕਲੀਨਿਕਸ ਨੂੰ ਓਐਚਆਈਪੀ ਵਾਲੀਆਂ ਸਰਜਰੀਜ਼ ਤੇ ਡਾਇਗਨੌਸਟਿਕ ਪ੍ਰੋਸੀਜ਼ਰ ਕਰਨ ਦੀ ਖੁੱਲ੍ਹ ਹੋਵੇਗੀ, ਜਿਨ੍ਹਾਂ ਵਿੱਚ ਐਮਆਰਆਈ ਤੇ ਸੀਟੀ ਸਕੈਨਜ਼, ਕੈਟਾਰੈਕਟ ਸਰਜਰੀਆਂ, ਮਾਮੂਲੀ ਗਾਇਨੋਕਾਲੋਜੀਕਲ ਸਰਜਰੀਜ਼ ਤੇ ਇਸ ਦੇ ਨਾਲ ਹੀ ਗੋਡਿਆਂ ਤੇ ਚੂਲੇ ਦੇ ਆਪਰੇਸ਼ਨ ਵੀ ਸ਼ਾਮਲ ਹੋਣਗੇ।

ਵਿਰੋਧੀ ਧਿਰਾਂ ਦਾ ਕਹਿਣਾ ਹੈ ਕਿ ਇਸ ਨਾਲ ਦੂਹਰਾ ਹੈਲਥ ਕੇਅਰ ਸਿਸਟਮ ਬਣ ਜਾਵੇਗਾ ਤੇ ਅਗਾਂਹ ਵੀ ਹੈਲਥ ਕੇਅਰ ਦਾ ਹੋਰ ਨਿਜੀਕਰਣ ਹੋ ਜਾਵੇਗਾ। ਇਸ ਸਬੰਧ ਵਿੱਚ ਜਨਵਰੀ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਆਖਿਆ ਸੀ ਕਿ ਪ੍ਰੀਮੀਅਰ ਫੋਰਡ ਦੇ ਪ੍ਰਸਤਾਵ ਤੋਂ ਉਹ ਵਾਕਫ ਹਨ। ਉਨ੍ਹਾਂ ਵੀ ਇਹੋ ਆਖਿਆ ਸੀ ਕਿ ਫੈਡਰਲ ਸਰਕਾਰ ਇਸ ਉੱਤੇ ਨਜ਼ਰ ਰੱਖ ਰਹੀ ਹੈ ਤੇ ਸਾਡਾ ਟੀਚਾ ਸਾਰੇ ਲੋਕਾਂ ਤੱਕ ਹੈਲਥ ਕੇਅਰ ਸਹੂਲਤਾਂ ਮੁਹੱਈਆ ਕਰਵਾਉਣਾ ਹੈ।

## ਬਿਲਡਿੰਗ ਵਿੱਚ ਅੱਗ ਲੱਗਣ ਕਾਰਨ ਇੱਕ ਵਿਅਕਤੀ ਦੀ ਹੋਈ ਮੌਤ

ਬਰੈਂਪਟਨ, 23 ਫਰਵਰੀ (ਪੋਸਟ ਬਿਊਰੋ) : ਬਰੈਂਪਟਨ ਵਿੱਚ ਇੱਕ ਰਿਹਾਇਸ਼ੀ ਬਿਲਡਿੰਗ ਵਿੱਚ ਅੱਗ ਲੱਗ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ।




ਸੋਮਵਾਰ ਨੂੰ ਸਵੇਰੇ 8:20 ਦੇ ਨੇੜੇ ਤੇੜੇ ਐਮਰਜੰਸੀ ਅਮਲੇ ਨੂੰ ਕੈਨੇਡੀ ਰੋਡ ਤੇ ਤੁਲਾਮੋਰ ਰੋਡਜ਼ ਨੇੜੇ ਸਥਿਤ ਬਿਲਡਿੰਗ ਵਿੱਚ ਅੱਗ ਲੱਗਣ ਦੀ ਜਾਣਕਾਰੀ ਦੇ ਕੇ ਸੱਦਿਆ ਗਿਆ। ਪੀਲ ਪੁਲਿਸ ਨੇ ਇਸ ਗੱਲ ਦੀ ਪੁਸ਼ਟੀ ਕੀਤੀ ਕਿ ਇੱਕ ਵਿਅਕਤੀ ਦੇ ਇਸ ਅੱਗ ਵਿੱਚ ਝੁਲਸ ਜਾਣ ਕਾਰਨ ਉਸ ਨੂੰ ਹਸਪਤਾਲ ਲਿਜਾਇਆ ਗਿਆ। ਪਰ ਬਾਅਦ ਵਿੱਚ ਉਸ ਨੂੰ ਮ੍ਰਿਤਕ ਐਲਾਨ ਦਿੱਤਾ ਗਿਆ।

ਅਜੇ ਤੱਕ ਅੱਗ ਲੱਗਣ ਦੇ ਕਾਰਨਾਂ ਦਾ ਪਤਾ ਨਹੀਂ ਲੱਗ ਸਕਿਆ ਹੈ। ਪੁਲਿਸ ਵੱਲੋਂ ਮੋਟਰਿਸਟਸ ਨੂੰ ਇਸ ਇਲਾਕੇ ਵੱਲ ਨਾ ਜਾਣ ਦੀ ਸਲਾਹ ਦਿੱਤੀ ਗਈ ਹੈ।

## ਯੂਕਰੇਨ ਨੇ ਰੇਲ ਲਾਈਨਾਂ ਦੀ ਮੁਰੰਮਤ ਲਈ ਕੈਨੇਡਾ ਤੋਂ ਮੱਦਦ ਦੀ ਕੀਤੀ ਅਪੀਲ



ਯੂਕਰੇਨ, 23 ਫਰਵਰੀ (ਪੋਸਟ ਬਿਊਰੋ) : ਦੇਸ਼ ਦੀ ਸਾਹਰਗ ਮੰਨੀਆਂ ਜਾਣ ਵਾਲੀਆਂ ਰੇਲਵੇਅ ਦੀਆਂ ਲਾਈਨਾਂ ਲੈਂਡਮਾਈਨਜ਼ ਤੇ ਮਿਜ਼ਾਈਲਾਂ ਦੇ ਹਮਲੇ ਕਾਰਨ ਤਬਾਹ ਹੋਣ ਦਾ ਖਤਰਾ ਹੋਣ ਕਾਰਨ ਯੂਕਰੇਨ ਵੱਲੋਂ ਕੈਨੇਡਾ ਨੂੰ ਰੇਲਵੇ ਦੇ ਅਹਿਮ ਹਿੱਸੇ ਦਾਨ ਕਰਨ ਦੀ ਅਪੀਲ ਕੀਤੀ ਜਾ ਰਹੀ ਹੈ। ਯੂਕਰੇਨ ਦਾ ਕਹਿਣਾ ਹੈ ਕਿ ਇਨ੍ਹਾਂ ਰੇਲ ਲਾਈਨਾਂ ਦੇ ਤਬਾਹ ਹੋਣ ਦੇ ਖਦਸ਼ੇ ਨਾਲ ਯਾਤਰੀਆਂ ਤੇ ਸਾਜ਼ੋ ਸਮਾਨ ਨੂੰ ਇੱਕ ਥਾਂ ਤੋਂ ਦੂਜੀ ਥਾਂ ਲਿਜਾਣਾ ਕਾਫੀ ਮੁਸ਼ਕਲ ਹੋ ਜਾਵੇਗਾ।

ਜੰਗ ਦੌਰਾਨ ਰੇਲ ਸਿਸਟਮ ਦਾ ਸਹੀ ਰਹਿਣਾ ਕਾਫੀ ਮਾਇਨੇ ਰੱਖਦਾ ਹੈ। ਪਿਛਲੇ ਸਾਲ ਇਸ ਅਰਸੇ ਦੌਰਾਨ ਸੁਰੂ ਹੋਈ ਇਸ ਜੰਗ ਵਿੱਚ ਰੇਲਵੇ ਨੇ ਕਾਫੀ ਅਹਿਮ ਭੂਮਿਕਾ ਨਿਭਾਈ ਵੀ ਹੈ। ਰੇਲਗੱਡੀਆਂ ਦਾ ਸਹਾਰਾ ਲੈ ਕੇ ਕਈ ਮਿਲੀਅਨ ਲੋਕ ਸੁਰੱਖਿਅਤ ਥਾਂਵਾਂ ਉੱਤੇ ਤੇ ਗੁਆਂਢੀ ਦੇਸ਼ਾਂ ਉੱਤੇ ਪਹੁੰਚ ਸਕੇ। ਹਜ਼ਾਰਾਂ ਦੀ ਗਿਣਤੀ ਵਿੱਚ ਜ਼ਖ਼ਮੀ ਸੈਨਿਕਾਂ ਤੇ ਆਮ ਲੋਕਾਂ ਨੂੰ ਦੇਸ਼ ਦੇ ਸੁਰੱਖਿਅਤ ਹਿੱਸਿਆਂ ਵਿੱਚ ਸਥਿਤ ਹਸਪਤਾਲਾਂ ਵਿੱਚ ਪਹੁੰਚਾਇਆ ਜਾ ਸਕਿਆ।

ਯੂਕਰੇਨੀਅਨ ਰੇਲਵੇਜ਼ ਪੈਸੰਜਰ ਕੰਪਨੀ ਦੇ ਸੀਈਓ ਓਲੇਕਸੈਂਡਰ ਪਰਸੋਵਸਕੀ ਨੇ ਆਖਿਆ ਕਿ ਰੇਲਾਂ ਤੇ ਹੋਰ ਅਹਿਮ ਬੁਨਿਆਦੀ ਢਾਂਚੇ ਉੱਤੇ ਲਗਾਤਾਰ ਰੂਸ ਵੱਲੋਂ ਕੀਤੇ ਜਾ ਰਹੇ ਹਮਲਿਆਂ ਕਾਰਨ 20 ਫੀ ਸਦੀ ਸਿਸਟਮ ਵਰਤੋਂਯੋਗ ਨਹੀਂ ਰਿਹਾ ਹੈ। ਉਨ੍ਹਾਂ ਆਖਿਆ ਕਿ ਹੁਣ ਤੱਕ 300 ਤੋਂ ਵੱਧ ਰੇਲ ਵਰਕਰ ਵੀ ਇਨ੍ਹਾਂ ਹਮਲਿਆਂ ਕਾਰਨ ਮਾਰੇ ਜਾ ਚੁੱਕੇ ਹਨ।

ਯੂਕਰੇਨ ਵਿੱਚ ਸਰਕਾਰੀ ਰੇਲ ਕੰਪਨੀ ਕੰਮ ਕਰਦੀ ਹੈ ਤੇ ਇਸ ਨੂੰ ਯੂਕਰਜ਼ਾਲੀਜ਼ਨਿਤਸੀਆ ਵਜੋਂ ਜਾਣਿਆ ਜਾਂਦਾ ਹੈ। ਜੋ ਨੁਕਸਾਨਿਆ ਗਿਆ ਹੈ ਕੰਪਨੀ ਉਸ ਵਿੱਚ ਹੀ ਸੁਧਾਰ ਨਹੀਂ ਚਾਹੁੰਦੀ ਸਗੋਂ ਮਾਡਰਨ ਸਿਸਟਮ ਵੀ ਤਿਆਰ ਕਰਨਾ ਚਾਹੁੰਦੀ ਹੈ। ਇਸ ਲਈ ਉਸ ਵੱਲੋਂ ਕੈਨੇਡਾ ਤੋਂ ਮਦਦ ਮੰਗੀ ਜਾ ਰਹੀ ਹੈ।

## ਦੋ ਵਿਅਕਤੀਆਂ ਨੂੰ ਗੋਲੀ ਮਾਰਨ ਮਗਰੋਂ ਸ਼ੂਟਰ ਫਰਾਰ

ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਪੈਰਾਮੈਡਿਕਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਨੌਰਥ ਯੌਰਕ ਵਿੱਚ ਦੋ ਵਿਅਕਤੀਆਂ ਨੂੰ ਗੋਲੀ ਮਾਰੇ ਜਾਣ ਕਾਰਨ ਉਹ ਜ਼ਖ਼ਮੀ ਹੋ ਗਏ।



ਇਹ ਘਟਨਾ ਸਟੀਲਜ਼ ਐਵੇਨਿਊ ਦੇ ਦੱਖਣ ਵੱਲ ਜੇਨ ਸਟਰੀਟ ਨੇੜੇ 9 ਸ਼ੋਰਹੈਮ ਕੋਰਟ ਦੇ ਪਾਰਕਿੰਗ ਲੌਟ ਵਿੱਚ ਦੁਪਹਿਰੇ 4:00 ਵਜੇ ਤੋਂ ਪਹਿਲਾਂ ਵਾਪਰੀ। ਇਹ ਵੀ ਪਤਾ ਲੱਗਿਆ ਹੈ ਕਿ ਸ਼ੂਟਰ ਕਾਲੇ ਰੰਗ ਦੀ ਐਸਯੂਵੀ ਚਲਾ ਰਿਹਾ ਸੀ ਤੇ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਉੱਥੋਂ ਫਰਾਰ ਹੋ ਗਿਆ। ਦੋਵਾਂ ਜ਼ਖ਼ਮੀ ਵਿਅਕਤੀਆਂ ਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਉਨ੍ਹਾਂ ਦੀ ਹਾਲਤ ਸਥਿਰ ਦੱਸੀ ਜਾਂਦੀ ਹੈ।

## ਫੈਂਸ ਤੇ ਗੈਸ ਲਾਈਨ ਨਾਲ ਗੱਡੀ ਟਕਰਾ ਜਾਣ ਕਾਰਨ ਗੈਸ ਹੋਈ ਲੀਕ

ਟੋਰਾਂਟੋ, 23 ਫਰਵਰੀ (ਪੋਸਟ ਬਿਊਰੋ) : ਇੱਕ ਗੱਡੀ ਦੇ ਫੈਂਸ ਤੇ ਗੈਸ ਲਾਈਨ ਨਾਲ ਟਕਰਾ ਜਾਣ ਕਾਰਨ ਰੇਜ਼ਬੈਂਕ ਡਰਾਈਵ ਤੇ ਮਾਰਖਮ ਰੋਡ ਏਰੀਆ ਨੇੜੇ ਗੈਸ ਲੀਕ ਹੋਣ ਦੀ ਸ਼ਿਕਾਇਤ ਮਿਲੀ।




ਟੋਰਾਂਟੋ ਪੁਲਿਸ ਤੇ ਫਾਇਰ ਸਰਵਿਸਿਜ਼ ਦੁਪਹਿਰੇ 2:00 ਵਜੇ ਮੌਕੇ ਉੱਤੇ ਪਹੁੰਚੇ ਕਿਉਂਕਿ ਗੈਸ ਲੀਕ ਕਾਰਨ ਨੇੜਲੀਆਂ ਇਮਾਰਤਾਂ ਨੂੰ ਖਾਲੀ ਕਰਵਾ ਲਿਆ ਗਿਆ। ਇਨ੍ਹਾਂ ਬਿਲਡਿੰਗਜ਼ ਨੂੰ ਖਾਲੀ ਕਰਨ ਵਾਲੇ ਲੋਕਾਂ ਨੂੰ ਨੇੜੇ ਹੀ ਡੌਕਯਾਰਡ ਵਿੱਚ ਪਨਾਹ ਦਿੱਤੀ ਗਈ। ਨੈਸ਼ਨਲ ਗੈਸ ਕੰਪਨੀ ਐਨਬ੍ਰਿੱਜ ਨੇ ਆਖਿਆ ਕਿ ਗੈਸ ਲੀਕੇਜ ਨੂੰ ਰੋਕਣ ਲਈ ਕੁੱਝ ਘੰਟਿਆਂ ਦਾ ਸਮਾਂ ਲੱਗ ਸਕਦਾ ਹੈ ਕਿਉਂਕਿ ਗੈਸ ਬੰਦ ਕਰਨ ਲਈ ਉਨ੍ਹਾਂ ਨੂੰ ਵਾਲਵ ਤੱਕ ਪਹੁੰਚਣਾ ਪਵੇਗਾ।

ਇਸ ਘਟਨਾ ਕਾਰਨ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ ਕਿਉਂਕਿ ਇਸ ਇਲਾਕੇ ਦੀਆਂ ਸਾਰੀਆਂ ਸੜਕਾਂ ਸਮਾਂ ਰਹਿੰਦਿਆਂ ਹੀ ਬੰਦ ਕਰ ਦਿੱਤੀਆਂ ਗਈਆਂ ਸਨ।

## ਮਾਰਡੀ ਗ੍ਰਾ ਪਰੇਡ ਦੌਰਾਨ ਚੱਲੀਆਂ ਗੋਲੀਆਂ, 5 ਜ਼ਖ਼ਮੀ

ਨਿਊ ਆਰਲੀਅਨਜ਼, 23 ਫਰਵਰੀ (ਪੋਸਟ ਬਿਊਰੋ) : ਨਿਊ ਆਰਲੀਅਨਜ਼ ਵਿੱਚ ਮਾਰਡੀ ਗ੍ਰਾ ਪਰੇਡ ਦੌਰਾਨ ਚਲਾਈਆਂ ਗਈਆਂ ਗੋਲੀਆਂ ਕਾਰਨ ਪੰਜ ਵਿਅਕਤੀ ਜ਼ਖ਼ਮੀ ਹੋ ਗਏ ਜਦਕਿ ਮਸ਼ਕੂਕ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।




ਇੱਕ ਨਿੱਕੀ ਬੱਚੀ ਸਮੇਤ ਇਸ ਘਟਨਾ ਵਿੱਚ ਇੱਕ ਮਹਿਲਾ ਤੇ ਤਿੰਨ ਪੁਰਸ਼ ਵੀ ਜ਼ਖ਼ਮੀ ਹੋਏ ਹਨ। ਐਤਵਾਰ ਰਾਤ ਨੂੰ ਕ੍ਰਿਊ ਆਫ ਬਾਕਸ ਪਰੇਡ ਦੌਰਾਨ ਗੋਲੀ ਚੱਲਣ ਦੀ ਵਾਪਰੀ ਇਸ ਘਟਨਾ ਤੋਂ ਬਾਅਦ ਜ਼ਖ਼ਮੀਆਂ ਨੂੰ ਹਸਪਤਾਲ ਲਿਜਾਇਆ ਗਿਆ। ਚੀਫ ਡਿਪਟੀ ਹਾਂਸ ਗੈਂਬੀਅਰ ਅਨੁਸਾਰ ਜ਼ਖ਼ਮੀਆਂ ਵਿੱਚੋਂ ਇੱਕ ਦੀ ਹਾਲਤ ਨਾਜ਼ੁਕ ਹੈ।

ਪੁਲਿਸ ਨੇ ਦੱਸਿਆ ਕਿ ਇੱਕ ਵਿਅਕਤੀ ਨੂੰ ਮੌਕੇ ਉੱਤੇ ਹੀ ਨਜ਼ਰਬੰਦ ਕਰ ਲਿਆ ਗਿਆ। ਉਸ ਕੋਲੋਂ ਦੋ ਗੰਨਜ਼ ਬਰਾਮਦ ਹੋਈਆਂ। ਪਰ ਪੁਲਿਸ ਨੇ ਦੱਸਿਆ ਕਿ ਕਿਸੇ ਹੋਰ ਦੇ ਇਸ ਘਟਨਾ ਵਿੱਚ ਸ਼ਾਮਲ ਹੋਣ ਜਾਂ ਨਾ ਸ਼ਾਮਲ ਹੋਣ ਬਾਰੇ ਸਥਿਤੀ ਸਪਸ਼ਟ ਨਹੀਂ ਹੋ ਸਕੀ ਹੈ।

## ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਗੰਭੀਰ ਜ਼ਖ਼ਮੀ

ਮਿਸੀਸਾਗਾ, 23 ਫਰਵਰੀ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਗੱਡੀ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਹਸਪਤਾਲ ਵਿੱਚ ਜੇਰੇ ਇਲਾਜ ਹੈ।




ਇਹ ਹਾਦਸਾ ਸੋਮਵਾਰ ਨੂੰ ਦੁਪਹਿਰੇ 2:00 ਵਜੇ ਤੋਂ ਪਹਿਲਾਂ ਲੇਕਸ਼ੋਰ ਦੇ ਉੱਤਰ ਵੱਲ ਹੁਰੋਂਨਤਾਰੀਓ ਸਟਰੀਟ ਤੇ ਇੰਗਲਵੁੱਡ ਡਰਾਈਵ ਉੱਤੇ ਵਾਪਰਿਆ। ਰਾਹਗੀਰ ਨੂੰ ਜ਼ਖ਼ਮੀ ਹਾਲਤ ਵਿੱਚ ਟਰੌਮਾ ਸੈਂਟਰ ਲਿਜਾਇਆ ਗਿਆ ਪਰ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਜਾਂਦੀ ਹੈ।

ਪੀਲ ਪੁਲਿਸ ਨੇ ਦੱਸਿਆ ਕਿ ਇਸ ਹਾਦਸੇ ਵਿੱਚ ਸ਼ਾਮਲ ਗੱਡੀ ਦਾ ਡਰਾਈਵਰ ਸਹਿਯੋਗ ਕਰ ਰਿਹਾ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਘਰ ਵਿੱਚ ਚੱਲੀਆਂ ਗੋਲੀਆਂ ਕਾਰਨ ਇੱਕ ਹਲਾਕ, ਦੋ ਮਸ਼ਕੂਕ ਹਿਰਾਸਤ ਵਿੱਚ



ਮਿਲਟਨ, 23 ਫਰਵਰੀ (ਪੋਸਟ ਬਿਊਰੋ) : ਮਿਲਟਨ ਵਿੱਚ ਗੋਲੀ ਚੱਲਣ ਦੀ ਵਾਪਰੀ ਘਟਨਾ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਦੋ ਹੋਰਨਾਂ ਨੂੰ ਹਿਰਾਸਤ ਵਿੱਚ ਲੈ ਲਿਆ ਗਿਆ।

ਗੋਲੀਆਂ ਚੱਲਣ ਦੀਆਂ ਖਬਰਾਂ ਮਿਲਣ ਤੋਂ ਬਾਅਦ ਪੁਲਿਸ ਐਤਵਾਰ ਸਵੇਰੇ 5:00 ਵਜੇ ਗਿਬਸਨ ਕ੍ਰੀਸੈਂਟ ਦੇ ਇੱਕ ਘਰ ਵਿੱਚ ਪਹੁੰਚੀ। ਪੁਲਿਸ ਅਨੁਸਾਰ ਦੋ ਮਸ਼ਕੂਕ ਘਰ ਵਿੱਚ ਦਾਖਲ ਹੋਏ ਤੇ ਉਨ੍ਹਾਂ ਵੱਲੋਂ ਘਰ ਦੇ ਅੰਦਰ ਕਈ ਗੋਲੀਆਂ ਚਲਾਈਆਂ ਗਈਆਂ। ਇੱਕ ਮਸ਼ਕੂਕ ਦੀ ਮੌਕੇ ਉੱਤੇ ਹੀ ਮੌਤ ਹੋ ਗਈ ਜਦਕਿ ਇੱਕ ਮਸ਼ਕੂਕ ਤੇ ਘਰ ਵਿੱਚ ਰਹਿਣ ਵਾਲੇ ਇੱਕ ਵਿਅਕਤੀ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲੈ ਲਿਆ ਗਿਆ।

ਪੁਲਿਸ ਨੇ ਦੱਸਿਆ ਕਿ ਲੋਕਾਂ ਨੂੰ ਇਸ ਘਟਨਾ ਕਾਰਨ ਕੋਈ ਖਤਰਾ ਨਹੀਂ ਹੈ। ਪਰ ਉਨ੍ਹਾਂ ਇਹ ਵੀ ਨਹੀਂ ਦੱਸਿਆ ਕਿ ਇਹ ਮਸ਼ਕੂਕ ਚੋਰੀ ਕਰਨ ਦੇ ਇਰਾਦੇ ਨਾਲ ਘਰ ਵਿੱਚ ਦਾਖਲ ਹੋਏ ਸੀ ਜਾਂ ਘਰ ਉੱਤੇ ਉਨ੍ਹਾਂ ਵੱਲੋਂ ਧਾਵਾ ਬੋਲਿਆ ਗਿਆ ਸੀ।

# ਕਾਰਾਂ ਦੀਆਂ ਚੋਰੀਆਂ ਨੂੰ ਰੋਕਣ ਲਈ ਫੈਡਰਲ ਸਰਕਾਰ ਦੇਵੇ ਦਖ਼ਲ

ਬਰੈਂਪਟਨ, 23 ਫਰਵਰੀ (ਪੋਸਟ ਬਿਊਰੋ) :ਬੀਤੇ ਦਿਨੀਂ ਬਰੈਂਪਟਨ ਦੇ ਮੇਅਰ ਪੈਟ੍ਰਿਕ ਬ੍ਰਾਊਨ ਵੱਲੋਂ ਫੈਡਰਲ ਟਰਾਂਸਪੋਰਟੇਸ਼ਨ ਮੰਤਰੀ ਓਮਰ ਅਲਘਬਰਾ ਤੋਂ ਮੰਗ ਕੀਤੀ ਗਈ ਹੈ ਕਿ ਖਰਾਬ ਤਕਨਾਲੋਜੀ ਕਾਰਨ ਜਿਨ੍ਹਾਂ ਗੱਡੀਆਂ ਦੇ ਸੱਭ ਤੋਂ ਵੱਧ ਚੋਰੀ ਹੋਣ ਦੀ ਸੰਭਾਵਨਾ ਹੈ ਉਨ੍ਹਾਂ ਨੂੰ ਮੋਟਰ ਵ੍ਹੀਕਲ ਸੇਫਟੀ ਐਕਟ ਦੀ ਧਾਰਾ 10.5 ਤਹਿਤ ਵਾਪਿਸ ਸੱਦਿਆ ਜਾਵੇ। ਇਨ੍ਹਾਂ ਗੱਡੀਆਂ ਦੇ ਚੋਰੀ ਹੋਣ ਦੀ ਸੰਭਾਵਨਾ ਕਿਤੇ ਜ਼ਿਆਦਾ ਹੈ ਕਿਉਂਕਿ ਇਹ ਚਾਬੀ ਤੇ ਤਾਲੇ ਤੋਂ ਬਿਨਾਂ ਹੀ ਆਪਰੇਟ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਆਖਿਆ ਕਿ ਪਿਛਲੇ ਕੁੱਝ ਮਹੀਨਿਆਂ ਤੋਂ ਗੱਡੀਆਂ ਦੇ ਚੋਰੀ ਹੋਣ ਦੇ ਸਿਲਸਿਲੇ ਵਿੱਚ ਕਾਫੀ ਵਾਧਾ ਵੇਖਣ ਨੂੰ ਮਿਲਿਆ ਹੈ ਤੇ ਇਸ ਤਰ੍ਹਾਂ ਦੀਆਂ ਚੋਰੀਆਂ ਨੂੰ ਰੋਕਣ ਦਾ ਇਸ ਤੋਂ ਵਧੀਆ ਕੋਈ ਹੋਰ ਹੱਲ ਨਹੀਂ ਹੋ ਸਕਦਾ।



ਬਰੈਂਪਟਨ ਦੇ ਸਿਟੀ ਹਾਲ ਦੇ ਬਾਹਰ ਕੀਤੀ ਗਈ ਇੱਕ ਪ੍ਰੈੱਸ ਕਾਨਫਰੰਸ ਵਿੱਚ ਬ੍ਰਾਊਨ ਨੇ ਆਖਿਆ ਕਿ ਕਾਰ ਨਿਰਮਾਤਾਵਾਂ ਵੱਲੋਂ ਅਜਿਹੀ ਤਕਨਾਲੋਜੀ ਦਾ ਸਹਾਰਾ ਲਿਆ ਜਾ ਰਿਹਾ ਹੈ ਜਿਸ ਨੂੰ ਆਸਾਨੀ ਨਾਲ ਹੈਕ ਕੀਤਾ ਜਾ ਸਕਦਾ ਹੈ।ਇਸ ਹੈਕਿੰਗ ਪ੍ਰਕਿਰਿਆ ਨੂੰ ਰੀਲੇਅ ਅਟੈਕ ਦਾ ਨਾਂ ਦਿੱਤਾ ਗਿਆ ਹੈ। ਚੋਰ ਰੇਡੀਓ ਫ੍ਰੀਕੁਐਂਸੀ ਦੀ ਵਰਤੋਂ ਕਰਦਿਆਂ ਹੋਇਆਂ ਘਰ ਦੇ ਅੰਦਰੋਂ ਕਾਰ ਖੋਲ੍ਹਣ ਤੇ ਉਸ ਨੂੰ ਸਟਾਰਟ ਕਰਨ ਦੀ ਟਰਿੱਕ ਵਰਤਦੇ ਹਨ। ਜਿਨ੍ਹਾਂ ਲੋਕਾਂ ਦੀਆਂ ਕਾਰਾਂ ਚੋਰੀ ਹੁੰਦੀਆਂ ਹਨ ਕਈ ਵਾਰੀ ਉਹ ਗੜ੍ਹੀ ਨੀਂਦ ਵਿੱਚ ਹੁੰਦੇ ਹਨ।

ਇੱਕ ਅੰਦਾਜ਼ੇ ਮੁਤਾਬਕ ਕੈਨੇਡਾ ਵਿੱਚ 5 ਮਿਲੀਅਨ ਗੱਡੀਆਂ ਵਿੱਚ ਚਾਬੀ ਲਾ ਕੇ ਇਗਨਿਸ਼ਨ ਦੀ ਲੋੜ ਨਹੀਂ ਪੈਂਦੀ ਤੇ ਅਜਿਹੀਆਂ ਗੱਡੀਆਂ ਨੂੰ ਹੀ ਚੋਰ ਆਪਣਾ ਨਿਸ਼ਾਨਾ ਵਧੇਰੇ ਕਰਕੇ ਬਣਾਉਂਦੇ ਹਨ। ਬ੍ਰਾਊਨ ਨੇ ਆਖਿਆ ਕਿ ਮਾਮੂਲੀ ਫੇਰਬਦਲ ਕਰਕੇ ਇਸ ਤਰ੍ਹਾਂ ਦੇ ਹਮਲਿਆਂ ਤੇ ਚੋਰੀਆਂ ਨੂੰ ਰੋਕਿਆ ਜਾ ਸਕਦਾ ਹੈ ਪਰ ਕਾਰ ਕੰਪਨੀਆਂ ਵੱਲੋਂ ਵਾਲੰਟੀਅਰ ਤੌਰ ਉੱਤੇ ਕਾਰਾਂ ਨੂੰ ਵਾਪਿਸ ਸੱਦਣ ਤੋਂ ਇਨਕਾਰ ਕਰ ਦਿੱਤਾ ਗਿਆ ਹੈ। ਹੁਣ ਸਮਾਂ ਆ ਗਿਆ ਹੈ ਕਿ ਫੈਡਰਲ ਸਰਕਾਰ ਦਖ਼ਲ ਦੇ ਕੇ ਇਨ੍ਹਾਂ ਚੋਰੀਆਂ ਨੂੰ ਠੱਲ੍ਹ ਪਾਉਣ ਲਈ ਕਦਮ ਚੁੱਕੇ।

## ਅਮਰੀਕਾ ਨਾਲ ਪ੍ਰਮਾਣੂ ਹਥਿਆਰਾਂ ਉੱਤੇ ਨਿਯੰਤਰਣ ਬਾਰੇ ਸੰਧੀ ਤੋਂ ਰੂਸ ਨੇ ਹੱਥ ਪਿੱਛੇ ਖਿੱਚੇ

ਮਾਸਕੋ, 23 ਫਰਵਰੀ (ਪੋਸਟ ਬਿਊਰੋ) : ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਮੰਗਲਵਾਰ ਨੂੰ ਐਲਾਨ ਕੀਤਾ ਕਿ ਉਹ ਅਮਰੀਕਾ ਨਾਲ ਨਿਊ ਸਟਾਰਟ ਸੰਧੀ ਨੂੰ ਸਸਪੈਂਡ ਕਰਨ ਜਾ ਰਹੇ ਹਨ। ਇਹ ਅਮਰੀਕਾ ਨਾਲ ਰੂਸ ਦੀ ਪ੍ਰਮਾਣੂ ਹਥਿਆਰਾਂ ਉੱਤੇ ਨਿਯੰਤਰਣ ਸਬੰਧੀ ਆਖਰੀ ਬਚੀ ਹੋਈ ਸੰਧੀ ਹੈ। ਇਸ ਨਾਲ ਯੂਕਰੇਨ ਨਾਲ ਚੱਲ ਰਹੇ ਸੰਘਰਸ਼ ਦੇ ਮੱਦੇਨਜ਼ਰ ਰੂਸ ਦਾ ਅਮਰੀਕਾ ਨਾਲ ਤਣਾਅ ਹੋਰ ਵੱਧ ਗਿਆ ਹੈ।



ਰੂਸ ਦੀ ਜਨਤਾ ਨੂੰ ਸੰਬੋਧਨ ਕਰਦਿਆਂ ਪੁਤਿਨ ਨੇ ਆਖਿਆ ਕਿ ਜੇ ਅਮਰੀਕਾ ਪ੍ਰਮਾਣੂ ਹਥਿਆਰਾਂ ਦਾ ਪਰੀਖਣ ਕਰਦਾ ਹੈ ਤਾਂ ਰੂਸ ਨੂੰ ਵੀ ਇਸ ਲਈ ਤਿਆਰ ਰਹਿਣਾ ਚਾਹੀਦਾ ਹੈ। ਇਸ ਕਦਮ ਨਾਲ ਸੀਤ ਜੰਗ ਤੋਂ ਪ੍ਰਮਾਣੂ ਹਥਿਆਰਾਂ ਦੇ ਪਰੀਖਣ ਉੱਤੇ ਲੱਗੀ ਗਲੋਬਲ ਪਾਬੰਦੀ ਖ਼ਤਮ ਹੋ ਜਾਵੇਗੀ। ਆਪਣੇ ਇਸ ਫੈਸਲੇ ਲਈ ਪੁਤਿਨ ਨੇ ਅਮਰੀਕਾ ਤੇ ਉਸ ਦੇ ਨਾਟੋ ਭਾਈਵਾਲਾਂ ਨੂੰ ਜ਼ਿੰਮੇਵਾਰ ਦੱਸਦਿਆਂ ਆਖਿਆ ਕਿ ਇਹ ਸੱਭ ਯੂਕਰੇਨ ਵਿੱਚ ਰੂਸ ਦੀ ਹਾਰ ਦਾ ਟੀਚਾ ਮਿਥੀ ਬੈਠੇ ਹਨ।

ਨਾਟੋ ਦੇ ਸਕੱਤਰ ਜਨਰਲ ਜੈਂਜ਼ ਸਟੋਲਟਨਬਰਗ ਨੇ ਪੁਤਿਨ ਦੇ ਇਸ ਫੈਸਲੇ ਨੂੰ ਮੰਦਭਾਗਾ ਦੱਸਦਿਆਂ ਆਖਿਆ ਕਿ ਰੂਸ ਨੂੰ ਇੱਕ ਵਾਰੀ ਮੁੜ ਆਪਣੇ ਫੈਸਲੇ ਉੱਤੇ ਵਿਚਾਰ ਕਰਨਾ ਚਾਹੀਦਾ ਹੈ ਤੇ ਮੌਜੂਦਾ ਸਮਝੌਤੇ ਦਾ ਆਦਰ ਕਰਨਾ ਚਾਹੀਦਾ ਹੈ।

## ਐਲਨ ਰੋਡ ਤੋਂ ਮਹਿਲਾ ਨੂੰ ਕੀਤਾ ਗਿਆ ਅਗਵਾ

ਓਨਟਾਰੀਓ, 23 ਫਰਵਰੀ (ਪੋਸਟ ਬਿਊਰੋ) : ਮਹਿਲਾ ਨੂੰ ਅਗਵਾ ਕਰਨ ਦੇ ਮਾਮਲੇ ਵਿੱਚ ਪੁਲਿਸ ਵੱਲੋਂ ਜਨਤਾ ਕੋਲੋਂ ਮਦਦ ਮੰਗੀ ਜਾ ਰਹੀ ਹੈ।

ਜਾਂਚਕਾਰਾਂ ਨੇ ਦੱਸਿਆ ਕਿ ਸ਼ਨਿੱਚਰਵਾਰ ਰਾਤੀਂ 9:00 ਵਜੇ ਉਨ੍ਹਾਂ ਨੂੰ ਕਈ ਕਾਲਜ਼ ਮਿਲੀਆਂ ਕਿ ਲਾਅਰੈਂਸ ਐਵਨਿਊ ਵੈਸਟ ਤੇ ਐਗਲਿੰਟਨ ਐਵਨਿਊ ਵੈਸਟ ਦਰਮਿਆਨ ਐਲਨ ਰੋਡ ਦੀਆਂ ਉੱਤਰ ਵਾਲੀਆਂ ਲੇਨਜ਼ ਉੱਤੇ ਇੱਕ ਪੁਰਸ਼ ਤੇ ਮਹਿਲਾ ਬਹਿਸ ਰਹੇ ਹਨ। ਪੁਲਿਸ ਨੇ ਦੱਸਿਆ ਕਿ ਚਸ਼ਮਦੀਦਾਂ ਵੱਲੋਂ ਉਨ੍ਹਾਂ ਨੂੰ ਦੱਸਿਆ ਗਿਆ ਕਿ ਮੌਕੇ ਤੋਂ ਫਰਾਰ ਹੋਣ ਤੋਂ ਪਹਿਲਾਂ ਪੁਰਸ਼ ਨੇ ਮਹਿਲਾ ਨੂੰ ਖਿੱਚ ਕੇ ਗੱਡੀ ਅੰਦਰ ਵਾੜ ਲਿਆ।



ਮਹਿਲਾ ਦੇ ਕਾਲੇ ਲੰਮੇਂ ਵਾਲ ਦੱਸੇ ਜਾਂਦੇ ਹਨ ਤੇ ਉਸ ਨੂੰ ਆਖਰੀ ਵਾਰੀ ਚਿੱਟੇ ਰੰਗ ਦੀ ਪਫੀ ਜੈਕੇਟ ਪਾਇਆਂ ਵੇਖਿਆ ਗਿਆ ਸੀ।ਮਸ਼ਕੂਕ ਕੱਦ ਵਿੱਚ ਛੋਟਾ ਪਰ ਤਕੜੀ ਕੱਦਕਾਠੀ ਵਾਲਾ ਵਿਅਕਤੀ ਦੱਸਿਆ ਜਾਂਦਾ ਹੈ ਜਿਸ ਨੇ ਕਾਲੀ ਜੈਕੇਟ ਪਾਈ ਹੋਈ ਸੀ।ਜਿਸ ਗੱਡੀ ਵਿੱਚ ਮਹਿਲਾ ਨੂੰ ਅਗਵਾ ਕਰਕੇ ਲਿਜਾਇਆ ਗਿਆ ਉਹ ਕਾਲੇ ਰੰਗ ਦੀ ਬੀਐਮਡਬਲਿਊ 3 ਸੀਰੀਜ਼ ਦੀ ਸੀ।

## ਘੁਸਪੈਠੀਏ ਨੂੰ ਮਾਰਨ ਵਾਲੇ ਵਿਅਕਤੀ ਨੂੰ ਕਰਨਾ ਹੋਵੇਗਾ ਕਤਲ ਦੇ ਚਾਰਜਿਜ਼ ਦਾ ਸਾਹਮਣਾ

ਮਿਲਟਨ, 23 ਫਰਵਰੀ (ਪੋਸਟ ਬਿਊਰੋ) : ਵੀਕੈਂਡ ਉੱਤੇ ਮਿਲਟਨ ਦੇ ਇੱਕ ਘਰ ਵਿੱਚ ਜ਼ਬਰਦਸਤੀ ਦਾਖਲ ਹੋਏ ਕੁੱਝ ਵਿਅਕਤੀਆਂ ਉੱਤੇ ਕਥਿਤ ਤੌਰ ਉੱਤੇ ਗੋਲੀ ਚਲਾਉਣ ਵਾਲੇ 22 ਸਾਲਾ ਵਿਅਕਤੀ ਨੂੰ ਕਤਲ ਦੇ ਚਾਰਜਿਜ਼ ਦਾ ਸਾਹਮਣਾ ਕਰਨਾ ਹੋਵੇਗਾ।

ਐਤਵਾਰ ਨੂੰ ਸਵੇਰੇ 5:00 ਵਜੇ ਡੈਰੀ ਤੇ ਟੌਮਕਨ ਰੋਡਜ਼ ਨੇੜੇ ਗਿਬਸਨ ਕ੍ਰੀਸੈਂਟ ਦੇ ਇੱਕ ਘਰ ਵਿੱਚ ਗੋਲੀਆਂ ਚੱਲਣ ਦੀ ਜਾਣਕਾਰੀ ਦੇ ਕੇ ਪੁਲਿਸ ਅਧਿਕਾਰੀਆਂ ਨੂੰ ਮੌਕੇ ਉੱਤੇ ਸੱਦਿਆ ਗਿਆ। ਪੁਲਿਸ ਨੇ ਦੱਸਿਆ ਕਿ ਕੁੱਝ ਮਸ਼ਕੂਕ ਡਾਕਾ ਮਾਰਨ ਦੇ ਇਰਾਦੇ ਨਾਲ ਇੱਕ ਘਰ ਵਿੱਚ ਦਾਖਲ ਹੋਏ ਜਦੋਂ ਉਨ੍ਹਾਂ ਦਾ ਸਾਹਮਣਾ ਘਰ ਵਿੱਚ ਮੌਜੂਦ ਵਿਅਕਤੀ ਨਾਲ ਹੋਇਆ। ਉਸ ਵਿਅਕਤੀ ਵੱਲੋਂ ਗੋਲੀਆਂ ਚਲਾਈਆਂ ਗਈਆਂ।



ਇੱਕ ਵਿਅਕਤੀ ਨੂੰ ਮੌਕੇ ਉੱਤੇ ਹੀ ਮ੍ਰਿਤਕ ਐਲਾਨ ਦਿੱਤਾ ਗਿਆ। ਦੂਜੇ ਮਸ਼ਕੂਕ ਤੇ ਘਰ ਵਿੱਚ ਰਹਿਣ ਤੇ ਗੋਲੀਆਂ ਚਲਾਉਣ ਵਾਲੇ ਵਿਅਕਤੀ ਨੂੰ ਪੁਲਿਸ ਵੱਲੋਂ ਹਿਰਾਸਤ ਵਿੱਚ ਲੈ ਲਿਆ ਗਿਆ।22 ਸਾਲਾ ਅਲੀ ਮਿਆਂ ਦੇ ਵਕੀਲ ਨੇ ਦੱਸਿਆ ਕਿ ਉਸ ਦਾ ਮੁਵੱਕਿਲ ਆਪਣੀ ਮਾਂ ਨਾਲ ਉਸ ਘਰ ਵਿੱਚ ਰਹਿੰਦਾ ਹੈ। ਮਿਆਂ ਉੱਤੇ ਸੈਕਿੰਡ ਡਿਗਰੀ ਮਰਡਰ ਦਾ ਚਾਰਜ ਲਾਇਆ ਗਿਆ ਹੈ। ਕ੍ਰਿਮੀਨਲ ਲਾਇਰ ਜੱਗ ਵਿਰਕ ਨੇ ਆਖਿਆ ਕਿ ਉਨ੍ਹਾਂ ਦੇ ਮੁਵੱਕਿਲ ਨੂੰ ਕਤਲ ਲਈ ਚਾਰਜ ਨਹੀਂ ਕੀਤਾ ਜਾਣਾ ਚਾਹੀਦਾ ਕਿਉਂਕਿ ਮਸ਼ਕੂਕ ਡਾਕੇ ਦੇ ਇਰਾਦੇ ਨਾਲ ਉਨ੍ਹਾਂ ਦੇ ਘਰ ਦਾਖਲ ਹੋਇਆ ਤੇ ਉਸ ਨੇ ਉਨ੍ਹਾਂ ਦੇ ਮੁਵੱਕਿਲ ਦੀ ਮਾਂ ਉੱਤੇ ਹਮਲਾ ਕੀਤਾ।

ਇੱਕ ਬਿਆਨ ਵਿੱਚ ਵਿਰਕ ਨੇ ਆਖਿਆ ਕਿ ਮਿਆਂ ਕੋਲ ਰਜਿਸਟਰਡ ਗੰਨ ਹੈ ਤੇ ਉਸ ਨੇ ਆਪਣੀ ਗੰਨ ਦੀ ਵਰਤੋਂ ਹਥਿਆਰਬੰਦ ਘੁਸਪੈਠੀਏ ਖਿਲਾਫ ਕੀਤੀ। ਉਸ ਨੂੰ ਮਾਰਨ ਦਾ ਉਸ ਦਾ ਕੋਈ ਇਰਾਦਾ ਨਹੀਂ ਸੀ ਤੇ ਇਸ ਲਈ ਉਸ ਨੇ ਇੱਕ ਵਾਰੀ ਹੀ ਗੋਲੀ ਚਲਾਈ।

## 14 ਫਾਰਮੇਸੀਜ਼ ਉੱਤੇ ਮਾਰੇ ਗਏ ਹਥਿਆਰਬੰਦ ਡਾਕਿਆਂ ਲਈ ਦੋ ਟੀਨੇਜਰਜ਼ ਨੂੰ ਕੀਤਾ ਗਿਆ ਚਾਰਜ

ਬਰੈਂਪਟਨ, 23 ਫਰਵਰੀ (ਪੋਸਟ ਬਿਊਰੋ) : ਪਿਛਲੇ ਕੁੱਝ ਮਹੀਨਿਆਂ ਵਿੱਚ ਮਿਸੀਸਾਗਾ ਤੇ ਬਰੈਂਪਟਨ ਵਿੱਚ ਫਾਰਮੇਸੀਜ਼ ਉੱਤੇ ਮਾਰੇ ਗਏ ਕਥਿਤ 14 ਹਥਿਆਰਬੰਦ ਡਾਕਿਆਂ ਦੇ ਸਬੰਧ ਵਿੱਚ ਦੋ ਟੀਨੇਜਰਜ਼ ਖਿਲਾਫ 84 ਚਾਰਜਿਜ਼ ਲਾਏ ਗਏ ਹਨ।

ਪੀਲ ਰੀਜਨਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਦਸੰਬਰ 2022 ਤੋਂ ਜਨਵਰੀ 2023 ਤੱਕ ਇਨ੍ਹਾਂ ਦੋਵਾਂ ਲੜਕਿਆਂ ਨੇ ਮਿਸੀਸਾਗਾ ਵਿੱਚ ਅੱਠ ਫਾਰਮੇਸੀਜ਼ ਤੇ



ਬਰੈਂਪਟਨ ਵਿੱਚ ਛੇ ਫਾਰਮੇਸੀਜ਼ ਨੂੰ ਆਪਣਾ ਨਿਸ਼ਾਨਾ ਬਣਾਇਆ। ਇਨ੍ਹਾਂ ਟੀਨੇਜਰਜ਼ ਨੂੰ ਪ੍ਰੋਜੈਕਟ ਮੇਅਹਮ ਤਹਿਤ ਟੋਰਾਂਟੋ ਪੁਲਿਸ ਵੱਲੋਂ 24 ਜਨਵਰੀ ਨੂੰ ਗ੍ਰਿਫਤਾਰ ਕੀਤਾ ਗਿਆ ਸੀ। ਇਹ ਪ੍ਰੋਜੈਕਟ ਜੀਟੀਏ ਵਿੱਚ ਵਾਪਰੀਆਂ ਹਥਿਆਰਬੰਦ ਚੋਰੀਆਂ ਉੱਤੇ ਕੇਂਦਰਿਤ ਸੀ ਤੇ ਇਨ੍ਹਾਂ ਚੋਰੀਆਂ ਵਿੱਚ ਕਈ ਟੀਨੇਜਰਜ਼ ਤੇ ਨੌਜਵਾਨ ਸ਼ਾਮਲ ਸਨ।

ਪੀਲ ਪੁਲਿਸ ਨੇ ਦੱਸਿਆ ਕਿ 14 ਤੇ 15 ਸਾਲਾਂ ਦੇ ਇਨ੍ਹਾਂ ਟੀਨੇਜਰਜ਼ ਨੂੰ ਡਾਕਾ ਮਾਰਨ, ਭੇਸ ਵਟਾਉਣ ਤੇ ਅਦਾਲਤ ਦੇ ਹੁਕਮਾਂ ਦੀ ਉਲੰਘਣਾਂ ਕਰਨ ਲਈ 84 ਮੁਜਰਮਾਨਾਂ ਚਾਰਜਿਜ਼ ਦਾ ਸਾਹਮਣਾ ਕਰਨਾ ਪਵੇਗਾ।

## ਛੁਰੇਬਾਜ਼ੀ ਵਿੱਚ ਮਹਿਲਾ ਗੰਭੀਰ ਜ਼ਖ਼ਮੀ

ਟੋਰਾਂਟੋ, 23 ਫਰਵਰੀ (ਪੋਸਟ ਬਿਊਰੋ) : ਡਾਊਨਟਾਊਨ ਟੋਰਾਂਟੋ ਵਿੱਚ ਛੁਰੇਬਾਜ਼ੀ ਦੀ ਵਾਪਰੀ ਘਟਨਾ ਵਿੱਚ ਇੱਕ ਮਹਿਲਾ ਦੇ ਜ਼ਖ਼ਮੀ ਹੋਣ ਤੋਂ ਬਾਅਦ ਉਸ ਨੂੰ ਹਸਪਤਾਲ ਦਾਖਲ ਕਰਵਾਇਆ ਗਿਆ।

ਬੁੱਧਵਾਰ ਨੂੰ ਰਾਤੀਂ 10:00 ਵਜੇ ਦੇ ਨੇੜੇ ਤੇੜੇ ਚਰਚ ਤੇ ਵੈੱਲਸਲੇ ਸਟਰੀਟਸ ਇਲਾਕੇ ਵਿੱਚ ਪੁਲਿਸ ਨੂੰ ਸੱਦਿਆ ਗਿਆ। ਪੁਲਿਸ ਅਧਿਕਾਰੀਆਂ ਨੂੰ ਇੱਕ ਮਹਿਲਾ ਜ਼ਖ਼ਮੀ ਹਾਲਤ ਵਿੱਚ ਮਿਲੀ। ਪੈਰਾਮੈਡਿਕਸ ਨੇ ਦੱਸਿਆ ਕਿ ਮਹਿਲਾ ਨੂੰ ਗੰਭੀਰ ਪਰ ਸਥਿਰ ਹਾਲਤ ਵਿੱਚ ਹਸਪਤਾਲ ਲਿਆਂਦਾ ਗਿਆ।

ਮਸ਼ਕੂਕਾਂ ਬਾਰੇ ਕੋਈ ਜਾਣਕਾਰੀ ਹਾਲ ਦੀ ਘੜੀ ਜਾਰੀ ਨਹੀਂ ਕੀਤੀ ਗਈ ਹੈ।

## ਕੈਮਬਰਿਜ ਗੁਰਦਵਾਰਾ ਸਾਹਿਬ ਵਿਖ਼ੇ ਅੰਮ੍ਰਿਤ ਸੰਚਾਰ 16 ਅਪ੍ਰੈਲ ਨੂੰ ਹੋਵੇਗਾ



ਗੁਰਦਵਾਰਾ ਸ੍ਰੀ ਗੁਰੂ ਸਿੰਘ ਸਭਾ ਕੈਮਬਰਿਜ ਵਿਖ਼ੇ ਐਤਵਾਰ 16 ਅਪ੍ਰੈਲ 2023 ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗੁਰਦਵਾਰਾ ਸਾਹਿਬ ਦੇ ਹੈਡ ਗ੍ਰੰਥੀ ਭਾਈ ਜੈਦੀਪ ਸਿੰਘ ਫਗਵਾੜਾ ਨੇ ਦਸਿਆ ਕਿ ਗੁਰਦਵਾਰਾ ਪ੍ਰਬੰਧਕ ਕਮੇਟੀ ਵਲੋਂ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਕਰਕੇ ਇਹ ਉਪਰਾਲਾ ਕੀਤਾ ਜਾ ਰਿਹਾ ਹੈ ਪਿੱਛਲੇ ਸਾਲ ਵੀ ਸੇਵਾਦਾਰਾਂ ਵਲੋਂ ਉਪਰਾਲਾ ਕੀਤਾ ਗਿਆ ਸੀ। ਉਹਨਾਂ ਨੇ ਸੰਗਤਾਂ ਨੂੰ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਕੇ ਗੁਰੂ ਵਾਲੇ ਬਣਨ ਦੀ ਬੇਨਤੀ ਕੀਤੀ ਹੈ ਇਸ ਸਮੇਂ ਕਸ਼ਮੀਰ ਸਿੰਘ ਡਾਇਰੈਕਟਰ, ਰਾਜਪਾਲ ਸਿੰਘ, ਹਰਸ਼ਰਨ ਸਿੰਘ, ਜਗਦੀਸ਼ ਸਿੰਘ, ਮਹਿੰਦਰ ਸਿੰਘ, ਕੁਲਵੰਤ ਸਿੰਘ, ਮਾਸਟਰ ਜੀ, ਪਵਨਜੀਤ ਕੌਰ ਆਦਿ ਹਾਜਿਰ ਸਨ।


REXDALE FINANCIAL SERVICES
WE HELP YOU START, GROW AND SUCCEED
We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009
ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT
ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ',
ਅਸੀਂ ਕਰਾਂਗੇ 'ਹਾਂ'
MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!
Increase Your Cash Flow by up to 50%
YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated
19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047



REXDALE BODY SHOP
USED CAR SALE
Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Towing Service Car Paint Starts $799* upto 100% Deductible Paid*
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



ਬਰਾੜ ਗਰਾਜ ਡੋਰ
ਅਸੀਂ ਰੀਪੇਅਰ ਕਰਦੇ ਹਾਂ :
BROKEN SPRINGS
CABLES & ROLLERS
GARAGE DOOR OPENERS
We Install Garage Door Openers
ਸੰਪਰਕ ਕਰੋ: (416) 357-4082, ਈਮੇਲ ਕਰੋ: brargaragedoors@gmail.com •



SherGill Law Firm
Barrister, Solicitor & Notary Public
Services:
* Real Estate
* Residential, Commercial & Franchise
* Criminal Law
* Family Law
* Affidavit, Power Of Attorney & Notarization
* Immigration Matters
Paramjit Singh Gill (MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact: 416.910.5676
www.shergilllawfirm.ca



ukttc UK TRUCK TRAINING CENTRE
PCC #179958
Registered as a Private Careers College
ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge
➡ Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ
➡ Forklift Training
Forklift $79 Recertification
Counterbalance
Reach Truck
ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs
20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ
7542 Bath Rd, Mississauga, ON L4T 1L2, Off:905.673.7979
OPEN 7 DAYS uktruck1@gmail.com
Jitpal Singh Deol 647-204-1936

# ਸਤਪਾਲ ਸਿੰਘ ਜੌਹਲ ਵਲੋਂ ਬਰੈਂਪਟਨ ’ਚ ਵੱਡੇ ਸਕੂਲ ਦਾ ਦੌਰਾ

## ਕੈਸਲਬਰੁੱਕ ਸੈਕੰਡਰੀ ਸਕੂਲ ’ਚ ਪੰਜਾਬੀ ਵਿਦਿਆਰਥੀਆਂ ਦੇ ਗੁੱਟਾਂ ਦੀਆਂ ਲੜਾਈਆਂ ਦਾ ਰੁਝਾਨ ਵਧਿਆ : ਪ੍ਰਿੰਸੀਪਲ 'ਮਾਪੇ ਆਪਣੇ ਬੱਚਿਆਂ ਨੂੰ ਖਾਣਾ (ਲੰਚ) ਖਰੀਦਣ ਵਾਸਤੇ ਨਕਦੀ ਨਹੀਂ, ਘਰੋਂ ਖਾਣਾ ਦੇ ਕੇ ਸਕੂਲ ਭੇਜਣ’

ਬਰੈਂਪਟਨ, (ਹਰਜੀਤ ਸਿੰਘ ਬਾਜਵਾ) - ਬਰੈਂਪਟਨ ’ਚ ਵਾਰਡ 9 ਅਤੇ 10 ਦੇ ਪੀਲ ਡਿਸਟ੍ਰਿਕਟ ਸਕੂਲ ਬੋਰਡ ਟਰੱਸਟੀ ਸਤਪਾਲ ਸਿੰਘ ਜੌਹਲ ਵਲੋਂ ਬੀਤੇ ਦਿਨ ਸ਼ਹਿਰ ਦੇ ਪੂਰਬ ’ਚ ਸਥਿਤ ਕੈਸਲਬਰੁੱਕ ਸੈਕੰਡਰੀ ਸਕੂਲ ਦਾ ਵਿਸ਼ੇਸ਼ ਦੌਰਾ ਕੀਤਾ ਗਿਆ ਜਿੱਥੇ ਉਨ੍ਹਾਂ ਨੇ ਪ੍ਰਿੰਸੀਪਲ ਮਾਰਸੀਆ ਮੈਕਕ੍ਰਡੀ-ਫੈਗਨ, ਅਤੇ ਸੁਪਰਡੈਂਟ ਮੈਰੀ ਜੈਮੀਟ ਨਾਲ ਵਿਸਥਾਰਤ ਮੁਲਾਕਾਤ ਕੀਤੀ ਅਤੇ ਗੰਭੀਰ ਮੁੱਦਿਆਂ ਉਪਰ ਵਿਚਾਰਾਂ ਕੀਤੀਆਂ। ਇਸ ਵੱਡੇ ਸਕੂਲ ਵਿੱਚ 1950 ਤੋਂ ਵੱਧ ਵਿਦਿਆਰਥੀ ਪੜ੍ਹਦੇ ਹਨ, ਅਤੇ ਓਥੇ 101 ਫੁੱਲ-ਟਾਈਮ ਅਧਿਆਪਕ ਹਨ। ਪ੍ਰਿੰਸੀਪਲ ਮਾਰਸੀਆ ਮੈਕਕ੍ਰਡੀ-ਫੈਗਨ ਨੇ ਦੱਸਿਆ ਕਿ ਸਕੂਲ ਵਿੱਚ ਲੱਗਭੱਗ 75 ਫੀਸਦੀ ਵਿਦਿਆਰਥੀ ਦੱਖਣੀ ਏਸ਼ੀਆਈ ਮੂਲ ਦੇ ਹਨ, ਸੌਖਾ ਸਮਝਣਾ ਹੋਵੇ ਤਾਂ ਕਿਹਾ ਜਾ ਸਕਦਾ ਹੈ ਕਿ 75 ਫੀਸਦ ਵਿਦਿਆਰਥੀ ਤੇ ਵਿਦਿਆਰਥਣਾਂ ਪੰਜਾਬੀ ਭਾਈਚਾਰੇ ਦੇ ਹਨ। ਇਸ ਸਕੂਲ ਵਿੱਚ ਤਕਰੀਬਨ 60 ਪ੍ਰਤੀਸ਼ਤ ਮੁੰਡੇ ਪੜ੍ਹਦੇ ਹਨ। ਬਰੈਂਪਟਨ ਦੇ ਵਾਰਡ 9 ’ਚ ਸਥਿਤ ਹੈਰਲਡ ਬਰੈੱਥਵੇਟ ਸੈਕੰਡਰੀ ਸਕੂਲ ਵਾਂਗ, ਏਸ ਸਕੂਲ ਵਿੱਚ ਵੀ ਕੁੜੀਆਂ ਘੱਟ ਗਿਣਤੀ ਵਿੱਚ ਹਨ। ਟਰੱਸਟੀ ਸਤਪਾਲ ਸਿੰਘ ਜੌਹਲ ਨੇ ਦੱਸਿਆ ਕਿ ਸਕੂਲ ਦੀ ਪਾਰਕਿੰਗ ਵਿੱਚ ਅਸਧਾਰਨ ਮਾਹੌਲ ਅਤੇ ਸਰਗਰਮੀਆਂ ਦੇਖੀਆਂ ਗਈਆਂ (ਜਿਵੇਂ ਕੁਝ ਮੁੰਡੇ ਤੇ ਕੁੜੀਆਂ ਸਵੇਰੇ 10.30 ਵਜੇ ਕਾਰਾਂ ਵਿੱਚ ਬੈਠੇ, ਵਾਹਨਾਂ ਨਾਲ ਭਰੀ ਪਾਰਕਿੰਗ, ਗਲਤ ਜਗ੍ਹਾ ਪਾਰਕਿੰਗ, ਆਦਿਕ)। ਇਸ ਬਾਰੇ ਧਿਆਨ ਦਿਵਾਉਣ ਮਗਰੋਂ ਪ੍ਰਿੰਸੀਪਲ ਨੇ ਪਾਰਕਿੰਗ ਦੀ ਨਿਗਰਾਨੀ ਕਰਨ ਲਈ ਸਹਿਮਤੀ ਦਿੱਤੀ। ਉਨ੍ਹਾਂ ਨੇ ਸਕੂਲ ਦੇ ਅੰਦਰ ਅਤੇ ਬਾਹਰ ਵਿਦਿਆਰਥੀਆਂ ਦੀਆਂ ਸਰਗਰਮੀਆਂ ਉਪਰ ਨਜ਼ਰ ਰੱਖਣ ਲਈ ਦੋ ਮਾਨੀਟਰ (ਚੌਂਕੀਦਾਰ) ਰੱਖ ਲਏ ਹਨ ਅਤੇ ਦੋ ਹੋਰ ਰੱਖਣੇ ਹਨ। ਪ੍ਰਿੰਸੀਪਲ ਮੈਕਕ੍ਰਡੀ-ਫੈਗਨ ਅਤੇ ਐਜੂਕੇਸ਼ਨ ਸੁਪਰਡੈਂਟ ਜੈਮੀਟਨਾਲ ਉੱਚ-ਪੱਧਰੀ ਮੀਟਿੰਗ ਦੌਰਾਨ ਸਕੂਲ ਵਿੱਚ 18 ਨਵੰਬਰ, 2022 ਨੂੰ ਵਾਪਰੀ ਗੋਲੀਬਾਰੀ ਦੀ ਘਟਨਾ 'ਤੇ ਚਰਚਾ ਹੋਈ। ਪ੍ਰਿੰਸੀਪਲ ਨੇ ਦੱਸਿਆ ਕਿ ਉਸ ਘਟਨਾ ਵਿੱਚ ਜ਼ਖਮੀ ਹੋਇਆ ਵਿਦਿਆਰਥੀ ਹੁਣ ਠੀਕ ਹੈ, ਅਤੇ ਹੁਣ ਉਹ ਸਕੂਲ ਵਿੱਚ ਆ ਰਿਹਾ ਹੈ। ਗੋਲੀ ਚਲਾਉਣ ਵਾਲੇ (ਵਿਦਿਆਰਥੀ) ਨੂੰ ਪੀਲ ਸਕੂਲ ਬੋਰਡ ਵਿੱਚੋਂ ਕੱਢ ਦਿੱਤਾ ਗਿਆ ਹੈ। ਇਹ ਦੋਵੇਂ ਮੁੰਡੇ ਪੰਜਾਬੀ ਮੂਲ ਦੇ ਕੈਨੇਡੀਅਨ ਹਨ। ਇਸ ਬਾਰੇ ਕਿ ਇੱਕ ਵਿਦਿਆਰਥੀ ਨੇ ਦੂਜੇ ਵਿਦਿਆਰਥੀ ਨੂੰ ਗੋਲੀ ਕਿਉਂ ਮਾਰੀ, ਤਾਂ ਪ੍ਰਿੰਸੀਪਲ ਨੇ ਕਿਹਾ ਕਿ ਮਾਮੂਲੀ ਗੱਲ ਸੀ। ਇਕ ਮੁੰਡੇ ਨੇ ਦੂਜੇ ਨੂੰ ਧੱਕਾ ਮਾਰਿਆ ਉਪਰੰਤ ਬਹਿਸ ਹੋਈ ਅਤੇ ਪਿਸਤੌਲਧਾਰੀ ਮੁੰਡੇ ਨੇ ਗੋਲੀ ਚਲਾ ਦਿੱਤੀ। ਸਿੱਟੇ ਸਾਡੇ ਸਾਹਮਣੇ ਹਨ। ਪ੍ਰਿੰਸੀਪਲ ਨੇ ਇਹ ਵੀ ਕਿਹਾ ਕਿ ਜਦੋਂ ਪੁਲਿਸ ਕਿਸੇ ਵਿਦਿਆਰਥੀ ਖਿਲਾਫ (ਗੈਰਕਾਨੂੰਨੀ ਕਾਰਵਾਈਆਂ ਲਈ) ਕਾਰਵਾਈ ਕਰਕੇ ਪਾਬੰਦੀਆਂ ਲਾ ਦਵੇ, ਤਾਂ ਸਕੂਲ ਦੇ ਪ੍ਰਬੰਧਕਾਂ ਕੋਲ ਪੁਲਿਸ ਵਿਭਾਗ ਦੀਆਂ ਹਦਾਇਤਾਂ ਦੀ ਪਾਲਣਾ ਕਰਨ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਹੁੰਦਾ, ਜਿਸ ਦਾ ਭਾਵ ਹੈ ਕਿ ਵਿਦਿਆਰਥੀ ਨੂੰ ਸਕੂਲ ਵਿੱਚ ਜਾਣ ਤੋਂ ਰੋਕਣਾ ਪੈਂਦਾ ਹੈ। ਪ੍ਰਿੰਸੀਪਲ ਨੇ ਇਹ ਵੀ ਕਿਹਾ ਕਿ ਗੋਲੀ ਚੱਲਣ ਦੀ ਘਟਨਾ ਤੋਂ ਬਾਅਦ ਝਗੜਿਆਂ ਦੀ ਸਥਿਤੀ ਹੁਣ ਕੁਝ ਹੱਦ ਤੱਕ ਸ਼ਾਂਤ ਹੋ ਚੁੱਕੀ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਸਮੱਸਿਆਵਾਂ ਪੈਦਾ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ ਦੇ 10 ਪ੍ਰਤੀਸ਼ਤ ਤੋਂ ਵੱਧ ਨਹੀਂ ਹਨ ਜਦ ਕਿ ਸਕੂਲ ਵਿੱਚ ਕੁੱਲ (1950+) ਤੋਂ ਵੱਧ ਵਿਦਿਆਰਥੀ ਅਤੇ ਵਿਦਿਆਰਥਣਾਂ ਹਨ। ਸਕੂਲ 'ਚ ਗੁੰਡਾਗਰਦੀ ਰੋਕਣ ਲਈ ਜਾਗਰੂਕਤਾ ਮੁਹਿੰਮ ਚਲਾਈ ਜਾ ਚੁੱਕੀ ਹੈ। ਇਹ ਵੀ ਕਿ ਸਕੂਲ ਦੇ ਪ੍ਰਬੰਧਕ ਵਿਦਿਆਰਥੀਆਂ ਅਤੇ ਮਾਪਿਆਂ ਦੇ ਵਿਵਹਾਰ ਬਾਰੇ ਮਸਲਿਆਂ ਨੂੰ ਬੇਹਤਰ ਢੰਗ ਨਾਲ ਸਮਝਣ ਲਈ (ਪੰਜਾਬੀ) ਭਾਈਚਾਰੇ ਦੇ ਸਮਾਜਿਕ ਮਾਹਿਰਾਂ ਦੀ ਸਲਾਹ ਵੀ ਲੈਂਦੇ ਹਨ। ਪ੍ਰਿੰਸੀਪਲ ਨੇ ਇਹ ਵੀ ਕਿਹਾ ਕਿ ਭੂਰੇ (ਪੰਜਾਬੀ) ਅਤੇ ਕਾਲੇ (ਜਮੈਕਨ) ਵਿਦਿਆਰਥੀਆਂ ਵਿਚਕਾਰ ਲੜਾਈਆਂ ਦਾ ਰੁਝਾਨ ਕੁਝ ਸਮਾਂ ਚੱਲਦਾ ਰਿਹਾ ਹੈ, ਪਰ ਹੁਣ ਇਹ ਰੁਝਾਨ ਪੰਜਾਬੀ ਵਿਦਿਆਰਥੀਆਂ ਦੇ ਗੁੱਟਾਂ ਦੀਆਂ ਲੜਾਈਆਂ ਵਿੱਚ ਬਦਲ ਚੁੱਕਾ ਹੈ ਜੋ ਕਿ ਚਿੰਤਾ ਦਾ ਵਿਸ਼ਾ ਹੈ। ਪ੍ਰਿੰਸੀਪਲ ਨੇ ਇਹ ਵੀ ਦੱਸਿਆ ਕਿ ਸਕੂਲ ਵਿੱਚ ਲੰਬੇ ਅਰਸੇ ਤੋਂ ਲੜਕੀਆਂ ਦੇ ਲੜਾਈ-ਝਗੜਿਆਂ ਦਾ ਕੋਈ ਕੇਸ ਸਾਹਮਣੇ ਨਹੀਂ ਆਇਆ। ਇਹ ਪੁੱਛੇ ਜਾਣ 'ਤੇ ਕਿ ਮੁੰਡੇ ਕਿਉਂ ਲੜਦੇ ਹਨ, ਪ੍ਰਿੰਸੀਪਲ ਨੇ ਕਿਹਾ ਕਿ ਕੋਈ ਖਾਸ ਮੁੱਦਾ ਨਹੀਂ ਹੁੰਦਾ। ਆਮ ਤੌਰ 'ਤੇ ਇੱਕ ਦੀ ਦੋਸਤੀਆਂ-ਮਿੱਤਰਤਾਵਾਂ, (ਗਰਲ)ਫਰੈਂਡ ਵਗੈਰਾ ਦੇ ਬਖੇੜੇ, ਕੋਈ (ਫੋਨ) ਚੋਰੀ ਜਾਂ ਮੁੰਡੀਰ ਵਲੋਂ ਆਪਣੀ ਚੌਧਰ ਬਰਕਰਾਰ ਰੱਖਣ ਦੀ ਹੈਂਕੜ ਹੀ ਲੜਾਈ ਦਾ ਕਾਰਨ ਬਣਦੀ ਹੈ। ਸਕੂਲ ਦੇ ਅੰਦਰ ਅਤੇ ਬਾਹਰ ਸੁਰੱਖਿਆ ਲਈ ਨਵੀਂ ਤਕਨੀਕ ਦੇ ਕੈਮਰੇ ਲਗਾਏ ਗਏ ਹਨ। ਪ੍ਰਿੰਸੀਪਲ ਅਤੇ 3 ਵਾਈਸ ਪ੍ਰਿੰਸੀਪਲ ਵਾਸ਼ਰੂਮਾਂ ਵਿੱਚ ਹੋਣ ਵਾਲੇ ਇਕੱਠਾਂ (ਲੜਾਈਆਂ) ਰੋਕਣ ਲਈ ਮੁਸਤੈਦ ਰਹਿੰਦੇ ਹਨ। ਪ੍ਰਿੰਸੀਪਲ ਨੇ ਪੁਸ਼ਟੀ ਕੀਤੀ ਕਿ ਮਾਪੇ ਆਪ ਹੀ ਆਪਣੇ ਸਕੂਲ ਜਾਣ ਵਾਲੇ ਬੱਚਿਆਂ ਨੂੰ ਨਕਦੀ, ਕ੍ਰੈਡਿਟ/ਡੈਬਿਟ ਕਾਰਡ, ਫ਼ੋਨ, ਮਹਿੰਗੇ ਵਾਹਨ ਅਤੇ ਹੋਰ ਆਲੀਸ਼ਾਨ ਵਸਤਾਂ ਪ੍ਰਦਾਨ ਕਰਦੇ ਹਨ। ਜਦਕਿ, ਪੀਲ ਦੇ ਸਕੂਲਾਂ ਵਿੱਚ ਪੜ੍ਹਨ ਲਈ ਵਿਦਿਆਰਥੀਆਂ ਕੋਲ਼ ਇਹ ਚੀਜ਼ਾਂ ਦਾ ਹੋਣਾ ਜਰੂਰੀ ਹੈ। ਸਤਪਾਲ ਸਿੰਘ ਜੌਹਲ ਨੇ ਦੱਸਿਆ ਕਿ ਹੁਣ ਤੱਕ ਸਕੂਲਾਂ ਵਿੱਚ ਕੀਤੀਆਂ ਮੀਟਿੰਗਾਂ ਤੋਂ ਸਪੱਸ਼ਟ ਹੋਇਆ ਹੈ ਕਿ ਮਾਪੇ ਆਪਣੇ ਬੱਚਿਆਂ ਨੂੰ ਖਾਣਾ ਖਰੀਦਣ ਵਾਸਤੇ ਪੈਸੇ ਦੇ ਕੇ ਸਕੂਲ ਭੇਜਣ ਦਿ ਬਜਾਏ ਘਰੋਂ ਖਾਣਾ ਦੇ ਕੇ ਸਕੂਲ ਭੇਜਣ ਤਾਂ ਕਿ ਬੱਚੇ ਕੋਲ਼ ਸਕੂਲ ਤੋਂ ਬਾਹਰ ਜਾਣ (ਕੈਸ਼ ਨਾਲ਼ ਡਰੱਗ, ਸਿਗਰਟਾਂ ਜਾਂ ਭੰਗ ਖਰੀਦਣ) ਦਾ ਬਹਾਨਾ ਨਾ ਹੋਵੇ। ਦੁਪਹਿਰ ਦੇ ਖਾਣੇ (ਲੰਚ) ਦੇ ਸਮੇਂ ਸਕੂਲ ਦੇ ਅੰਦਰ ਅਤੇ ਬਾਹਰ ਭੀੜ-ਭੜੱਕੇ ਨੂੰ ਨਿਯੰਤਰਿਤ ਕਰਨ ਲਈ, ਪ੍ਰਿੰਸੀਪਲ ਨੇ ਇਕ ਨਵੀਂ ਨੀਤੀ ਤਿਆਰ ਕੀਤੀ ਹੈ ਜਿਸ ਮੁਤਾਬਿਕ ਸਾਰੇ ਵਿਦਿਆਰਥੀ ਇੱਕੋ ਸਮੇਂ ਲੰਚ ਕਰਨ ਲਈ ਨਹੀਂ ਜਾਣਗੇ। ਅੱਧੇ ਵਿਦਿਆਰਥੀਆਂ ਨੂੰ ਸਵੇਰੇ 11.26 ਵਜੇ ਲੰਚ ਦੀ ਛੁੱਟੀ ਦਿੱਤੀ ਜਾਵੇਗੀ, ਅਤੇ ਦੂਜੇ ਅੱਧ ਨੂੰ 12.41 ਵਜੇ ਲੰਚ ਬਰੇਕ ਮਿਲੇਗੀ। ਕੈਸਲਬਰੁੱਕ ਸੈਕੰਡਰੀ ਸਕੂਲ ਦੇ ਪ੍ਰਬੰਧਕ ਸਕ਼ ਵਿੱਚ ਨਕਲੀ ਪਿਸਤੌਲ ਲਿਜਾਣ ਅਤੇ ਗੜਬੜ ਕਰਨ ਦੇ ਮੁੱਦੇ ਤੇ 9 ਵਿਦਿਆਰਥੀਆਂ ਨੂੰ (ਹਰੇਕ ਨੂੰ 20 ਦਿਨਾਂ ਲਈ) ਸਸਪੈਂਡ ਕਰਨ ਦਾ ਫੈਸਲਾ ਲੈ ਰਹੇ ਹਨ। ਕੁਝ ਵਿਦਿਆਰਥੀ ਹਾਲ ਹੀ ਵਿੱਚ ਸਕੂਲ ਵਿੱਚ 3 ਨਕਲੀ ਬੰਦੂਕਾਂ ਸਮੇਤ ਫੜੇ ਗਏ ਸਨ। ਯਾਦ ਰਹੇ ਕਿ ਕੈਨੇਡਾ ਦੇ ਸਕੂਲਾਂ ਵਿੱਚ ਅਸਲੀ ਜਾਂ ਨਕਲੀ ਬੰਦੂਕਾਂ/ਚਾਕੂ/ਹਥਿਆਰ ਲਿਜਾਣ ਦੀ ਇਜਾਜ਼ਤ ਨਹੀਂ ਹੈ। ਪ੍ਰਿੰਸੀਪਲ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਜਦੋਂ ਕਿਸੇ ਬੱਚੇ ਨੂੰ ਸਸਪੈਂਡ ਕੀਤਾ ਜਾਂਦਾ ਹੈ ਤਾਂ ਉਨ੍ਹਾਂ ਦੇ ਮਾਪਿਆਂ ਦਾ ਪ੍ਰੇਸ਼ਾਨ ਹੋਣਾ ਸੁਭਾਵਿਕ ਹੈਪਰ ਕਮਾਲ ਦੀ ਗੱਲ ਇਹ ਹੈ ਕਿ ਉਹ ਮਾਪੇ (ਆਦਤ ਅਨੁਸਾਰ) ਆਪਣੇ ਸਸਪੈਂਡ ਬੱਚਿਆਂ ਦਾ ਪੱਖ ਪੂਰਦੇ ਹਨ ਅਤੇ ਟੀਚਰਾਂ, ਪਿੰਸੀਪਲਾਂ ਨਾਲ਼ ਖਹਿਬੜਦੇ ਹਨ। ਪ੍ਰਿੰਸੀਪਲ ਨੇ ਇਹ ਵੀ ਕਿਹਾ ਕਿ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਇਹ ਸਮਝਣਾ ਲੈਣਾ ਚਾਹੀਦਾ ਹੈ ਕਿ ਸਕੂਲ ਤੋਂ ਸਸਪੈਂਸ਼ਨ (ਜਾਂ ਕੱਢਿਆ ਜਾਣਾ) ਵਿਦਿਆਰਥੀ ਦੇ (ਖਤਰਨਾਕ) ਵਤੀਰੇ ਦਾ ਨਤੀਜਾ ਹੁੰਦਾ ਹੈ। ਪ੍ਰਿੰਸੀਪਲ ਅਤੇ ਸੁਪਰਡੈਂਟ ਆਫ ਐਜੂਕੇਸ਼ਨ ਨੇ ਇਹ ਵੀ ਕਿਹਾ ਕਿ 20 ਸਾਲ ਪੁਰਾਣਾ ਪ੍ਰੋਗਰਾਮ ਸਕੂਲ ਵਿੱਚ ਅਮਨ ਕਾਇਮ ਰੱਖਣ ਲਈ ਮਦਦਗਾਰ ਨਹੀਂ ਹੈ ਕਿਉਂਕਿ ਹੁਣ ਸੋਸ਼ਲ ਮੀਡੀਆ ਨੌਜਵਾਨਾਂ ਅਤੇ ਸਮਾਜ ਦੇ ਜੀਵਨ ਦਾ ਇੱਕ ਪ੍ਰਭਾਵਸ਼ਾਲੀ ਹਿੱਸਾ ਬਣ ਗਿਆ ਹੈ। ਉਨ੍ਹਾਂ ਨੇ ਇਹ ਵੀ ਦੱਸਿਆ ਕਿ ਰਾਹੀਂ ਚੋਣਵੇਂ ਵਿਦਿਆਰਥੀਆਂ ਦੀ ਨਿਗਰਾਨੀ (ਜਾਸੂਸੀ) ਕੀਤੇ ਜਾਣ ਬਾਰੇ ਤਾ ਲੱਗਦਾ ਰਹਿੰਦਾ ਸੀ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਆਪਣੇ ਆਲੇ ਦੁਆਲੇ ਪੁਲਿਸ ਦੀ ਮੌਜੂਦਗੀ ਤੋਂ ਔਖ ਮਹਿਸੂਸ ਕਰਦੇ ਸਨ। ਪ੍ਰਿੰਸੀਪਲ ਨੇ ਇਹ ਵੀ ਕਿਹਾ ਕਿ ਸਕੂਲ ਦੇ ਮਾਹੌਲ ਵਿੱਚ ਨੋਟ ਕੀਤਾ ਗਿਆ ਹੈ ਕਿ ਇਮੀਗ੍ਰਾਂਟ ਪਰਿਵਾਰਾਂ ਦੇ ਬੱਚੇ ਆਮ ਤੌਰ 'ਤੇ ਪਿੱਛੇ (ਭਾਰਤ ਵਿੱਚ) ਰਾਜਨੀਤਿਕ ਘਟਨਾਵਾਂ ਅਤੇ ਸੱਭਿਆਚਾਰ (ਸਮੇਤ ਗੁਸੈਲ਼ ਸੁਭਾਅ) ਤੋਂ ਬਹੁਤ ਪ੍ਰਭਾਵਿਤ ਰਹਿੰਦੇ ਹਨ। ਪ੍ਰਿੰਸੀਪਲ ਦਾ ਆਖਣਾ ਹੈ ਕਿ ਵਿਦਿਆਰਥੀਆਂ ਦੇ ਮਾਪਿਆਂ ਨੇ ਵਰਦੀ ਬਾਰੇ ਕਦੇ ਕੋਈ ਚਰਚਾ ਨਹੀਂ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਇਕੱਲੀ ਵਰਦੀ ਮਸਲਿਆਂ ਦਾ ਹੱਲ ਨਹੀਂ ਹੋ ਸਕਦੀ ਕਿਉਂਕਿ ਬਹੁਤ ਸਾਰੀਆਂ ਸਮੱਸਿਆਵਾਂ ਸਕੂਲ ਦੇ ਸਮੇਂ ਦੌਰਾਨ ਤਾਂ ਸ਼ੁਰੂ ਵੀ ਨਹੀਂ ਹੁੰਦੀਆਂ। ਇਸ ਕਰਕੇ, ਘਰਾਂ ਦੇ ਅੰਦਰ ਤੋਂ ਬੱਚਿਆਂ ਦੀਆਂ ਸੈੱਲ ਫੋਨਾਂ, ਕੰਪਿਊਟਰਾਂ ਅਤੇ ਸੋਸ਼ਲ ਮੀਡੀਆ ਰਾਹੀਂ ਚੱਲਦੀਆਂ ਬੇਲਗਾਮ ਚੈਟਾਂ (ਗੱਲਬਾਤਾਂ) ਉਪਰ ਮਾਪਿਆਂ ਵਲੋਂ ਨਿਯੰਤਰਣ ਰੱਖਣਾ ਅਤਿ ਜਰੂਰੀ ਹੈ। ਸੁਪਰਡੈਂਟ ਜੈਮੀਟ ਨੇ ਸੁਝਾਅ ਦਿੱਤਾ ਕਿ ਬੱਚਿਆਂ ਦੀ ਸੋਸ਼ਲ ਮੀਡੀਆ ਵਰਤੋਂ ਸੀਮਤ ਕਰਨ ਲਈ, ਮਾਪੇ ਰਾਤ ਨੂੰ 10 ਵਜੇ ਇੰਟਰਨੈਟ ਨੂੰ ਬੰਦ ਕਰ ਸਕਦੇ ਹਨ। ਰਾਤ ਦੇ ਸਮੇਂ ਬੈੱਡਰੂਮ ਵਿੱਚ ਵਾਈ-ਫਾਈ ਉਪਲੱਬਧ ਨਾ ਹੋਣ ਮਤਲਬ ਹੈ ਕਿ ਬੱਚੇ ਰਾਤ ਨੂੰ ਜਲਦੀ ਸੌਣਗੇ, ਅਤੇ ਸਵੇਰ ਨੂੰ ਉਹ ਸਕੂਲ ਜਾਣ ਲਈ ਜਲਦੀ ਜਾਗ ਪਿਆ ਕਰਨਗੇ। ਇਹ ਵੀ ਕਿ ਇੰਟਰਨੈਟ ਕੰਪਨੀਆਂ (ਰੋਜਰਜ਼, ਬੈੱਲ, ਟੈਲਸ ਆਦਿਕ) ਵਲੋਂ ਹਰੇਕ ਫੋਨ ਤੋਂ ਵਾਈਫਾਈ ਬੰਦ ਕਰਨ ਦਾ ਐਪ ਦਿੱਤਾ ਜਾਦਾ ਹੈ ਅਤੇ ਇਸ ਦਾ ਤਰੀਕਾ ਕੰਪਨੀਆਂ ਤੋਂ ਪਤਾ ਕੀਤਾ ਜਾ ਸਕਦਾ ਹੈ। ਆਖਿਰ ਵਿੱਚ, ਪ੍ਰਿੰਸੀਪਲ ਨੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਕੈਸਲਬਰੁੱਕ ਸੈਕੰਡਰੀ ਸਕੂਲ ਦੇ ਕਿਸੇ ਵਿਰਲੇ ਵਿਦਿਆਰਥੀ ਅਤੇ ਵਿਦਆਰਥਣ ਦੇ ਮਾਪੇ ਪੇਰੈਂਟਸ ਕੌਂਸਲ ਦੀਆਂ ਮੀਟਿੰਗਾਂ ਵਿੱਚ ਦਿਲਚਸਪੀ ਲੈਂਦੇ ਹਨ।



ਬਰੈਂਪਟਨ ਦੇ ਵਾਰਡ 9 ਅਤੇ 10 ਤੋਂ ਪੀਲ ਸਕੂਲ ਬੋਰਡ ਟਰੱਸਟੀਸਤਪਾਲ ਸਿੰਘ ਜੌਹਲ ਕੈਸਲਬਰੁੱਕ ਸਕੂਲ ਵਿੱਚ ਪ੍ਰਿੰਸੀਪਲ ਮਾਰਸੀਆ ਮੈਕਕ੍ਰਡੀ-ਫੈਗਨ ਅਤੇ ਸੁਪਰਡੈਂਟ ਮੈਰੀ ਜੈਮੀਟ ਨਾਲ਼।

# ਸ਼ੋਕ ਸਮਾਚਾਰ: ਕਾਮਰੇਡ ਹਰਦਿਆਲ ਸਿੰਘ ਮਿਨਹਾਸ ਨਹੀਂ ਰਹੇ, ਅੰਤਿਮ ਸਸਕਾਰ 25 ਫਰਵਰੀ ਨੂੰ

**ਸਸਕਾਰ: 25 ਫਰਵਰੀ, ਦਿਨ ਸ਼ਨੀਵਾਰ ਨੂੰ ਸ਼ਾਮ 3 ਵਜੇ ਤੋਂ 5 ਵਜੇ ਤੱਕ**
**Location: Brampton Crematorium & Visitation Centre Address: 30 Bramwin Ct, Brampton.**

**ਭੋਗ ਅਤੇ ਅੰਤਿਮ ਅਰਦਾਸ**
25 ਫਰਵਰੀ, ਦਿਨ ਸ਼ਨੀਵਾਰ ਨੂੰ ਸ਼ਾਮ 5:30-7:30 ਤੱਕ
Location: Ontario Khalsa Darbar, Dixie Gurdwara (Hall No. 2) Address: 7080 Dixie Rd, Mississauga.
ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ 647-449-9697, 647-274-7897, 647-300-5214 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

ਬਰੈਂਪਟਨ, 23 ਫਰਵਰੀ (ਪੋਸਟ ਬਿਊਰੋ) : ਸੀਪੀਆਈ (ਐਮ) ਅਤੇ ਬਿਜਲੀ ਮੁਲਾਜ਼ਮਾਂ ਦੇ ਉੱਘੇ ਆਗੂ ਕਾਮਰੇਡ ਹਰਦਿਆਲ ਸਿੰਘ ਮਿਨਹਾਸ ਸਦੀਵੀ ਵਿਛੋੜੇ ਦੇ ਗਏ ਹਨ। ਉਨ੍ਹਾਂ ਨੇ 20 ਫਰਵਰੀ ਦੁਪਹਿਰ ਨੂੰ ਕੈਨੇਡਾ ਦੇ ਬਰੈਂਪਟਨ ਸ਼ਹਿਰ ਦੇ ਹਸਪਤਾਲ ਵਿਚ ਆਖਰੀ ਸਾਹ ਲਿਆ। ਉਹਨਾਂ ਦਾ ਅੰਤਿਮ ਸੰਸਕਾਰ ਪੱਚੀ ਫਰਵਰੀ ਸ਼ਨੀਵਾਰ ਬਰੈਂਪਟਨ ਵਿਖੇ ਹੋਵੇਗਾ। ਮਾਸਟਰ ਭਗਤ ਰਾਮ ਸਾਬਕਾ ਐਮ ਪੀ ਵਲੋਂ ਦੱਸਿਆ ਗਿਆ ਕਿ ਉਹ ਪਹਿਲਾਂ ਫੂਡ ਪਾਈਪ ਦੀ ਇਨਫੈਕਸ਼ਨ ਤੋ ਬਾਅਦ ਵਿੱਚ ਫੇਫੜਿਆਂ ਦੀ ਬੀਮਾਰੀ ਤੋਂ ਪੀੜਤ ਸਨ। ਉਹ ਪਿਛਲੇ ਤਿੰਨ ਹਫ਼ਤਿਆਂ ਤੋਂ ਹਸਪਤਾਲ ਵਿਚ ਇਲਾਜ ਲਈ ਦਾਖਲ ਸਨ। ਉਹ ਆਪਣੇ ਪਿੱਛੇ ਪਤਨੀ ਅਮਰਜੀਤ ਕੌਰ ਮਿਨਹਾਸ ਅਤੇ ਤਿੰਨ ਪੁੱਤਰ ਸਰਵਪ੍ਰੀਤ ਮਿਨਹਾਸ, ਰੁਪਿੰਦਰ ਮਿਨਹਾਸ ਤੇ ਮਨਪ੍ਰੀਤ ਮਿਨ-ਹਾਸ ਛੱਡ ਗਏ ਹਨ। ਜੋ ਰੀਅਲ ਅਸਟੇਟ ਅਤੇ ਲਾਅ ਫਰਮ ਚਲਾਉਂਦੇ ਹਨ। ਉਹ ਏਥੇ ਬਰੈਂਪਟਨ ਵਿਖੇ ਆਪਣੀ ਧਰਮ ਪਤਨੀ ਸਮੇਤ ਆਪਣੇ ਪੁੱਤਰਾਂ ਕੋਲ ਰਹਿ ਰਹੇ ਸਨ । ਉਹ 79 ਸਾਲਾਂ ਦੇ ਸਨ।

ਉਨ੍ਹਾਂ ਦੇ ਪਰਿਵਾਰ ਨੇ ਅਠਾਰਾਂ ਫਰਵਰੀ ਨੂੰ ਹਸਪਤਾਲ ਵਿਚ ਹੀ ਉਹਨਾਂ ਦਾ ਜਨਮ ਦਿਨ ਮਨਾਇਆ ਸੀ। ਉਨ੍ਹਾਂ ਦਾ ਜੱਦੀ ਪਿੰਡ ਡਹੁੱਡਾ ਆਦਮਪੁਰ ਕੋਲ ਹੈ ਅਤੇ ਉਹ ਪਿਛਲੇ ਲੰਮੇ ਸਮੇਂ ਤੋਂ ਜਲੰਧਰ ਵਿਖੇ ਰਹਿ ਰਹੇ ਸਨ। ਉਹ ਪੰਜਾਬ ਦੇ ਬਿਜਲੀ ਮੁਲਾਜ਼ਮਾਂ ਦੀ ਸਿਰਮੌਰ ਤੇ ਸੰਘਰਸ਼ਸ਼ੀਲ ਜੱਥੇਬੰਦੀ ਟੀ ਐਸ ਯੂ ਦੇ ਲੰਮੇ ਸਮੇਂ ਤਕ ਸੂਬਾ ਜਨਰਲ ਸਕੱਤਰ ਦੀਆਂ ਸੇਵਾਵਾਂ ਬੜੀ ਤਨਦੇਹੀ, ਲਗਨ, ਦ੍ਰਿੜਤਾ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਰਹੇ। ਉਹ ਬਿਜਲੀ ਕਾਮਿਆਂ ਦੇ ਹਰਮਨਪਿਆਰੇ ਮਾਸਕ ਪੱਤਰ ਟੀਐਸਯੂ ਦੇ ਬੁਲਾਰੇ ਬਿਜਲੀ ਕਾਮਾ ਦੇ ਮੋਢੀ ਸੰਪਾਦਕ ਸਨ।

ਉਨ੍ਹਾਂ ਦੀ ਜਥੇਬੰਦਕ ਟੀਮ ਦੀ ਅਗਵਾਈ ਹੇਠ ਬਿਜਲੀ ਮੁਲਾਜ਼ਮਾਂ ਨੇ ਸਰਕਾਰੀ ਜ਼ਬਰ ਜ਼ੁਲਮ ਦੀ ਪ੍ਰਵਾਹ ਨਾ ਕਰਦਿਆਂ ਕਈ ਲੋਕਲ ਤੇ ਸੂਬਾ ਪੱਧਰੀ ਲੰਮੇ ਸੰਘਰਸ਼ ਲੜੇ। ਸੰਘਰਸ਼ਾਂ ਦੀ ਅਗਵਾਈ ਕਰਦੇ ਉਹਨਾਂ ਨੂੰ ਸਰਕਾਰੀ ਜ਼ਬਰ ਅਧੀਨ ਨੌਕਰੀ ਤੋਂ ਮੁਅੱਤਲੀ ਅਤੇ ਅੰਡਰਗਰਾਊਂਡ ਹੋ ਕੇ ਮੁਸਕਲ ਹਾਲਤਾਂ ਵਿਚ ਜਥੇਬੰਦੀ ਦਾ ਕੰਮ ਕਰਨਾ ਪਿਆ ।ਇਸ ਦੌਰਾਨ ਬਿਜਲੀ ਮੁਲਾਜ਼ਮਾਂ ਦੀਆਂ ਆਰਥਿਕ ਤੇ ਸੇਵਾਵਾਂ ਆਦਿ ਨਾਲ ਸਬੰਧਤ ਅਹਿਮ ਮੰਗਾਂ ਸਰਕਾਰ ਨੂੰ ਪਰਵਾਨ ਕਰਨੀਆਂ ਪਾਈਆਂ। ਉਨ੍ਹਾਂ ਦੀ ਜਥੇਬੰਦਕ ਟੀਮ ਨੇ ਹੇਠੋਂ ਉੱਪਰ ਤੱਕ ਜਥੇਬੰਦਕ ਢਾਂਚੇ ਵਿੱਚ ਜਮਹੂਰੀਅਤ ਨੂੰ ਵਿਕਸਤ ਕੀਤਾ ਜੋ ਅੱਜ ਵੀ ਕਾਇਮ ਹੈ ਅਤੇ ਵਧ ਫੁੱਲ ਰਹੀ ਹੈ। ਉਨ੍ਹਾਂ ਦੀ ਟੀਮ ਨੇ ਸਾਰੇ ਸੂਬੇ ਵਿਚ ਜਥੇਬੰਦੀ ਦਾ ਮਜਬੂਤ ਅਧਾਰ ਕਾਇਮ ਕਰਨ ਲਈ ਬੜੀ ਤਨਦੇਹੀ ਨਾਲ ਕੰਮ ਕੀਤਾ। ਉਨ੍ਹਾਂ ਨੇ ਰਿਟਾਇਰਮੈਂਟ ਤੋਂ ਬਾਅਦ ਘਰ ਬੈਠ ਕੇ ਆਰਾਮ ਕਰਨ ਬਜਾਏ ਸੀ ਪੀ ਆਈ ਐਮ ਵਿਚ ਸ਼ਾਮਿਲ ਹੋਕੇ ਲੋਕ ਸੇਵਾ ਕਰਨ ਨੂੰ ਤਰਜੀਹ ਦਿੱਤੀ। ਸੀਪੀਆਈ (ਐਮ) ਦੇ ਸੂਬਾ ਕਮੇਟੀ ਦੇ ਮੈਂਬਰ ਵੀ ਰਹੇ ਅਤੇ ਜਲੰਧਰ ਦਫਤਰ ਤੋਂ ਲੰਮਾ ਸਮਾਂ ਲੋਕਾਂ ਦੀ ਸੇਵਾ ਕਰਦੇ ਰਹੇ।

ਉਨ੍ਹਾਂ ਦੀ ਬੇਵਕਤ ਮੌਤ ਨਾਲ ਉਨ੍ਹਾਂ ਦੇ ਪਰਿਵਾਰ, ਰਿਸ਼ਤੇਦਾਰਾਂ, ਦੋਸਤਾਂ ਮਿੱਤਰਾਂ, ਬਿਜਲੀ ਕਾਮਿਆਂ, ਸੀਪੀਆਈ (ਐਮ) ਅਤੇ ਖੱਬੀ ਜਮਹੂਰੀ ਲਹਿਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਮੈਂ ਇਸ ਦੁਖ ਦੀ ਘੜੀ ਉਨ੍ਹਾਂ ਦੇ ਪਰਿਵਾਰ ਅਤੇ ਉਨ੍ਹਾਂ ਨਾਲ ਸਬੰਧਤ ਸਾਰੀਆਂ ਧਿਰਾਂ ਨਾਲ ਦੁਖ ਸਾਂਝਾ ਕਰਦਿਆਂ ਡੂੰਘੀ ਹਮਦਰਦੀ ਪ੍ਰਗਟ ਕਰਦਾ ਹਾਂ। ਉਨ੍ਹਾਂ ਦੀ ਸੰਘਰਸ਼ਸ਼ੀਲ ਯਾਦ ਨੂੰ ਸੱਚੀ ਸ਼ਰਧਾਂਜਲੀ ਉਨ੍ਹਾਂ ਦੇ ਅਧੂਰੇ ਛੱਡੇ ਕੰਮ ਲੋਕ ਸੇਵਾ ਅਤੇ ਖੱਬੀ ਜਮਹੂਰੀ ਲਹਿਰ ਨੂੰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਯੋਗਦਾਨ ਪਾਉਣ ਲਈ ਸਭ ਨੂੰ ਪੁਰਜ਼ੋਰ ਅਪੀਲ ਕੀਤੀ ਜਾਂਦੀ ਹੈ। ਇਸ ਮੌਕੇ ਤੇ ਇੰਡੋ-ਕਨੇਡੀਅਨ ਵਰਕਰਜ਼ ਐਸੋਸੀਏਸ਼ਨ, ਭਾਰਤੀ ਮਜਦੂਰ ਸਭਾ ਯੂਕੇ ਅਤੇ ਇਟਲੀ ਬਰਾਂਚ ਵਲੋਂ ਵੀ ਸਾਥੀ ਮਿਨਹਾਸ ਦੀ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਪ੍ਰੀਵਾਰ ਨਾਲ ਹਮਦਰਦੀ ਪ੍ਰਗਟ ਕਰਦੇ ਹੋਏ ਸਾਥੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।




# ਉੱਠਣ-ਬੈਠਣ ਅਤੇ ਬੋਲਣ ਤੋਂ ਅਸਮਰੱਥ ਸੜਕ ਕਿਨਾਰੇ ਪਏ ਮੰਦ-ਬੁੱਧੀ ਮਰੀਜ਼ ਨੂੰ ਮਿਲੀ ਨਵੀਂ ਜ਼ਿੰਦਗੀ

ਤਿੰਨ-ਚਾਰ ਮਹੀਨਿਆਂ ਤੋਂ ਸਿਵਲ ਹਸਪਤਾਲ ਲੁਧਿਆਣਾ ਦੇ ਨਜ਼ਦੀਕ ਦਿਨ-ਰਾਤ ਚੱਲਦੀਆ ਸੜਕਾਂ ਕਿਨਾਰੇ ਇੱਕ ਮਜ਼ਬੂਰ, ਲਵਾਰਸ, ਮੰਦ-ਬੁੱਧੀ ਹਾਲਤ ਵਿੱਚ ਇੱਕ ਬੇਨਾਮ ਵਿਅਕਤੀ ਰੁਲ਼ ਰਿਹਾ ਸੀ। ਇਸ ਦੀ ਹਾਲਤ ਇੰਨੀ ਖਰਾਬ ਸੀ ਕਿ ਵਾਲ ਖਿਲਰੇ, ਮੈਲੇ-ਕੁਚੈਲੇ ਪਾਟੇ ਕੱਪੜੇ ਅਤੇ ਹੱਥਾਂ ਪੈਰਾਂ ਦੇ ਨਹੁੰ ਬਹੁਤ ਵਧੇ ਹੋਏ ਸਨ। ਉੱਠਣ-ਬੈਠਣ ਤੋਂ ਅਸਮਰੱਥ ਇਹ ਵਿਅਕਤੀ ਮਲ-ਮੂਤਰ ਵੀ ਪਿਆ ਹੀ ਕੱਪੜਿਆਂ ਵਿੱਚ ਕਰਦਾ ਸੀ ਜਿਸ ਕਰਕੇ ਇਸ ਤੋਂ ਬਹੁਤ ਬਦਬੂ ਆ ਰਹੀ ਸੀ। ਬੋਲਣ ਤੋਂ ਵੀ ਅਸਮਰੱਥ ਹੋਣ ਕਰਕੇ ਰੋਟੀ ਆਦਿ ਵੀ ਨਹੀਂ ਮੰਗ ਸਕਦਾ ਸੀ । ਜੇ ਕਰ ਕਿਸੇ ਦੇ ਮਨ ’ਚ ਰਹਿਮ ਆ ਜਾਂਦਾ ਤਾਂ ਖਾਣ ਲਈ ਕੁੱਝ ਦੇ ਜਾਂਦਾ ਨਹੀਂ ਤਾਂ ਭੁੱਖਾ-ਭਾਣਾ ਹੀ ਪਿਆ ਰਹਿੰਦਾ। ਆਸ-ਪਾਸ ਦੇ ਦੁਕਾਨਦਾਰ ਇਸ ਦਾ ਨਾਮ ਬੰਟੀ ਲੈਂਦੇ ਸਨ।



ਸੜਕ ਦੇ ਕਿਨਾਰੇ ਪਿਆ ਬੰਟੀ



ਸਰਾਭਾ ਆਸ਼ਰਮ ‘ਚ ਆਉਣ ਤੋਂ ਬਾਅਦ ਬੰਟੀ

11 ਫਰਵਰੀ ਵਾਲੇ ਦਿਨ ਉਸ ਇਲਾਕੇ ‘ਚ ਰਹਿਣ ਵਾਲੀ ਸੀਮਾ ਰਾਣੀ ਨਾਮ ਦੀ ਲੜਕੀ ਦੀ ਨਜ਼ਰ ਇਸ ਉੱਤੇ ਪਈ। ਉਸ ਦੇ ਮਨ ‘ਚ ਤਰਸ ਆਇਆ । ਉਸ ਨੇ ਹਿੰਮਤ ਕਰਕੇ ਕੁੱਝ ਹੋਰ ਦੁਕਾਨਦਾਰਾਂ, ਰਿਕਸ਼ਾ ਚਾਲਕਾਂ ਅਤੇ ਰਾਹਗੀਰਾਂ ਦੀ ਸਹਾਇਤਾ ਨਾਲ ਇਸ ਦੇ ਵਾਲ ਕੱਟੇ । ਕੁੱਝ ਵਿਅਕਤੀਆਂ ਨੇ ਇਸ ਨੂੰ ਸਿਵਲ ਹਸਪਤਾਲ ਦੇ ਨਜ਼ਦੀਕ ਬਣੇ ਬਾਥਰੂਮ ‘ਚ ਲਿਜਾ ਕੇ ਇਸ਼ਨਾਨ ਆਦਿ ਕਰਵਾਇਆ। ਉਸ ਉਪਰੰਤ ਸੀਮਾ ਰਾਣੀ ਨੇ ਦੋ ਹੋਰ ਵਿਅਕਤੀਆਂ ਲਖਵਿੰਦਰ ਸਿੰਘ ਤੇ ਕੇਸਰ ਸਿੰਘ ਦੀ ਸਹਾਇਤਾ ਨਾਲ ਇਸ ਨੂੰ ਸਰਾਭਾ ਪਿੰਡ ਦੇ ਨਜ਼ਦੀਕ ਬਣੇ ਗੁਰੂ ਅਮਰ ਦਾਸ ਅਪਾਹਜ ਆਸ਼ਰਮ ‘ਚ ਪੁਚ-ਾਇਆ ਤਾਂ ਜੋ ਇਸਦੀ ਚੰਗੀ ਦੇਖਭਾਲ ਹੋ ਸਕੇ।

ਆਸ਼ਰਮ ਵਿੱਚ ਆਉਣ ਤੋਂ ਬਾਅਦ ਸੇਵਾਦਾਰਾਂ ਵੱਲੋਂ ਇਸ ਦੀ ਦੇਖ-ਭਾਲ ਕੀਤੀ ਗਈ, ਭੋਜਨ ਛਕਾਇਆ ਗਿਆ ਅਤੇ ਸੌਣ ਲਈ ਬਿਸਤਰਾ ਦਿੱਤਾ ਗਿਆ। ਇਹ ਵਿਅਕਤੀ ਉੱਠ-ਬੈਠ ਨਹੀਂ ਸਕਦਾ। ਇਸ ਦੀ ਪਿੱਠ ਉੱਤੇ ਜ਼ਖਮ ਵੀ ਹਨ।

ਆਸ਼ਰਮ ਦੇ ਡਾਕਟਰ ਵੱਲੋਂ ਲੋੜ ਮੁਤਾਬਿਕ ਇਸ ਦੀ ਦਵਾਈ ਸ਼ੁਰੂ ਕਰ ਦਿੱਤੀ ਗਈ ਹੈ। ਉਮੀਦ ਹੈ ਕਿ ਆਸ਼ਰਮ ਵਿੱਚ ਹੋ ਰਹੀ ਚੰਗੀ ਦੇਖਭਾਲ ਸਦਕਾ ਇਸ ਦੀ ਹਾਲਤ ‘ਚ ਜਲਦੀ ਹੀ ਸੁਧਾਰ ਹੋ ਜਾਵੇਗਾ।

ਇਸ ਸੰਸਥਾ ਦੇ ਬਾਨੀ ਡਾ.ਨੌਰੰਗ ਸਿੰਘ ਮਾਂਗਟ ਅਤੇ ਪ੍ਰਧਾਨ ਚਰਨ ਸਿੰਘ ਦੇ ਦੱਸਣ ਮੁਤਾਬਕ ਇਸ ਆਸ਼ਰਮ ਵਿੱਚ ਦੋ ਸੌ (200) ਦੇ ਕਰੀਬ ਦਿਮਾਗੀ ਸੰਤੁਲਨ ਗੁਆ ਚੁੱਕੇ ਅਤੇ ਹੋਰ ਬਿਮਾਰੀਆ ਨਾਲ ਪੀੜਤ ਲਾਵਾਰਸ-ਬੇਘਰ ਮਰੀਜ਼ ਰਹਿੰਦੇ ਹਨ ਜਿੰਨ੍ਹਾਂ ਵਿੱਚ ਬਹੁਤ ਸਾਰੇ ਮਰੀਜ਼ ਪੂਰੀ ਤਰਾਂ ਸੁੱਧ-ਬੁੱਧ ਨਾ ਹੋਣ ਕਰਕੇ ਕੱਪੜਿਆਂ ਵਿੱਚ ਹੀ ਮਲ-ਮੂਤਰ ਕਰਦੇ ਹਨ। ਆਸ਼ਰਮ ਵਲੋਂ ਕੀਤੀ ਜਾ ਰਹੀ ਇਹ ਬੇਮਿਸ-ਾਲ ਤੇ ਨਿਰਸਵਾਰਥ ਸੇਵਾ ਗੁਰੂ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਚੱਲ ਰਹੀ ਹੈ।

ਅਵਾਹੁ ਸਜਨਾ ਹਉਂ ਦੇਖਾਂ ਦਰਸ਼ਨ ਤੇਰਾ ਰਾਮ

GURU NANAK NISHKAM SEWA CENTRE CANADA Regd.

ਹਮ ਚਾਕਰ ਗੋਬਿੰਦ ਕੇ ਠਾਕੁਰ ਮੇਰਾ ਭਾਰਾ

GURDWARA SAHIB
GURU NANAK NISHKAM SEWA CENTRE
NON-PROFIT ORGANIZATION
www.gurunanaknishkamsewa.org
12356 Mayfield and Bramalea Rd, Caledon

TAX & ACCOUNTING
TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX
Harcharan S. Grover
Chartered Accountant
ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ
Call for Professional Advice
905.247.0193
info@grovercpa.ca
GroVerCPA Professional Corporation



214-7895 Tranmere Drive, Mississauga ON L5S 1V9

# ਗਵਰਨਰ ਤੇ ਮੁੱਖ ਮੰਤਰੀ ਭਗਵੰਤ ਮਾਨ ਵਿਚਕਾਰ ਟਕਰਾਅ ਵਧਿਆ : ਰਾਜਪਾਲ ਨੇ ਵਿਧਾਨ ਸਭਾ ਦੇ ਬਜਟ ਸੈਸ਼ਨ ਦੀ ਨਹੀਂ ਦਿੱਤੀ ਪ੍ਰਵਾਨਗੀ

### –ਕਿਹਾ ਪਹਿਲਾਂ ਦੇ ਜਵਾਬ ਦੀ ਕਾਨੂੰਨੀ ਘੋਖ ਕਰਾਂਗਾ

ਚੰਡੀਗੜ੍ਹ , 23 ਫਰਵਰੀ (ਪੋਸਟ ਬਿਊਰੋ): ਰਾਜਪਾਲ ਪੰਜਾਬ ਬਨੂਵਾਰੀ ਲਾਲ ਪੁਰੋਹਿਤ ਨੇ ਭਗਵੰਤ ਮਾਨ ਕੈਬਨਿਟ ਵੱਲੋਂ ਪੰਜਾਬ ਵਿਧਾਨ ਸਭਾ ਦਾ ਬਜਟ ਸੈਸ਼ਨ ਬੁਲਾਏ ਜਾਣ ਦੀ ਪ੍ਰਵਾਨਗੀ ਦੇਣ ਤੋਂ ਫ਼ਿਲਿਹਾਲ ਨਾਂਹ ਕਰ ਦਿੱਤੀ ਹੈ . ਰਾਜਪਾਲ ਨੇ ਕਿਹਾ ਹੈ ਕਿ ਉਹ ਇਸ ਬਤੇ ਕੋਈ ਨਿਰਨਾ ਕਰਨ ਤੋਂ ਪਹਿਲਾਂ ਮੁੱਖ ਮੰਤਰੀ ਭਗਵੰਤ ਮਾਨ ਦੇ ਉਸ ਜਵਾਬ ਬਾਰੇ ਕਾਨੂੰਨੀ ਰਾਏ ਲੈਣਗੇ ਜੋ ਕਿ ਉਨ੍ਹਾਂ ਰਾਜਪਾਲ ਦੇ 13, ਫਰਵਰੀ 2023 ਨੂੰ ਲਿਖੇ ਲੈਟਰ ਦੇ ਜਵਾਬ ਵਿਚ ਭੇਜਿਆ ਸੀ . ਇਹ ਜਵਾਬ ਟਵੀਟ ਰਾਹੀਂ ਅਤੇ ਲਿਖਤੀ ਚਿੱਠੀ ਰਾਹੀਂ ਵੀ ਭੇਜਿਆ ਗਿਆ ਸੀ। ਰਾਜਪਾਲ ਵੱਲੋਂ ਅੱਜ ਮੁੱਖ ਮੰਤਰੀ ਨੂੰ ਭੇਜੇ ਗਏ 2 ਸਫ਼ਿਆਂ ਦੀ ਚਿੱਠੀ ਵਿਚ ਕਿਹਾ ਗਿਆ ਹੈ ਕਿ " ਤੁਹਾਡੇ ਵੱਲੋਂ ਟਵੀਟ ਅਤੇ ਚਿੱਠੀ ਰਾਹੀਂ ਭੇਜਿਆ ਗਿਆ ਜਵਾਬ ਗੈਰ–ਸੰਵਿਧਾਨਿਕ ਵੀ ਹੈ ਅਤੇ ਅਪਮਾਨ–ਜਨਕ ਭਾਸ਼ਾ ਵਾਲਾ ਵੀ ਹੈ , ਇਸ ਲਈ ਮੈਂ ਇਸ ਮੁੱਦੇ ਤੇ ਕਾਨੂੰਨੀ ਸਲਾਹ ਲੈਣ ਲਈ ਮਜਬੂਰ ਹਾਂ . ਕਾਨੂੰਨੀ



ਸਲਾਹ ਲੈਣ ਤੋਂ ਬਾਅਦ ਹੀ ਮੈਂ ਸੈਸ਼ਨ ਬਾਰੇ ਤੁਹਾਡੀ ਬੇਨਤੀ ਤੇ ਫ਼ੈਸਲਾ ਕਰਾਂਗਾ। ਇਸ ਇਸ ਚਿੱਠੀ ਦੇ ਨਾਲ ਭਾਵੰਤ ਮਾਨ ਵੱਲੋਂ ਟਵੀਟ ਅਤੇ ਖਤ ਰਾਹੀਂ 13 ਫ਼ਰਵਰੀ ਨੂੰ ਗਵਰਨਰ ਨੂੰ ਭੇਜੇ ਗਏ ਜਵਾਬ ਦਾ ਮੂਲ ਅਤੇ ਇਸ ਦਾ ਅੰਗਰੇਜ਼ੀ ਅਨੁਵਾਦ ਵੀ ਦਰਜ ਕੀਤਾ ਗਿਆ ਹੈ ।




ਚੰਡੀਗੜ੍ਹ ਗਰੁੱਪ ਆਫ਼ ਕਾਲਜਿਜ ਦੇ ਝੰਜੇੜੀ ਕੈਂਪਸ ਨੂੰ ਪੰਜਾਬ ਭਰ ਵਿਚ ਲਗਾਤਾਰ ਡਿਗਰੀ ਹਾਸਿਲ ਕਰਨ ਤੋਂ ਪਹਿਲਾਂ ਹੀ ਨੌਕਰੀ ਦੇ ਆਫ਼ਰ ਲੈਟਰ ਦਿਵਾਉਣ ਵਾਲਾ ਮੋਹਰੀ ਕਾਲਜ ਬਣਨ ਦਾ ਸਨਮਾਨ ਬਰਕਰਾਰ ਹੈ। ਸੀ ਜੀ ਸੀ ਝੰਜੇੜੀ ਕੈਂਪਸ ਵੱਲੋਂ ਲਗਾਤਾਰ ਹਾਸਿਲ ਹੋ ਰਹੀ ਬਿਹਤਰੀਨ ਪਲੇਸਮੈਂਟ ਉਪਲਬਧੀ ਨੂੰ ਮਨਾਉਣ ਲਈ ਮੈਨੇਜਮੈਂਟ ਵੱਲੋਂ ਕੈਂਪਸ ਵਿਚ ਪਲੇਸਮੈਂਟ ਦਿਹਾੜਾ ਮਨਾਇਆ ਗਿਆ। ਸੀ ਜੀ ਸੀ ਦੇ ਝੰਜੇੜੀ ਕੈਂਪਸ ਵਿਚ ਪ੍ਰੈਜ਼ੀਡੈਂਟ ਰਛਪਾਲ ਸਿੰਘ ਧਾਲੀਵਾਲ ਨੌਕਰੀ ਲਈ ਚੁਣੇ ਗਏ ਵਿਦਿਆਰਥੀਆਂ ਨਾਲ ਪਲੇਸਮੈਂਟ ਡੇ ਦੀ ਖ਼ੁਸ਼ੀ ਸਾਂਝਾ ਕਰਦੇ ਹੋਏ।

# ਮੁੱਖ ਮੰਤਰੀ ਦੀ ਸਨਅਤਕਾਰਾਂ ਨੂੰ ਅਪੀਲ: ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਦੇ ਭਾਈਵਾਲ ਬਣੋ

### –ਦੋ ਦਿਨਾਂ ਪ੍ਰੋਗਰੈਸਿਵ ਪੰਜਾਬ ਸੰਮੇਲਨ ਦਾ ਪੰਜਵਾਂ ਐਡੀਸ਼ਨ ਧੂਮ–ਧਾਮਕੇ ਨਾਲ ਸ਼ੁਰੂ

ਚੰਡੀਗੜ੍ਹ, 23 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਤਿੰਨ ਕਰੋੜ ਪੰਜਾਬੀਆਂ ਦੇ ਪਰਿਵਾਰ ਵਿੱਚ ਸ਼ਾਮਲ ਹੋਣ ਲਈ ਕਾਰੋਬਾਰੀਆਂ ਦਾ ਸਵਾਗਤ ਹੋਏ ਉਨ੍ਹਾਂ ਨੂੰ ਸੂਬੇ ਦੇ ਸਮਾਜਿਕ–ਆਰਥਿਕ ਵਿਕਾਸ ਵਿੱਚ ਭਾਈਵਾਲ ਬਣਨ ਦਾ ਸੱਦਾ ਦਿੱਤਾ। ਮੁੱਖ ਮੰਤਰੀ ਨੇ ਅੱਜ ਇੱਥੇ ਪੰਜਵੇਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ ਦੇ ਉਦਘਾਟਨੀ ਸੈਸ਼ਨ ਦੌਰਾਨ ਕਾਰੋਬਾਰੀਆਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦਾ ਸੰਤਾਂ, ਪੀਰਾਂ–ਫ਼ਕੀਰਾਂ ਅਤੇ ਸ਼ਹੀਦਾਂ ਦੀ ਧਰਤੀ 'ਤੇ ਸਵਾਗਤ ਕਰਦਿਆਂ ਕਿਹਾ ਕਿ ਉਹ ਅੱਜ ਆਪਣੇ ਦਰਮਿਆਨ ਕਾਰੋਬਾਰੀ ਖੇਤਰ ਦੀਆਂ ਉੱਘੀਆਂ ਸ਼ਖ਼ਸੀਅਤਾਂ ਨੂੰ ਦੇਖ ਕੇ ਖੁਸ਼ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਭਰ ਵਿੱਚ ਨਿਵੇਸ਼ ਲਈ ਸਭ ਤੋਂ ਅਨੁਕੂਲ ਸਥਾਨ ਹੈ ਅਤੇ ਕਾਰੋਬਾਰੀਆਂ ਦੀ ਸਹੂਲਤ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਭਗਵੰਤ ਮਾਨ ਨੇ ਪੰਜਾਬ ਨੂੰ ਦੇਸ਼ ਦਾ ਉਦਯੋਗਿਕ ਹੱਬ ਬਣਾਉਣ ਲਈ ਸੂਬਾ ਸਰਕਾਰ ਅਤੇ ਉਦਯੋਗਪਤੀਆਂ ਦਰਮਿਆਨ ਮਜ਼ਬੂਤ ਸਾਂਝ ਦੀ ਉਮੀਦ ਜ਼ਾਹਰ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਨਿਵੇਸ਼ਕਾਂ ਨੂੰ ਸੂਬੇ ਵਿੱਚ ਨਿਵੇਸ਼ ਕਰਨ ਦੀ ਸਹੂਲਤ ਦੇਣ ਲਈ ਸਰਕਾਰ ਛੇਤੀ ਹੀ ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ (ਸੀ.ਐਲ.ਯੂ.) ਅਤੇ ਐਨ.ਓ.ਸੀ. ਨੂੰ ਖ਼ਤਮ ਕਰ ਦੇਵੇਗੀ, ਜੋ ਉਦਯੋਗਾਂ ਲਈ ਪ੍ਰੇਸ਼ਾਨੀ ਦਾ ਸਬੱਬ ਹਨ। ਉਦਯੋਗਪਤੀਆਂ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਵਜੋਂ ਜ਼ਿੰਮੇਵਾਰੀ ਸੰਭਾਲਣ ਦੇ ਸਿਰਫ਼ ਇੱਕ ਸਾਲ ਦੇ ਅੰਦਰ ਹੀ ਉਨ੍ਹਾਂ ਦਾ ਸਭ ਤੋਂ ਪਹਿਲਾ ਅਤੇ ਮੁੱਖ ਕੰਮ ਲੋਕਾਂ ਦੀਆਂ ਮੁਸ਼ਕਲਾਂ, ਗੁੰਝਲਾਂ ਬਾਰੇ ਜਾਣੂੰ ਕਰਵਾਉਣਾ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਦਾ ਉਦੇਸ਼ ਬਦਲਦੀਆਂ ਉਮੀਦਾਂ ਅਤੇ ਨਵੀਆਂ ਚੁਣੌਤੀਆਂ ਨਾਲ ਤਾਲਮੇਲ ਰੱਖਣ ਲਈ ਵਿਕਾਸ ਜਾਰੀ ਰੱਖਣਾ ਹੈ।

ਮੁੱਖ ਮੰਤਰੀ ਨੇ ਉੱਦਮੀਆਂ ਨਾਲ ਭਾਵੁਕ ਸਾਂਝ ਪਾਉਂਦਿਆਂ ਕਿਹਾ ਕਿ ਉਹ ਮੌਕਿਆਂ ਦਾ ਭੰਡਾਰ ਹਨ, ਜਿਨ੍ਹਾਂ ਦਾ ਪੰਜਾਬ ਅਤੇ ਭਾਰਤ ਦੇ ਨੌਜਵਾਨ ਲਾਭ ਉਠਾਉਣਾ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਅਸੀਂ ਜਨਤਕ, ਨਿੱਜੀ ਜਾਂ ਗੈਰ–ਲਾਭਕਾਰੀ ਖੇਤਰਾਂ ਵਿੱਚ ਕੰਮ ਕਰ ਰਹੇ ਹਾਂ, ਸਾਡੇ ਵਿੱਚੋਂ ਹਰੇਕ ਦੀ ਇਕ ਭੂਮਿਕਾ ਹੈ, ਜੇਕਰ ਅਸੀਂ ਆਪਣੀਆਂ ਉਮੀਦਾਂ ਨੂੰ ਪੂਰਾ ਕਰਨਾ ਹੈ ਅਤੇ ਆਪਣੇ ਦੇਸ਼, ਆਪਣੇ ਸਮਾਜ, ਆਪਣੇ ਪਰਿਵਾਰ ਪ੍ਰਤੀ ਆਪਣੀਆਂ ਇੱਛਾਵਾਂ ਅਤੇ ਜ਼ਿੰਮੇਵਾਰੀਆਂ ਨੂੰ ਨਿਭਾਉਣਾ ਹੈ। ਭਗਵੰਤ ਮਾਨ ਨੇ ਕਿਹਾ ਕਿ ਇਹ ਸੰਮੇਲਨ ਕਾਰੋਬਾਰੀ ਸਮਝੌਤਿਆਂ ਬਾਰੇ ਨਹੀਂ ਹੈ, ਸਗੋਂ ਗਿਆਨ ਦੀ ਵੰਡ, ਵਿਚਾਰ–ਵਟਾਂਦਰੇ ਅਤੇ ਇੱਕ–ਦੂਜੇ ਤੋਂ ਸਿੱਖਣ ਬਾਰੇ ਹੈ।

ਮੁੱਖ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਉਨ੍ਹਾਂ ਨੇ ਪੜਾਅਵਾਰ ਆਰਥਿਕ ਵਿਕਾਸ ਨੂੰ ਤੇਜ਼ ਕਰ ਕੇ ਦੇਸ਼ ਦੇ ਭਵਿੱਖ ਨੂੰ ਉੱਜਵਲ ਬਣਾਉਣ ਦਾ ਰਾਹ ਚੁਣਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਦੇਖਿਆ ਹੈ ਕਿ ਪੰਜਾਬ ਦੀ ਨੌਜਵਾਨ ਪੀੜ੍ਹੀ ਜ਼ਿੰਦਗੀ ਵਿੱਚ ਕੁੱਝ ਵੱਡਾ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੂੰ ਪੂਰਾ ਯਕੀਨ ਹੈ ਕਿ ਪਰਮਾਤਮਾ ਨੇ ਉਨ੍ਹਾਂ ਨੂੰ ਲੋਕਾਂ ਦੇ ਜੀਵਨ ਵਿੱਚ ਗੁਣਾਤਮਕ ਤਬਦੀਲੀਆਂ ਲਿਆਉਣ ਲਈ ਪੰਜਾਬ ਦੀ ਅਗਵਾਈ ਕਰਨ ਦਾ ਮੌਕਾ ਦਿੱਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਉਹ ਲੋਕਾਂ ਦੇ ਸਰਗਰਮ ਸਹਿਯੋਗ ਅਤੇ ਤਾਲਮੇਲ ਤੋਂ ਬਿਨਾਂ ਇਸ ਜ਼ਿੰਮੇਵਾਰੀ ਨੂੰ ਨਹੀਂ ਨਿਭਾ ਸਕਦੇ। ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਕੋਲ ਇਕ ਸਮਰਪਿਤ ਟੀਮ ਹੈ, ਜੋ ਲੋਕਾਂ ਦੇ ਸਹਿਯੋਗ ਨਾਲ ਆਰਥਿਕ ਵਿਕਾਸ ਨੂੰ ਉਤਸ਼ਾਹਿਤ ਕਰਨਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਨੇ ਕਾਰੋਬਾਰਾਂ ਅਤੇ ਨਿਵੇਸ਼ਕਾਂ ਦੀ ਸਹਾਇਤਾ ਲਈ ਕਈ ਨੀਤੀਆਂ ਅਤੇ ਪਹਿਲਕਦਮੀਆਂ ਪੇਸ਼ ਕੀਤੀਆਂ ਹਨ।




ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਅੱਜ ਪੇਸ਼ ਕੀਤੀ ਗਈ ਨਵੀਂ ਉਦਯੋਗਿਕ ਅਤੇ ਕਾਰੋਬਾਰੀ ਵਿਕਾਸ ਨੀਤੀ–2022 ਲੋੜੀਂਦੇ ਆਰਥਿਕ ਵਿਕਾਸ ਨੂੰ ਗਤੀ ਦੇਵੇਗੀ। ਭਗਵੰਤ ਮਾਨ ਨੇ ਕਿਹਾ ਕਿ ਨੀਤੀ ਦਾ ਉਦੇਸ਼ ਆਉਣ ਵਾਲੇ ਪੰਜ ਸਾਲਾਂ ਵਿੱਚ ਵੱਡੇ ਨਿਵੇਸ਼ ਨੂੰ ਆਕਰਸ਼ਿਤ ਕਰਨਾ ਅਤੇ ਵੱਧ ਤੋਂ ਵੱਧ ਰੋਜ਼ਗਾਰ ਪੈਦਾ ਕਰਨਾ ਹੈ। ਉਨ੍ਹਾਂ ਕਿਹਾ ਕਿ ਇਹ ਨੀਤੀ ਮੁਕਾ–ਬਲੇ ਨੂੰ ਉਤਸ਼ਾਹਤ ਕਰਦੀ ਹੈ, ਜਿਸ ਵਿੱਚ ਵਿਸਤਾਰ ਤੇ ਨਵੇਂ ਐਮ.ਐਸ.ਐਮ.ਈ., ਵੱਡੀਆਂ ਇਕਾਈਆਂ, ਬਰਾਮਦ ਨੂੰ ਉਤਸ਼ਾਹ, ਸੇਵਾ ਖੇਤਰ ਦੇ ਸਟਾਰਟ–ਅੱਪ ਅਤੇ ਮੈਨੂਫੈਕਚਰਿੰਗ ਦੋਵੇਂ ਸ਼ਾਮਲ ਹਨ।

ਮੁੱਖ ਮੰਤਰੀ ਨੇ ਉਮੀਦ ਜ਼ਾਹਰ ਕੀਤੀ ਕਿ ਇਹ ਨੀਤੀ ਉਦਯੋਗਿਕ ਪਾਰਕਾਂ, ਹਵਾਈ ਅੱਡਿਆਂ ਅਤੇ ਬੰਦਰਗਾਹਾਂ ਵਰਗੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਰੂਪ–ਰੇਖਾ ਪ੍ਰਦਾਨ ਕਰੇਗੀ, ਜਿਸ ਨਾਲ ਵਸਤੂਆਂ ਦੀ ਢੋਆ–ਢੁਆਈ ਅਤੇ ਲੋਕਾਂ ਦੀ ਆਵਾਜਾਈ ਵਿੱਚ ਹੋਰ ਸਹੂਲਤ ਮਿਲੇਗੀ ਅਤੇ ਸੂਬੇ ਦਾ ਵਿਸ਼ਵ ਮੰਡੀਆਂ ਨਾਲ ਸੰਪਰਕ ਵਧੇਗਾ। ਭਗਵੰਤ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਏਕੀਕ੍ਰਿਤ ਉਦਯੋਗਿਕ ਟਾਊਨਸ਼ਿਪ ਵਿਕਸਤ ਕਰ ਰਹੀ ਹੈ ਅਤੇ 20 ਪੇਂਡੂ ਉਦਯੋਗਿਕ ਕਲੱਸਟਰ ਅਤੇ 15 ਉਦਯੋਗਿਕ ਪਾਰਕ ਬਣਾਉਣ ਦਾ ਵੱਡਾ ਫੈਸਲਾ ਲਿਆ ਹੈ। ਭਗਵੰਤ ਮਾਨ ਨੇ ਅੱਗੇ ਕਿਹਾ ਕਿ ਸਥਿਰਤਾ ਵੱਲ ਇਕ ਵੱਡੇ ਕਦਮ ਵਜੋਂ ਅੱਜ ਪੰਜਾਬ ਦੀ ਇਲੈਕਟ੍ਰਾਨਿਕ ਵਾਹਨ ਨੀਤੀ ਵੀ ਪੇਸ਼ ਕੀਤੀ ਗਈ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਹੁਣ ਨਵੀਨਤਾ ਅਤੇ ਤਕਨਾਲੋਜੀ ਰਾਹੀਂ ਉੱਦਮ ਦੇ ਨਵੇਂ ਸੱਭਿਆਚਾਰ ਵਿੱਚ ਬਦਲਣ ਦੀ ਦਹਿਲੀਜ਼ ਉਤੇ ਹੈ। ਭਗਵੰਤ ਮਾਨ ਨੇ ਕਿਹਾ ਕਿ ਸੂਬੇ ਦੇ ਨੌਜਵਾਨ ਨਵੀਆਂ ਕਾਢਾਂ ਕੱਢ ਰਹੇ ਹਨ ਅਤੇ ਸਾਨੂੰ ਉਨ੍ਹਾਂ ਦਾ ਸਾਥ ਦੇਣ ਦੀ ਲੋੜ ਹੈ। ਭਗਵੰਤ ਮਾਨ ਨੇ ਕਿਹਾ ਕਿ ਬਿਹਤਰੀਨ ਬੁਨਿਆਦੀ ਢਾਂਚਾ, ਵਧੀਆ ਸੰਪਰਕ, ਮਿਆਰੀ ਵਿੱਦਿਅਕ ਸੰਸਥਾਵਾਂ ਦੇ ਨਾਲ–ਨਾਲ ਸਰਕਾਰ ਦੀਆਂ ਅਨੁਕੂਲ ਨੀਤੀਆਂ ਸੂਬੇ ਦੀ ਕਾਰਜ ਕੁਸ਼ਲਤਾ ਨੂੰ ਵਧਾਉਂਦੀਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਨਿਵੇਸ਼ ਦੀ ਉਡੀਕ ਕਰਨ ਦੀ ਬਜਾਏ ਉਨ੍ਹਾਂ ਨੇ ਸੂਬੇ ਵਿੱਚ ਨਿਵੇਸ਼ ਕਰਨ ਲਈ ਉੱਦਮੀਆਂ ਤੱਕ ਪਹੁੰਚ ਕਰਨ ਲਈ ਘਰ–ਘਰ ਜਾਣ ਦੀ ਨੀਤੀ ਅਪਣਾਈ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਨੂੰ ਇਹ ਦੱਸਦਿਆਂ ਖੁਸ਼ੀ ਹੋ ਰਹੀ ਹੈ ਕਿ ਪੰਜਾਬ ਵਿੱਚ ਮਾਰਚ 2022 ਤੋਂ ਹੁਣ ਤੱਕ 40,000 ਕਰੋੜ ਰੁਪਏ ਤੋਂ ਵੱਧ ਦਾ ਨਿਵੇਸ਼ ਆਇਆ ਹੈ ਜਿਸ ਨਾਲ ਸੂਬੇ ਵਿੱਚ ਲਗਭਗ 2.50 ਲੱਖ ਰੁਜ਼ਗਾਰ ਦੇ ਮੌਕੇ ਪੈਦਾ ਹੋਏ ਹਨ, ਜਿਨ੍ਹਾਂ ਵਿੱਚ ਟਾਟਾ ਸਟੀਲ, ਨੈਸਲੇ, ਫਰੂਡੇਨਬਰਗ, ਕਾਰਗਿਲ, ਹਿੰ–ਦੁਸਤਾਨ ਯੂਨੀਲੀਵਰ, ਸਨਾਥਨ ਟੈਕਸਟਾਈਲ ਵਰਗੀਆਂ ਵੱਡੀਆਂ ਕੰਪਨੀਆਂ ਸੂਬੇ ਵਿੱਚ ਆਈਆਂ ਹਨ।

ਸੂਬੇ ਦੀ ਵਿਕਾਸ ਗਾਥਾ ਦਾ ਹਿੱਸਾ ਬਣਨ ਲਈ ਵੱਡੇ ਉਦਯੋਗਪਤੀਆਂ ਦਾ ਧੰਨਵਾਦ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਸਾਡੀ ਸਰਕਾਰ ਸੂਬੇ ਨੂੰ ਵਿਸ਼ਵ ਦੇ ਇੱਕ ਵੱਡੇ ਉਦਯੋਗਿਕ ਅਤੇ ਨਿਰਯਾਤ ਕੇਂਦਰ ਵਜੋਂ ਬਦਲਣ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਵਚਨਬੱਧ ਹੈ। ਸੂਬੇ ਦੀਆਂ ਇਤਿਹਾਸਕ ਪ੍ਰਾਪਤੀਆਂ ਗਿਣਾਉਂਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਕਾਰੋਬਾਰ ਕਰਨ ਲਈ ਆਸਾਨ ਤੇ ਢੁਕਵੀਂ ਥਾਂ ਦੀ ਦਰਜਾਬੰਦੀ ਵਿੱਚ ਪੰਜਾਬ ਸਭ ਤੋਂ ਵੱਧ ਪ੍ਰਾਪਤੀਆਂ ਵਾਲੇ ਰਾਜਾਂ ਵਿੱਚੋਂ ਇੱਕ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲਈ ਏਕੀਕ੍ਰਿਤ ਮੰਚ "ਇਨਵੈਸਟ ਪੰਜਾਬ" ਨੂੰ ਭਾਰਤ ਸਰਕਾਰ ਵੱਲੋਂ ਸਭ ਤੋਂ ਵਧੀਆ ਪ੍ਰਦਰਸ਼ਨ ਕਰਨ ਵਾਲੀ ਨਿਵੇਸ਼ ਪ੍ਰਮੋਸ਼ਨ ਏਜੰਸੀ ਮੰਨਿਆ ਜਾਂਦਾ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਨੂੰ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਵੱਲੋਂ ਡਿਜੀਟਲ ਇੰਡੀਆ ਐਵਾਰਡ ਮਿਲਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਲੌਜਿਸਟਿਕਸ ਵਿੱਚ, ਪੰਜਾਬ ਹਾਲ ਹੀ ਦੇ ਲੀਡਜ਼ ਇੰਡੈਕਸ ਵਿੱਚ ਚੋਟੀ ਦੇ 5 ਰਾਜਾਂ ਵਿੱਚ ਸ਼ੁਮਾਰ ਹੈ ਜਿਸ ਨਾਲ ਪੰਜਾਬ ਇੱਕ "ਅਚੀਵਰ" ਸੂਬਾ ਬਣ ਗਿਆ ਹੈ। ਭਗਵੰਤ ਮਾਨ ਨੇ ਕਿਹਾ ਕਿ ਇੰਡੀਆ ਇਨੋਵੇਸ਼ਨ ਇੰਡੈਕਸ 2022 ਵਿੱਚ ਪੰਜਾਬ ਚੋਟੀ ਦੇ 10 ਵਧੀਆ ਪ੍ਰਦਰਸ਼ਨ ਕਰਨ ਵਾਲੇ ਸੂਬਿਆਂ ਵਿੱਚ ਸ਼ਾਮਲ ਹੈ।

ਪੰਜਾਬ ਦੀਆਂ ਅਥਾਹ ਸਮਰੱਥਾਵਾਂ ਦੀ ਝਲਕਾਰਾ ਦਿਖਾਉਂਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਪੰਜਾਬ ਦੇਸ਼ ਦਾ ਸਭ ਤੋਂ ਵੱਡਾ ਟਰੈਕਟਰ ਨਿਰਮਾਤਾ ਹੈ ਅਤੇ ਭਾਰਤ ਦੇ ਕੁੱਲ ਉਤਪਾਦਨ ਵਿੱਚ 29 ਫ਼ੀਸਦੀ ਯੋਗਦਾਨ ਪਾਉਂਦਾ ਹੈ। ਇਸੇ ਤਰ੍ਹਾਂ, ਟਰੈਕਟਰ ਨਿਰਯਾਤ ਵਿੱਚ ਪੰਜਾਬ 22 ਫ਼ੀਸਦੀ ਹਿੱਸੇਦਾਰੀ ਨਾਲ ਦੂਜੇ ਸਥਾਨ 'ਤੇ ਹੈ ਅਤੇ ਭਾਰਤ ਵਿੱਚ ਸਾਈਕਲ ਨਿਰਮਾਣ ਵਿੱਚ 80 ਫ਼ੀਸਦੀ ਹਿੱਸਾ ਪਾਉਂਦਾ ਹੈ ਅਤੇ ਭਾਰਤ ਵਿੱਚ ਸਾਈਕਲ ਦੇ ਪੁਰਜ਼ਿਆਂ ਦੇ ਨਿਰਮਾਣ ਵਿੱਚ 92% ਯੋਗਦਾਨ ਪਾਉਂਦਾ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਖੇਡਾਂ ਦੇ ਸਾਮਾਨ ਦੇ ਨਿਰਮਾਣ ਵਿੱਚ ਪੰਜਾਬ ਭਾਰਤ ਵਿੱਚ 75 ਫ਼ੀਸਦੀ ਦਾ ਹਿੱਸਾ ਪਾਉਂਦਾ ਹੈ ਅਤੇ ਭਾਰਤ ਵਿੱਚ ਮਸ਼ੀਨ ਟੂਲ ਅਤੇ ਹੈਂਡ ਟੂਲ ਦੇ ਉਤਪਾਦਨ ਵਿੱਚ ਪਹਿਲੇ ਸਥਾਨ 'ਤੇ ਹੈ ਅਤੇ ਇਹ ਖੇਤਰ ਭਾਰਤ ਦੀ ਬਰਾਮਦ ਦਾ 20 ਫ਼ੀਸਦੀ ਹਿੱਸਾ ਪਾਉਂਦਾ ਹੈ।

ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਪੰਜਾਬ ਦੀ ਮੁਕੰਮਲ ਆਰਥਿਕ ਅਤੇ ਵਿੱਤੀ ਸਫ਼ਲਤਾ ਚਾਹੁੰਦੀ ਹੈ ਅਤੇ ਉਨ੍ਹਾਂ ਦਾ ਇਹ ਵਿਸ਼ਵਾਸ਼ ਹੈ ਕਿ ਸਾਡੇ ਵਿਕਾਸ ਦੇ ਮੁੱਖ ਥੰਮ੍ਹ ਵਧੀਆ ਤੇ ਸੁਚੱਜਾ ਸ਼ਾਸਨ, ਡਿਜੀਟਾਈਜ਼ੇਸ਼ਨ, ਫ਼ੈਸਲਾ ਲੈਣ ਦੀ ਸਮਰੱਥਾ, ਪਾਰ–ਦਰਸ਼ਤਾ ਅਤੇ ਸੰਵੇਦਨਸ਼ੀਲਤਾ ਹਨ। ਉਨ੍ਹਾਂ ਕਿਹਾ ਕਿ ਇਹ ਸਭ ਸਾਡੇ ਅਮੀਰ ਵਿਰਸੇ, ਪ੍ਰੰਪਰਾ ਅਤੇ ਸੱਭਿਆਚਾਰ ਨਾਲ ਮਿਲ ਕੇ ਵਿਸ਼ਵ ਭਰ ਦੇ ਲੋਕਾਂ ਲਈ ਇੱਥੇ ਤੇਜ਼ੀ ਨਾਲ ਵਧਣ ਲਈ ਅਨੁਕੂਲ ਮਾਹੌਲ ਪੈਦਾ ਕਰਦੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਭਾਰਤ ਵੱਲੋਂ ਦੁਨੀਆ ਨੂੰ ਮਿਆਰੀ ਉਤਪਾਦ ਅਤੇ ਵਧੀਆ ਸਪਲਾਈ ਚੇਨ ਨੂੰ ਮਜ਼ਬੂਤ ਕਰਨ ਲਈ ਪਾਏ ਜਾਂਦੇ ਯੋਗਦਾਨ ਵਿੱਚ ਪੰਜਾਬ ਆਪਣੇ ਨਿਰਮਾਣ ਅਤੇ ਬੁਨਿਆਦੀ ਢਾਂਚੇ ਰਾਹੀਂ ਅਹਿਮ ਭੂਮਿਕਾ ਨਿਭਾਉਣ ਵਿੱਚ ਮਾਣ ਮਹਿਸੂਸ ਕਰਦਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੀ ਮੌਜੂਦਗੀ ਵਿਸ਼ਵ ਪੱਧਰ 'ਤੇ ਹੈ ਅਤੇ ਜਾਪਾਨ, ਯੂ.ਕੇ., ਯੂ.ਏ.ਈ., ਅਮਰੀਕਾ, ਜਰਮਨੀ, ਦੱਖਣੀ ਕੋਰੀਆ, ਸਿੰਗਾਪੁਰ, ਸਪੇਨ, ਫਰਾਂਸ, ਇਟਲੀ ਅਤੇ ਹੋਰ ਦੇਸ਼ਾਂ ਤੋਂ ਨਿਵੇਸ਼ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਹਰ ਦਿਸ਼ਾ ਵਿੱਚ ਠੋਸ ਉਪਰਾਲੇ ਕਰਕੇ ਸੂਬੇ ਨੂੰ ਅੱਗੇ ਲਿਜਾਣ ਲਈ ਯਤਨਸ਼ੀਲ ਹੈ। ਭਗਵੰਤ ਮਾਨ ਨੇ ਪੰਜਾਬ ਨੂੰ ਭਾਰਤ ਵਿੱਚ ਨਿਵੇਸ਼ ਦੇ ਸਭ ਤੋਂ ਪਸੰਦੀਦਾ ਸਥਾਨ ਵਜੋਂ ਪ੍ਰਫੁੱਲਤ ਕਰਨ ਲਈ ਅੱਜ ਸੂਬਾ ਸਰਕਾਰ ਦੇ ਸੱਦੇ ਉੱਤੇ ਸ਼ਿਰਕਤ ਕਰਨ ਆਏ ਸਤਿਕਾਰਤ ਬੁਲਾਰਿਆਂ ਅਤੇ ਹਾਜ਼ਰ ਪਤਵੰਤਿਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

ਨਿਵੇਸ਼ ਕਰਨ ਲਈ ਪੰਜਾਬ ਨੂੰ ਬੇਸ਼ੁਮਾਰ ਮੌਕਿਆਂ ਦੀ ਧਰਤੀ ਦੱਸਦੇ ਹੋਏ ਉਦਯੋਗ ਜਗਤ ਦੇ ਦਿੱਗਜ਼ਾਂ ਦਾ ਸੁਆਗਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਦੁਨੀਆਂ ਬਹੁਤ ਹੀ ਪਰਖ ਦੀ ਘੜੀ ਵਿੱਚੋਂ ਲੰਘ ਰਹੀ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਵਿੱਚ ਇਹ ਸਮਰੱਥਾ ਹੈ ਕਿ ਸਾਡੇ ਵਿੱਚੋਂ ਹਰ ਕੋਈ ਮਦਦ ਕਰਨ ਲਈ ਬਹੁਤ ਕੁਝ ਕਰ ਸਕਦਾ ਹੈ, ਜੋ ਕਿ ਇਸ ਸੰਮੇਲਨ ਦਾ ਉਦੇਸ਼ ਵੀ ਹੈ। ਭਗਵੰਤ ਮਾਨ ਨੇ ਕਿਹਾ ਕਿ ਭਵਿੱਖ ਦੇ ਇਸ ਸਫ਼ਰ ਵਿੱਚ ਸਾਡੇ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਵਿਸ਼ਵ ਭਰ ਵਿੱਚ ਪੰਜਾਬ ਹੀ ਇੱਕ ਅਜਿਹਾ ਸੂਬਾ ਹੈ ਜਿਸ ਦੀ ਪੂਰੀ ਦੁਨੀਆ ਵਿੱਚ ਆਪਣੀ ਫ੍ਰੈਂਚਾਇਜ਼ੀ ਹੈ ਕਿਉਂਕਿ ਹਰ ਦੂਜੇ ਦੇਸ਼ ਵਿੱਚ ਪੰਜਾਬੀਆਂ ਦਾ ਦਬਦਬਾ ਹੈ। ਉਨ੍ਹਾਂ ਕਿਹਾ ਕਿ ਪੰਜਾਬੀਆਂ ਵਿਚ ਸਖ਼ਤ ਮਿਹਨਤ ਅਤੇ ਕਾਬਲੀਅਤ ਦਾ ਅਦੁੱਤੀ ਜਜ਼ਬਾ ਹੈ, ਜਿਸ ਦੀ ਬਦੌਲਤ ਉਨ੍ਹਾਂ ਨੇ ਵਿਸ਼ਵ ਵਿੱਚ ਆਪਣਾ ਮੁਕਾਮ ਬਣਾਇਆ ਹੈ। ਭਗਵੰਤ ਮਾਨ ਨੇ ਜਲੰਧਰ ਵਿੱਚ ਖੇਡ ਉਦਯੋਗ ਨੂੰ ਵੱਡਾ ਹੁਲਾਰਾ ਦੇਣ ਦਾ ਵੀ ਐਲਾਨ ਕੀਤਾ ਜੋ ਦੇਸ਼ ਵਿੱਚ ਖੇਡਾਂ ਦਾ 75 ਫੀਸਦੀ ਸਾਮਾਨ ਬਣਾਉਂਦਾ ਹੈ।

ਆਪਣੇ ਸੰਬੋਧਨ ਵਿੱਚ ਇਨਵੈਸਟਮੈਂਟ ਪ੍ਰਮੋਸ਼ਨ ਮੰਤਰੀ ਅਨਮੋਲ ਗਗਨ ਮਾਨ ਨੇ ਸੂਬਾ ਸਰਕਾਰ ਵੱਲੋਂ ਨਿਵੇਸ਼ ਨੂੰ ਉਤਸ਼ਾਹਿਤ ਕਰਨ ਲਈ ਕੀਤੀਆਂ ਪਹਿਲਕਦਮੀਆਂ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਉਦਯੋਗ ਨੂੰ ਹੋਰ ਪ੍ਰਫੁੱਲਤ ਕਰਨ ਲਈ ਹਰ ਸੰਭਵ ਯਤਨ ਕਰ ਰਹੀ ਹੈ। ਅਨਮੋਲ ਗਗਨ ਮਾਨ ਨੇ ਪੰਜਾਬ ਨੂੰ ਨਿਵੇਸ਼ ਲਈ ਸਿਖਰਲੇ ਸਥਾਨ ਵਜੋਂ ਉਭਰਨ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

ਇਸ ਤੋਂ ਪਹਿਲਾਂ ਪੰਜਾਬ ਦੇ ਮੁੱਖ ਸਕੱਤਰ ਵਿਜੇ ਕੁਮਾਰ ਜੰਜੂਆ ਨੇ ਸਾਰੇ ਪਤਵੰਤਿਆਂ ਨੂੰ ਜੀ ਆਇਆਂ ਆਖਿਆ। ਇਨਵੈਸਟਮੈਂਟ ਪ੍ਰਮੋਸ਼ਨ ਦੇ ਸੀ.ਈ.ਓ. ਕੇ.ਕੇ. ਯਾਦਵ ਨੇ ਇਸ ਮੌਕੇ ਸਭ ਦਾ ਧੰਨਵਾਦ ਕੀਤਾ।

ਇਸ ਮੌਕੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ, ਵਿਧਾਇਕ ਅਤੇ ਸੀਨੀਅਰ ਅਧਿਕਾਰੀ ਵੀ ਹਾਜ਼ਰ ਸਨ।






# ਲੋਕਤੰਤਰ ਦੀ ਸਿਉਂਕ ਨਿਆਂ ਪਾਲਿਕਾ ਤੱਕ ਜਾ ਪਹੁੰਚੀ ਹੈ ਤਾਂ ਸਫਾਈ ਵੀ ਓਸੇ ਨੂੰ ਕਰਨੀ ਪਵੇਗੀ

ਜਤਿੰਦਰ ਪਨੂੰ ਦੀ ਕਲਮ ਤੋਂ

ਪਿਛਲੇ ਦਿਨੀਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਕੇਸ ਆਇਆ ਸੀ ਪੰਜਾਬ ਵਿੱਚ ਨਸ਼ੀਲੇ ਪਦਾਰਥਾਂ ਦੇ ਧੰਦੇ ਦੇ ਦੋਸ਼ੀਆਂ ਵਿਰੁੱਧ ਕਾਰਵਾਈ ਦਾ, ਪਰ ਓਥੇ ਹਾਲਾਤ ਏਦਾਂ ਦੇ ਹੋ ਗਏ ਕਿ ਇੱਕ ਸਾਬਕਾ ਡੀ ਐੱਸ ਪੀ ਵੱਲੋਂ ਆਖੇ ਗਏ ਕੁਝ ਸ਼ਬਦਾਂ ਕਾਰਨ ਜੱਜ ਸਾਹਿਬਾਨ ਨੇ ਮਾਣਹਾਨੀ ਦਾ ਕੇਸ ਇਸ ਨਾਲੋਂ ਵੱਡਾ ਬਣਾ ਲਿਆ। ਪੰਜਾਬ ਪੁਲਸ ਦੇ ਉਸ ਸਾਬਕਾ ਡੀ ਐੱਸ ਪੀ ਬਲਵਿੰਦਰ ਸਿੰਘ ਸੇਖੋਂ ਨੂੰ ਮੈਂ ਕਦੀ ਮਿਲਿਆ ਨਹੀਂ, ਕਦੇ ਫੋਨ ਉੱਤੇ ਉਸ ਨਾਲ ਗੱਲ ਹੋਈ ਹੋਵੇ ਤਾਂ ਯਾਦ ਨਹੀਂ, ਪਰ ਉਹ ਜਿਹੜੇ ਮੁੱਦੇ ਲਗਾਤਾਰ ਚੁੱਕ ਰਿਹਾ ਹੈ, ਉਨ੍ਹਾਂ ਬਾਰੇ ਸਾਰਿਆਂ ਨੂੰ ਪਤਾ ਹੈ। ਇਹ ਕਹਿਣ ਵਿੱਚ ਕੋਈ ਹਰਜ਼ ਨਹੀਂ ਕਿ ਉਸ ਦੀ ਬੋਲ-ਬਾਣੀ ਚੰਗੀ ਨਹੀਂ, ਪਰ ਇਸ ਨੁਕਸ ਨੂੰ ਲਾਂਭੇ ਰੱਖ ਕੇ ਵੇਖੀਏ ਤਾਂ ਉਸ ਵੱਲੋਂ ਚੁੱਕੇ ਜਾਂਦੇ ਸਵਾਲ ਆਪਣੇ ਆਪ ਵਿੱਚ ਵੱਡਾ ਮੁੱਦਾ ਜਾਪਦੇ ਹਨ, ਜਿਨ੍ਹਾਂ ਬਾਰੇ ਸਮਾਜ ਚਿੰਤਤ ਹੈ। ਨਸ਼ੇ ਦੇ ਮੁੱਦੇ ਬਾਰੇ ਬਹਿਸ ਦਾ ਮੁੱਦਾ ਵੀ ਉਨ੍ਹਾਂ ਮੁੱਦਿਆਂ ਵਿੱਚ ਸ਼ਾਮਲ ਹੈ, ਪਰ ਇਸ ਦੀ ਸੁਣਵਾਈ ਮੌਕੇਚਰਚਾ ਇਸ ਗੱਲ ਦੀ ਚੱਲ ਪਈ ਕਿ ਨਿਆਂ ਪਾਲਿਕਾ ਵਿੱਚ ਸ਼ਾਮਲ ਜੱਜ ਸਾਹਿਬਾਨ ਆਪਣੇ ਬਾਰੇ ਨੁਕਤਾਚੀਨੀ ਦੀ ਕੋਈ ਸੁਰ ਸੁਣਨ ਲਈ ਤਿਆਰ ਨਹੀਂ ਅਤੇ ਜਿਸ ਕਿਸੇ ਨੇ ਕਦੇ ਏਦਾਂ ਦੀ ਆਵਾਜ਼ ਚੁੱਕੀ ਹੈ, ਉਸ ਦੇ ਖਿਲਾਫ ਮਾਣ-ਹਾਣੀ ਦਾ ਝੰਡਾ ਚੁੱਕ ਲੈਂਦੇ ਹਨ।

ਅਸੀਂ ਫਿਰ ਇਹ ਗੱਲ ਕਹਿ ਦੇਈਏ ਕਿ ਸੰਬੰਧਤ ਬੰਦੇ ਦੀ ਬੋਲ-ਬਾਣੀ ਠੀਕ ਨਹੀਂ, ਪਰ ਏਦਾਂ ਦੀ ਬੋਲੀਕਈ ਵਾਰ ਜੱਜ ਵੀ ਬੋਲਦੇ ਹਨ, ਜਿਸ ਬਾਰੇ ਦੱਸਿਆ ਜਾ ਸਕਦਾ ਹੈ। ਆਰ ਕੇ ਗਰਗ ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਹੁੰਦੇ ਸਨ, ਉਹ ਇੱਕ ਵਾਰ ਕਿਸੇ ਕੇਸ ਵਿੱਚ ਸੋਲਨ, ਹਿਮਾਚਲ ਪ੍ਰਦੇਸ਼, ਦੀ ਇੱਕ ਅਦਾਲਤ ਵਿੱਚ ਗਏ ਤਾਂ ਓਥੇ ਜੱਜ ਨੂੰ ਸਿਰਫ ਏਨਾ ਕਿਹਾ ਸੀ ਕਿ ਆਰਡਰ ਜਾਰੀ ਕਰਨ ਤੋਂ ਪਹਿਲਾਂ ਸੰਬੰਧਤ ਵਿਅਕਤੀ ਦਾ ਪੱਖ ਸੁਣ ਲਿਆ ਜਾਵੇ ਤਾਂ ਵੱਧ ਠੀਕ ਹੋਵੇਗਾ।ਏਨੀ ਗੱਲ ਤੋਂ ਭੜਕ ਕੇ ਜੱਜ ਨੇ ਉਨ੍ਹਾਂ ਲਈ 'ਸਕੌਂਡਰਲ' (ਬਦਮਾਸ਼) ਸ਼ਬਦ ਵਰਤ ਲਿਆ ਸੀ। ਇਸ ਦੇ ਬਾਅਦ ਗਰਗ ਨੇ ਜੋ ਕੁਝ ਕੀਤਾ ਸੀ, ਰਿਕਾਰਡ ਉੱਤੇ ਹੈ। ਆਰ ਕੇ ਗਰਗ ਦੇ ਖਿਲਾਫ ਏਸੇ ਕਾਰਨ ਮਾਣ-ਹਾਨੀ ਦਾ ਕੇਸ ਸ਼ੁਰੂ ਕੀਤਾ ਗਿਆ ਸੀ ਤੇਕਈ ਵਕੀਲ ਗਰਗ ਦੇ ਪੱਖ ਵਿੱਚ ਅਦਾਲਤ ਵਿੱਚ ਜਾ ਖੜੋਤੇ ਸਨ। ਅਦਾਲਤਾਂ ਵਿੱਚ ਏਦਾਂ ਦੇ ਪਲ ਕਈ ਵਾਰੀ ਆਏ ਹਨ, ਜਦੋਂ ਜੱਜਾਂ ਦਾ ਵਿਹਾਰ ਆਮ ਲੋਕਾਂ ਨੂੰ ਚੁਭਿਆ ਹੈ, ਪਰ ਜੱਜ ਦਾ ਵਿਹਾਰ ਅਣਗੌਲੇ ਕਰ ਕੇ ਉਸ ਦਾ ਵਿਰੋਧ ਕਰਨ ਵਾਲਿਆਂ ਵਿਰੁੱਧ ਮਾਣ-ਹਾਨੀ ਦਾ ਕੇਸ ਬਣ ਜਾਂਦਾ ਰਿਹਾ ਹੈ। ਏਦਾਂ ਦੇ ਵਿਹਾਰ ਨੂੰ ਲੋਕਤੰਤਰ ਦੇ ਅਨੁਕੂਲ ਨਹੀਂ ਮੰਨਿਆ ਜਾ ਸਕਦਾ ਅਤੇ ਇਸ ਦਾ ਆਮ ਲੋਕਾਂ ਵਿੱਚ ਚੰਗਾ ਅਸਰ ਨਹੀਂ ਪੈ ਰਿਹਾ।

ਪਿਛਲੀ ਉਨੱਤੀ ਜਨਵਰੀ ਦੇ ਦਿਨ ਪਠਾਨਕੋਟ ਵਿੱਚ ਇੱਕ ਪੱਤਰਕਾਰੀ ਸੈਮੀਨਾਰ ਵਿੱਚ ਅਸੀਂ ਇਹ ਕਿਹਾ ਸੀ ਕਿ ਨਿਆਂ ਪਾਲਿਕਾ ਕਈ ਵਾਰੀ ਮੀਡੀਏ ਬਾਰੇ ਟਿਪਣੀਆਂ ਕਰਦੀ ਹੈ ਤਾਂ ਅਸੀਂ ਇਤਰਾਜ਼ ਨਹੀਂ ਕਰਦੇ, ਪਰ ਨਿਆਂ ਪਾਲਿਕਾ ਖੁਦ ਵੀ ਦੋਸ਼ਾਂ ਤੋਂ ਮੁਕਤ ਨਹੀਂ। ਲੋਕਤੰਤਰ ਦਾ ਚੌਥਾ ਪਾਵਾ ਹੋਣ ਕਾਰਨ ਸਾਨੂੰ ਲੋਕਤੰਤਰ ਦੇ ਦੂਸਰੇ ਤਿੰਨ ਪਾਵਿਆਂ ਨੂੰ ਲੱਗੀ ਸਿਉਂਕ ਬਾਰੇ ਬੋਲਣਾ ਪਵੇਗਾ ਤੇ ਅਸੀਂ ਬੋਲਾਂਗੇਵੀ। ਇਹ ਸਾਡਾ ਫਰਜ਼ ਵੀ ਹੈ ਤੇ ਹੱਕ ਵੀ। ਜੇਨਿਆਂ ਪਾਲਿਕਾ ਨੂੰ ਇਤਰਾਜ਼ ਹੈ ਕਿ ਉਸ ਦੇ ਖਿਲਾਫ ਗੱਲਾਂ ਚੱਲਦੀਆਂ ਹਨ ਤਾਂ ਉਸ ਨੂੰ ਗੱਲਾਂ ਹੋਣ ਦੇ ਕਾਰਨ ਦੂਰ ਕਰਨੇ ਚਾਹੀਦੇ ਹਨ, ਕਿਸੇ ਹੁਕਮ ਨਾਲ ਲੋਕ ਇਹ ਗੱਲਾਂ ਕਰਨ ਤੋਂ ਨਹੀਂ ਹਟ ਸਕਦੇ। ਕਾਰਨ ਏਨੇ ਹਨ ਕਿ ਗਿਣਾਉਣੇ ਮੁਸ਼ਕਲ ਹਨ।

ਉਹ ਵਕਤ ਵੀ ਸਾਨੂੰ ਯਾਦ ਹੈ, ਜਦੋਂ ਸੁਪਰੀਮ ਕੋਰਟ ਦੇ ਜਸਟਿਸ ਰਾਮਾਸਵਾਮੀ ਦੇ ਖਿਲਾਫ ਮਹਾਂਦੋਸ਼ ਦਾ ਮਤਾ ਪਾਰਲੀਮੈਂਟ ਵਿੱਚ ਪੇਸ਼ ਹੋਇਆ ਸੀ ਤੇ ਪਾਸ ਇਸ ਲਈ ਨਹੀਂ ਸੀ ਹੋਇਆ ਕਿ ਮੌਕੇ ਦੇ ਪ੍ਰਧਾਨ ਮੰਤਰੀ ਨਰਸਿਮਹਾ ਰਾਓ ਦੇ ਇਸ਼ਾਰੇ ਨਾਲ ਵੋਟਿੰਗ ਵੰਡੀ ਗਈ ਸੀ। ਇੱਕ ਹੋਰ ਏਹੋ ਜਿਹੇ ਜੱਜ ਜਸਟਿਸ ਸੁਮਿਤਰਾ ਸੇਨ ਦੇ ਖਿਲਾਫ ਏਹੋ ਜਿਹਾ ਮਤਾ ਇੱਕ ਵਾਰੀ ਪਾਰਲੀਮੈਂਟ ਦੇ ਉੱਪਰਲੇ ਸਦਨ ਵਿੱਚ ਪੇਸ਼ ਹੋਇਆ ਅਤੇ ਜਦੋਂ ਓਥੋਂ ਪਾਸ ਹੋ ਗਿਆ ਤਾਂ ਦੂਸਰੇ ਸਦਨ ਵਿੱਚ ਪੇਸ਼ ਕੀਤੇ ਜਾਣ ਤੋਂ ਪਹਿਲਾਂ ਜਸਟਿਸ ਸੁਮਿਤਰਾ ਸੇਨ ਅਸਤੀਫਾ ਦੇ ਗਿਆ ਸੀ। ਕਈ ਹੋਰ ਜੱਜਾਂ ਬਾਰੇ ਏਹੋ ਜਿਹੇ ਮਤੇ ਪੇਸ਼ ਹੋਣ ਤੱਕ ਪਹੁੰਚਦੇ ਅਸੀਂ ਵੇਖੇ ਹੋਏ ਹਨ। ਇਹੋ ਨਹੀਂ, ਕਈ ਵਾਰ ਵੱਡੀਆਂ ਅਦਾਲਤਾਂ ਵਿੱਚ 'ਅੰਕਲ ਜੱਜ' ਦਾ ਰੌਲਾ ਪੈਂਦਾ ਵੀ ਸਾਨੂੰ ਸੁਣਨ ਨੂੰ ਮਿ-ਲਿਆ ਹੈ। 'ਅੰਕਲ ਜੱਜ' ਦਾ ਟੋਟਕਾ ਉਨ੍ਹਾਂ ਜੱਜਾਂ ਬਾਰੇ ਚੱਲਦਾ ਹੈ, ਜਿਨ੍ਹਾਂ ਦਾ ਕੋਈ ਪੁੱਤਰ, ਭਤੀਜਾ, ਧੀ, ਨੂੰਹ, ਜਵਾਈ ਜਾਂ ਘਰ ਦਾ ਕੋਈ ਹੋਰ ਵਕੀਲ ਉਨ੍ਹਾਂ ਦੀ ਆਪਣੀ ਅਦਾਲਤ ਵਿੱਚ ਵਕਾਲਤ ਕਰਦਾ ਹੈ। ਜਿਸ ਕਿਸੇ ਦੀ ਜ਼ਮਾਨਤ ਨਹੀਂ ਹੁੰਦੀ ਜਾਂ ਕੋਈ ਹੋਰ ਕੇਸ ਫਸ ਗਿਆ ਹੈ, ਉਹ ਜੱਜ ਸਾਹਿਬ ਦੇ ਪਰਵਾਰ ਦੇ ਕਿਸੇ ਮੈਂਬਰ ਵਕੀਲ ਨੂੰ ਮੁਖਤਾਰਨਾਮਾ ਦੇ ਦੇਵੇ ਤਾਂ ਲੋਕ ਇਸ ਨੂੰ ਅੱਧਾ ਕੰਮ ਹੋ ਗਿਆ ਮੰਨਣ ਲੱਗਦੇ ਹਨ। ਕਈ ਵਾਰੀ ਰੌਲਾ ਪੈਣ ਦੇ ਬਾਵਜੂਦ ਇਸ ਸ਼ਿਕਵੇ ਦਾ ਇਲਾਜ ਨਹੀਂ ਕੀਤਾ ਜਾ ਸਕਿਆ। ਓਦੋਂ ਪਰੇ ਦੀ ਗੱਲ ਇਹ ਹੈ ਕਿ ਕੋਈ ਜੱਜ ਬਦਲੀ ਕਾਰਨ ਕਿਸੇ ਹੋਰ ਸ਼ਹਿਰ ਜਾਂ ਕਿਸੇ ਹੋਰ ਰਾਜ ਵਿੱਚ ਚਲਾ ਜਾਵੇ ਤਾਂ ਓਥੇ ਪਹੁੰਚ ਕੇ ਉਸ ਕੋਲ ਲੱਗੇ ਕੇਸ ਲਈ ਸੰਬੰਧਤ ਧਿਰਾਂ ਕਈ ਵਾਰ ਉਸ ਜੱਜ ਦੀ ਪਿਛਲੀ ਹਾਈ ਕੋਰਟ ਜਾਂ ਪਿਛਲੇ ਸ਼ਹਿਰ ਤੋਂ ਵਕੀਲ ਕਰਨਪੁੱਜ ਜਾਂਦੀਆਂ ਹਨ। ਇਸਕਾਰਨ ਕੁਝ ਵਕੀਲਾਂ ਅਤੇਕੁਝ ਖਾਸ ਜੱਜਾਂ ਵਿਚਾਲੇ ਗਿੱਟ-ਮਿਟ ਚੱਲਣ ਦੀ ਚਰਚਾ ਚੱਲਦੀ ਹੈ। ਇੱਕ ਮੁੱਖ ਮੰਤਰੀ ਦੇ ਖਿਲਾਫ ਭ੍ਰਿਸ਼ਟਾਚਾਰ ਦਾ ਕੇਸ ਲੋਕਪਾਲ ਦੀ ਰਿਪੋਰਟ ਉੱਤੇ ਦਰਜ ਹੋਇਆ ਸੀ ਅਤੇ ਉਸ ਦਾ ਬਚਣਾ ਔਖਾ ਸੀ। ਮੁੱਖ ਮੰਤਰੀ ਨੇ ਹਾਈ ਕੋਰਟ ਦੇ ਸੰਬੰਧਤ ਜੱਜ ਦੀ ਪਿਛਲੀ ਨਿਯੁਕਤੀ ਵਾਲੀ ਹਾਈ ਕੋਰਟ ਤੋਂ ਇੱਕ ਵਕੀਲ ਕਰ ਲਿਆ। ਇਸ ਨਾਲ ਸਾਰੇ ਕੇਸ ਦਾ ਰੁਖ ਪਲਟ ਗਿਆ ਤੇ ਜੱਜ ਸਾਹਿਬ ਦੀ ਬੋਲੀ ਬਦਲਣ ਮਗਰੋਂ ਮੁੱਖ ਮੰਤਰੀ ਛੁੱਟ ਗਿਆ ਸੀ।

ਜੱਜਾਂ ਨੂੰ ਵੀ ਅਸੀਂ ਕਈ ਵਾਰ ਇੱਕ ਜਾਂ ਦੂਜੇ ਸੁਫਨੇ ਪਿੱਛੇ ਭੱਜਦੇ ਵੇਖਿਆ ਹੈ, ਕਿਉਂਕਿ ਜੱਜ ਵੀ ਇਨਸਾਨ ਹਨ ਅਤੇ ਹੋਰਨਾਂ ਵਾਂਗ ਉਨ੍ਹਾਂ ਦਾ ਵੀ ਆਪਣੇ ਪਰਵਾਰਾਂ ਲਈ 'ਕੁਝ' ਕਰਨ ਨੂੰ ਜੀਅ ਕਰ ਸਕਦਾ ਹੈ।ਇਸ ਦੀ ਇੱਕ ਮਿਸਾਲ ਅੱਜਕੱਲ੍ਹ ਉਨ੍ਹਾਂ ਜੱਜਾਂ ਬਾਰੇ ਚਰਚਾ ਦਾ ਵਿਸ਼ਾ ਹੈ, ਜਿਨ੍ਹਾਂ ਨੇ ਅਯੋਧਿਆ ਕੇਸ ਬਾਰੇ ਫੈਸਲਾ ਦਿੱਤਾ ਸੀ। ਉਨ੍ਹਾਂ ਵਿੱਚੋਂ ਇੱਕ ਜੱਜ ਨੂੰ ਰਿਟਾਇਰਮੈਂਟ ਤੋਂ ਥੋੜ੍ਹੇ ਦਿਨ ਬਾਅਦ ਪਾਰਲੀਮੈਂਟ ਦੇ ਉਤਲੇ ਹਾਊਸ ਦਾ ਮੈਂਬਰ ਨਾਮਜ਼ਦ ਕੀਤਾ ਗਿਆ ਤੇ ਜਦੋਂ ਇਸ ਨਾਮਜ਼ਦਗੀ ਦੀ ਨੁਕਤਾਚੀਨੀ ਹੋਈ ਤਾਂ ਜੱਜ ਨੇ ਕਿਹਾ ਸੀ ਕਿ ਮੈਂਬਰੀ ਇਸ ਕਰ ਕੇ ਲਈ ਹੈ ਕਿ ਨਿਆਂ ਪਾਲਿਕਾ ਦੇ ਸੁਧਾਰ ਲਈ ਪਾਰਲੀਮੈਂਟ ਵਿੱਚ ਆਵਾਜ਼ ਉਠਾਉਣੀ ਹੈ। ਉਸ ਨੂੰ ਇਹ ਮੈਂਬਰੀ ਲਈ ਨੂੰ ਤਿੰਨ ਸਾਲ ਹੋਣ ਲੱਗੇ ਹਨ, ਪਰ ਅੱਜ ਤੱਕ ਓਥੇ ਕੋਈ ਸਵਾਲ ਉਸ ਨੇ ਨਹੀਂ ਪੁੱਛਿਆ। ਉਸ ਦੀ ਮੈਂਬਰੀ ਨੂੰ ਲੋਕ ਅਯੁੱਧਿਆ ਕੇਸ ਦੇ ਫੈਸਲੇ ਦਾ ਬੋਨਸ ਕਹਿੰਦੇ ਹਨ ਤਾਂ ਬੁਰਾ ਮਨਾਇਆ ਜਾਂਦਾ ਹੈ। ਭਾਜਪਾ ਦੇ ਆਗੂ ਅਰੁਣ ਜੇਤਲੀ ਨੇ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਦੌਰਾਨ ਪਾਰਲੀਮੈਂਟ ਵਿੱਚ ਕਿਹਾ ਸੀ ਕਿ ਰਿਟਾਇਰ ਹੋਣ ਪਿੱਛੋਂ ਜਦੋਂ ਜੱਜਾਂ ਨੂੰ ਕੋਈ ਏਦਾਂ ਦੀ ਪਦਵੀ ਦਿੱਤੀ ਜਾਵੇ ਤਾਂ ਲੋਕ ਉਸ ਜੱਜ ਵੱਲੋਂ ਕੀਤੇ ਪਹਿਲੇ ਫੈਸਲਿਆਂ ਨੂੰ ਉਸ ਪਦਵੀ ਦੇ ਅਗੇਤੇ ਵਾਅਦੇ ਨਾਲ ਜੋੜਨ ਲੱਗਦੇ ਹਨ। ਇਹ ਕੁਝ ਅੱਜ ਵਾਲੀ ਕੇਂਦਰ ਸਰਕਾਰ ਦੌਰਾਨ ਵੀ ਹੁੰਦਾ ਹੈ। ਸਾਨੂੰ ਯਾਦ ਹੈ ਕਿ ਭਾਰਤੀ ਸੁਪਰੀਮ ਕੋਰਟ ਦੇ ਇਤਹਾਸ ਵਿੱਚ ਇੱਕ ਵਾਰੀ ਪੰਜ ਸੀਨੀਅਰ ਜੱਜਾਂ ਨੇ ਆਪਣੇ ਚੀਫ ਜਸਟਿਸ ਦੇ ਵਿਹਾਰ ਦੇ ਖਿਲਾਫ ਪ੍ਰੈੱਸ ਕਾਨਫਰੰਸ ਕਰ ਕੇ ਕਈ ਤਰ੍ਹਾਂ ਦੇ ਸਵਾਲ ਚੁੱਕੇ ਸਨ। ਜਿਹੜਾ ਜੱਜ ਉਨ੍ਹਾਂ ਪੰਜ ਜੱਜਾਂ ਵੱਲੋਂ ਸਭ ਤੋਂ ਵੱਧ ਸਵਾਲ ਉਠਾਉਂਦਾ ਤੇ ਇਸ ਨੂੰ ਨਿਆਂ ਪਾਲਿਕਾ ਦੇ ਇਖਲਾਕ ਦਾ ਮੁੱਦਾ ਬਣਾਉਂਦਾ ਸੀ, ਉਹ ਬਾਅਦ ਵਿੱਚ ਅਯੁੱਧਿਆ ਕੇਸ ਦਾ ਫੈਸਲਾ ਦੇਣ ਵਾਲੇ ਬੈਂਚ ਵਿੱਚ ਸ਼ਾਮਲ ਸੀ ਅਤੇ ਰਿਟਾਇਰ ਹੋਣ ਪਿੱਛੋਂ ਪਾਰਲੀਮੈਂਟ ਦੀ ਮੈਂਬਰੀ ਲੈਣ ਵਾਲਾ ਵੀ ਉਹੋ ਜੱਜ ਸੀ। ਉਸ ਖਾਸ ਬੈਂਚ ਵਿੱਚ ਉਸ ਨਾਲ ਬੈਠੇ ਜੱਜਾਂ ਵਿੱਚੋਂ ਕਿਸੇ ਨੂੰ ਸੇਵਾ ਮੁਕਤ ਹੁੰਦੇ ਸਾਰ ਕੋਈ ਵੱਡੀ ਚੇਅਰਮੈਨੀ ਮਿਲ ਗਈ ਅਤੇ ਕਿਸੇ ਨੂੰ ਕਿਸੇ ਰਾਜ ਦਾ ਗਵਰਨਰ ਲਾ ਦਿੱਤਾ ਗਿਆ ਸੀ। ਅਰੁਣ ਜੇਤਲੀ ਦੇ ਸ਼ਬਦ ਡਾਕਟਰ ਮਨਮੋਹਨ ਸਿੰਘ ਦੀ ਸਰਕਾਰ ਦੇ ਵਕਤ ਵੀ ਸਹੀ ਸਨ ਅਤੇ ਉਹ ਅੱਜ ਦੀ ਨਰਿੰਦਰ ਮੋਦੀ ਸਰਕਾਰ ਦੇ ਵਕਤ ਵੀ ਸਹੀ ਹਨ। ਨਿਆਂ ਪਾਲਿਕਾ ਇਸ ਖੇਡ ਬਾਰੇ ਚੁੱਪ ਹੈ।

ਕਿਹਾ ਜਾਂਦਾ ਹੈ ਕਿ ਸੁਪਰੀਮ ਕੋਰਟ ਦੇ ਜੱਜ ਸੰਵਿਧਾਨ ਦੇ ਬੜੇ ਵੱਡੇ ਜਾਣਕਾਰ ਹੁੰਦੇ ਹਨ ਤੇ ਉਨ੍ਹਾਂ ਨੂੰ ਕਿਸੇ ਵੀ ਵੱਡੇ ਅਹੁਦੇ ਉੱਤੇ ਲਾਉਣ ਨਾਲ ਗਲਤੀਆਂ ਤੋਂ ਬਚਿਆ ਜਾ ਸਕਦਾ ਹੈ, ਪਰ ਇਹ ਠੀਕ ਨਹੀਂ। ਸੁਪਰੀਮ ਕੋਰਟ ਦੀ ਜੱਜ ਜਸਟਿਸ ਫਾਤਿਮਾ ਬੀਬੀ ਨੂੰ ਤਾਮਿਲ ਨਾਡੂ ਦੀ ਗਵਰਨਰ ਲਾਇਆ ਗਿਆ ਸੀ। ਓਥੇ ਵਿਧਾਨ ਸਭਾ ਚੋਣਾਂ ਮੌਕੇ ਜਦੋਂ ਇੱਕ ਕੇਸ ਵਿੱਚ ਦੋਸ਼ੀ ਠਹਿਰਾਈ ਗਈ ਬੀਬੀ ਜੈਲਲਿਤਾ ਨੇ ਕਾਗਜ਼ ਭਰੇ ਸਨਤਾਂ ਰਿਟਰਨਿੰਗ ਅਫਸਰ ਨੇ ਰੱਦ ਕਰ ਕੇ ਕਿਹਾ ਸੀ ਕਿ ਦੋਸ਼ੀ ਸਾਬਤ ਹੋ ਚੁੱਕਾ ਵਿਅਕਤੀ ਚੋਣ ਲੜਨ ਦਾ ਹੱਕਦਾਰ ਨਹੀਂ। ਜੈਲਲਿਤਾ ਦੀ ਪਾਰਟੀ ਜਿੱਤ ਗਈ ਅਤੇ ਉਸ ਪਾਰਟੀ ਨੇ ਉਸ ਨੂੰ ਆਪਣੀ ਲੀਡਰ ਚੁਣ ਲਿਆ। ਗਵਰਨਰ ਜਸਟਿਸ ਫਾਤਿਮਾ ਬੀਬੀ ਨੇ ਉਸ ਨੂੰ ਮੁੱਖ ਮੰਤਰੀ ਵਜੋਂ ਸਹੁੰ ਚੁਕਾ ਦਿੱਤੀ। ਸੁਪਰੀਮ ਕੋਰਟ ਨੇ ਓਦੋਂ ਇਹ ਫੈਸਲਾ ਦਿੱਤਾ ਸੀ ਕਿ ਜੈਲਲਿਤਾ ਚੋਣ ਲੜ ਸਕਣ ਦੇ ਕਾਬਲ ਨਹੀਂ ਤੇਓਸੇ ਤਰ੍ਹਾਂ ਉਹ ਮੁੱਖ ਮੰਤਰੀ ਬਣਨ ਦੀ ਵੀ ਹੱਕਦਾਰ ਨਹੀਂ ਤੇ ਸਾਬਕਾ ਜੱਜ ਜਸਟਿਸ ਫਾਤਿਮਾ ਬੀਬੀ ਨੇ ਉਸ ਨੂੰ ਸਹੁੰ ਚੁਕਾ ਕੇ ਗਲਤ ਕੰਮ ਕੀਤਾ ਹੈ। ਓਸੇ ਘੜੀ ਜੈਲਲਿਤਾ ਨੂੰ ਕੁਰਸੀ ਛੱਡਣੀ ਪਈ ਤੇ ਜਸਟਿਸ ਫਾਤਿਮਾ ਬੀਬੀ ਆਪਣਾ ਅਸਤੀਫਾ ਦੇ ਕੇ ਘਰ ਨੂੰ ਤੁਰ ਗਈ ਸੀ। ਉਸ ਦੀ ਜੱਜ ਵਾਲੀ ਸਿਆਣਪ ਓਥੇ ਕੰਮ ਕਿਉਂ ਨਹੀਂ ਸੀ ਆਈ!

ਅੱਜਕੱਲ੍ਹ ਪੰਜਾਬ ਵਿੱਚ ਸਾਬਕਾਜੱਜ ਨਿਰਮਲ ਯਾਦਵ ਦੇ ਖਿਲਾਫ ਭ੍ਰਿਸ਼ਟਾਚਾਰ ਦਾ ਇੱਕ ਕੇਸ ਚੱਲਦਾ ਹੈ। ਹਾਈ ਕੋਰਟ ਦੀ ਜੱਜ ਹੁੰਦੇ ਸਮੇਂ ਉਸ ਨੂੰ ਕਿਸੇ ਨੇ ਨੋਟਾਂ ਦਾ ਭਰਿਆ ਬੈਗ ਭੇਜਿਆ ਸੀ, ਪਰ ਜਸਟਿਸ ਨਿਰਮਲ ਦੇ ਘਰ ਜਾਣ ਦੀ ਥਾਂ ਗਲਤੀ ਨਾਲ ਉਸ ਨਾਲ ਨਾਂਅ ਮਿਲਦਾ ਹੋਣ ਕਾਰਨਉਹੀ ਬੈਗ ਜਸਟਿਸ ਨਿਰਮਲਜੀਤ ਕੌਰ ਦੇ ਦਰਵਾਜ਼ੇ ਉੱਤੇ ਖੜੇ ਸੰਤਰੀ ਕੋਲ ਪਹੁੰਚ ਗਿਆ। ਜਸਟਿਸ ਨਿਰਮਲਜੀਤ ਕੌਰ ਨੇ ਪੁਲਸ ਸੱਦ ਕੇ ਇਸ ਦੀ ਜਾਂਚ ਕਰਨ ਨੂੰ ਕਹਿ ਦਿੱਤਾ। ਰੌਲਾ ਪੈ ਗਿਆ ਤਾਂ ਜਸਟਿਸ ਨਿਰਮਲ ਯਾਦਵ ਤੋਂ ਅਦਾਲਤ ਦਾ ਕੰਮ ਇੱਕ ਵਾਰ ਛੁਡਾ ਲਿਆ ਗਿਆ, ਪਰ ਪਿੱਛੋਂ ਕਿਸੇ ਹੋਰ ਹਾਈ ਕੋਰਟ ਵਿੱਚ ਉਸ ਨੂੰ ਭੇਜ ਦਿੱਤਾ ਗਿਆ ਅਤੇ ਰਿਟਾਇਰਮੈਂਟ ਤੱਕ ਉਹ ਦੂਜੇ ਲੋਕਾਂ ਨਾਲ ਸੰਬੰਧਤ ਕੇਸਾਂ ਦੇ ਫੈਸਲੇ ਕਰਦੀ ਰਹੀ ਸੀ। ਅੱਜਕੱਲ੍ਹ ਉਸ ਦੇ ਖਿਲਾਫ ਕੇਸ ਦੀ ਸੁਣਵਾਈ ਚੱਲਦੀ ਪਈ ਹੈ। ਅੰਤਮ ਫੈਸਲੇ ਦੇ ਵਕਤ ਉਹ ਨਿਰਦੋਸ਼ ਵੀ ਕਰਾਰ ਦਿੱਤੀ ਜਾ ਸਕਦੀ ਹੈ, ਹਾਲਾਂਕਿ ਇਸ ਦੀ ਆਸ ਘੱਟ ਹੈ, ਪਰ ਜੇ ਉਸ ਨੂੰ ਅਦਾਲਤ ਨੇ ਦੋਸ਼ੀ ਕਰਾਰ ਦੇ ਦਿੱਤਾ ਤਾਂ ਜਿਹੜੇ ਫੈਸਲੇ ਹਾਈ ਕੋਰਟ ਦੀ ਜੱਜ ਵਜੋਂ ਨਿਰਮਲ ਯਾਦਵ ਕਰਦੀ ਰਹੀ ਹੈ, ਉਨ੍ਹਾਂ ਸਭ ਕੇਸਾਂ ਬਾਰੇ ਇਹ ਗੱਲ ਕਹੀ ਜਾਣ ਲੱਗ ਜਾਵੇਗੀ ਕਿ ਇਹ ਫੈਸਲਾ ਫਲਾਣੀ ਜੱਜ ਨੇ ਕੀਤਾ ਹੋਣ ਕਾਰਨ ਸ਼ੱਕੀ ਹੈ। ਭਾਰਤੀ ਨਿਆਂ ਪਾਲਿਕਾ ਇਸ ਗੱਲ ਦਾ ਕੋਈ ਜਵਾਬ ਨਹੀਂ ਦੇਵੇਗੀ ਕਿ ਇੱਕ ਦਾਗੀ ਮੰਨੀ ਜਾਂਦੀ ਜੱਜ ਨੂੰ ਉਸ ਦੇ ਆਪਣੇ ਖਿਲਾਫ ਕੇਸਦੇ ਫੈਸਲੇ ਵਿੱਚ ਨਿਰਦੋਸ਼ ਸਾਬਤ ਹੋਣ ਤੱਕ ਅਦਾਲਤੀ ਕੁਰਸੀ ਉੱਤੇਕਿਉਂ ਬਿਠਾਈ ਰੱਖਿਆ ਸੀ!

ਅਸੀਂ ਇਹੋ ਜਿਹੇ ਕਈ ਕੇਸ ਦੱਸ ਸਕਦੇ ਹਾਂ, ਸਣੇ ਹਾਈ ਕੋਰਟ ਦੇ ਇੱਕ ਜੱਜ ਵੱਲੋਂ ਫੈਸਲਾ ਲਿਖਵਾਉਣ ਲਈ ਆਪਣੇ ਘਰ ਮੰਗਵਾਈ ਫਾਈਲ ਉਸੇ ਕੇਸ ਦੀ ਇੱਕ ਧਿਰ ਦੇ ਵਕੀਲ ਦੇ ਘਰ ਪੁੱਜਣ ਦੇ। ਚਰਚਾ ਸੀ ਕਿ ਉਸ ਵਕੀਲ ਦੇ ਰਾਹੀਂ ਸੌਦਾ ਵੱਜਣ ਪਿੱਛੋਂ ਜੱਜ ਨੇ ਉਹ ਫਾਈਲ ਉਸੇ ਨੂੰ ਦੇ ਦਿੱਤੀ, ਤਾਂ ਕਿ ਮਰਜ਼ੀ ਦਾ ਫੈਸਲਾ ਲਿਖ ਲਵੇ। ਦਿੱਲੀ ਨਾਲ ਲੱਗਦੇ ਕਸਬੇ ਵਿੱਚ ਉਸ ਵਕੀਲ ਦੇ ਘਰ ਇੱਕ ਕੇਂਦਰੀ ਜਾਂਚ ਏਜੰਸੀ ਦਾ ਛਾਪਾ ਪੈ ਗਿਆ ਤੇ ਵਕੀਲ ਨੂੰ ਫੜਨ ਵਾਸਤੇ ਗਈ ਹੋਈਜਾਂਚ ਟੀਮ ਦੇ ਜਾਲ ਵਿੱਚ ਉਹ ਜੱਜ ਵੀ ਫਸ ਗਿਆ ਸੀ। ਫਿਰ ਉਹ ਇਹ ਕਹਿ ਕੇ ਅਗੇਤੀ ਸੇਵਾ ਮੁਕਤੀ ਲੈ ਗਿਆ ਸੀ ਕਿ ਉਸ ਦੀ ਪਤਨੀ ਦੀ ਸਿਹਤ ਠੀਕ ਨਹੀਂ ਰਹਿੰਦੀ। ਪੰਜਾਬ ਜਾਂ ਹਰਿਆਣਾ ਅਤੇ ਭਾਰਤ ਦੇ ਹੋਰ ਕਿਸ ਰਾਜ ਵਿੱਚ ਕਿੰਨੇ ਜੱਜਾਂ ਨੂੰ ਗਲਤ ਵਿਹਾਰ ਦੇ ਦੋਸ਼ਾਂ ਹੇਠ ਨੌਕਰੀ ਤੋਂ ਅਸਤੀਫਾ ਦੇਣਾ ਪੈ ਚੁੱਕਾ ਹੈ ਤੇ ਉਨ੍ਹਾਂ ਦੇ ਖਿਲਾਫ ਗਲਤ ਵਿਹਾਰ ਦਾ ਅਸਲ ਵਿੱਚ ਮੁੱਦਾ ਕੀ ਸੀ, ਉਹ ਵੀ ਕਿਸੇ ਤੋਂ ਲੁਕਿਆ ਹੋਇਆ ਨਹੀਂ, ਸਾਰਿਆਂ ਨੂੰ ਪਤਾ ਹੈ।



ਭਾਰਤੀ ਲੋਕਤੰਤਰ ਨੂੰ ਗਹੁ ਨਾਲ ਵੇਖੀਏ ਤਾਂ ਸਾਰੇ ਅੰਗਾਂ ਨੂੰ ਇਸ ਵੇਲੇ ਸਿਉਂਕ ਲੱਗ ਚੁੱਕੀ ਹੈ ਤੇ ਇਸ ਸਿਉਂਕ ਦੀ ਮਾਰ ਵਿਧਾਨ-ਪਾਲਿਕਾ (ਪਾਰਲੀਮੈਂਟ, ਵਿਧਾਨ ਸਭਾਵਾਂ), ਕਾਰਜ-ਪਾਲਿਕਾ (ਸ਼ਾਸਨ ਚਲਾਉਣ ਵਾਲੇ ਅਧਿਕਾਰੀਆਂ) ਅਤੇ ਨਿਆਂ-ਪਾਲਿਕਾ ਹੀ ਨਹੀਂ, ਮੀਡੀਏ ਤੱਕ ਵੀ ਪਹੁੰਚੀ ਹੋਈ ਹੈ। ਅਸੀਂ ਲੋਕ ਆਪਣੇ ਖੇਤਰ ਦੇ ਹਰ ਮਾੜੇ ਅਨਸਰ ਦੇ ਖਿਲਾਫ ਬੋਲਣ ਨੂੰਸਦਾ ਤਿਆਰ ਹਾਂ, ਕਿਉਂਕਿ ਦੇਸ਼ ਦੇ ਲੋਕਤੰਤਰ ਲਈ ਜਿੰਨਾ ਗਲਤ ਦੂਸਰੇ ਤਿੰਨ ਅੰਗਾਂ ਦੇ ਦਾਗੀ ਹੋਣ ਨੂੰ ਸਮਝਦੇ ਹਾਂ, ਓਨਾ ਹੀ ਮੀਡੀਏ ਦਾ ਦਾਗੀ ਹੋਣਾ ਵੀ ਗਲਤ ਮੰਨਦੇ ਹਾਂ। ਨਿਆਂ ਪਾਲਿਕਾ ਵਾਲਿਆਂ ਨੂੰ ਵੀ ਇਸ ਪੱਖ ਤੋਂ ਕਦੇ-ਕਦਾਈਂ ਆਪਣੇ ਨਿਆਇਕ ਪਿੜ ਵਿੱਚ ਆਣ ਵੜੇ ਗਲਤ ਅਨਸਰਾਂ, ਜਾਂ ਪਹਿਲਾਂ ਸਾਫ ਹੋਣ ਦੇ ਬਾਵਜੂਦ ਬਾਕੀਆਂ ਵੱਲ ਵੇਖ ਕੇ ਵਿਗੜ ਚੁੱਕੇ ਤੱਤਾਂ ਬਾਰੇ ਝਾਤੀ ਮਾਰਨੀ ਅਤੇ ਸਫਾਈ ਵਾਸਤੇ ਕੋਸ਼ਿਸ਼ ਕਰਨੀ ਚਾਹੀਦੀ ਹੈ। ਨਿਆਂ ਪਾਲਿਕਾ ਹਾਲੇ ਤੱਕ ਆਪਣਾ ਪਿੜ ਸਾਫ ਨਹੀਂ ਰੱਖ ਸਕੀ। ਜੇ ਨਿਆਂ ਪਾਲਿਕਾ ਬਾਕੀਆਂ ਬਾਰੇ ਫਤਵੇ ਜਾਰੀ ਕਰਦੀ ਰਹੇ ਤੇ ਆਪਣੇ ਵਿਹੜੇ ਵਿੱਚ 'ਅੰਕਲ ਜੱਜ' ਤੋਂ ਸ਼ੁਰੂ ਕਰ ਕੇ ਕਈ ਤਰ੍ਹਾਂ ਦੇ ਮਾੜੇ ਵਰਤਾਰਿਆਂ ਬਾਰੇ ਚੁੱਪ ਵੱਟਣ ਨੂੰ ਠੀਕ ਮੰਨਦੀ ਰਹੇ ਤਾਂ ਫਿਰ ਇਹ ਗੱਲਾਂ ਆਮ ਲੋਕਾਂ ਵਿੱਚ ਚਰਚਾ ਦਾ ਵਿਸ਼ਾ ਬਣਨਗੀਆਂ, ਅਤੇ ਏਸੇ ਲਈ ਬਣ ਰਹੀਆਂ ਹਨ।

## ਅੱਜ ਨਾਮਾ >>

ਪਰਲ ਗਰੀਨ ਦੇ ਪਿੱਛੇ ਸਰਕਾਰ ਪੈ ਗਈ,
ਕਾਰਵਾਈਆਂ ਦੀ ਚੱਲੀ ਫਿਰ ਗੱਲ ਮੀਆਂ।
ਲੱਖਾਂ ਲੋਕਾਂ ਦਾ ਚੱਬ ਗਿਆ ਮਾਲ ਜਿਹੜਾ,
ਚਿਰ ਤੋਂ ਕੱਢਣ ਨਾ ਦੇਂਦਾ ਹੈ ਹੱਲ ਮੀਆਂ।
ਨਿਕਲਿਆ ਸਾਲ ਪਏ ਲੋਕ ਉਡੀਕਦੇ ਸੀ,
ਅੰਤ ਨੂੰ ਤੁਰੀ ਸਰਕਾਰ ਉਸ ਵੱਲ ਮੀਆਂ।
ਉਡੀਕਦੇ ਲੋਕ ਕਿ ਹੋਊ ਜੀ ਅਮਲ ਭਾਰਾ,
ਜਾਂ ਫਿਰ ਖੜਕਣਗੇ ਫੋਕੇ ਹੀਟੱਲ ਮੀਆਂ।
ਸੁਬਰਤੋ ਰਾਏ ਸਹਾਰਾ ਵੀ ਚੱਬ ਗਿਆ ਸੀ,
ਵਿਗੜਿਆ ਰਾਏ ਦਾ ਅਜੇ ਨਾ ਕੱਖ ਮੀਆਂ।
ਆਉਂਦਾ ਕਾਬੂ ਕਿ ਜਾਂਦਾ ਹੈ ਨਿਕਲ ਭੰਗੂ,
ਟਿਕੀ ਆ ਲੋਕਾਂ ਦੀ ਓਸ 'ਤੇ ਅੱਖ ਮੀਆਂ।

**ਤੀਸ ਮਾਰ ਖਾਂ**

## ਮਿੰਨੀ ਕਹਾਣੀ

### ਸੋਨੇ ਦਾ ਸਬਕ

-ਸੁਰਿੰਦਰ ਮਾਣੂੰਕੇ ਗਿੱਲ

ਉਸ ਦੇ ਘਰ ਵਿੱਚ ਅਜਿਹਾ ਕੁਝ ਨਹੀਂ ਬਚਿਆ ਸੀ ਜਿਹੜਾ ਉਸ ਦੇ ਸ਼ਰਾਬ ਦੇ ਨਸ਼ੇ ਦੀ ਭੇਟ ਨਾ ਚੜ੍ਹਿਆ ਹੋਵੇ। ਉਸ ਦੀ ਘਰਵਾਲੀ ਉਸ ਨੂੰ ਸਮਝਾ-ਸਮਝਾ ਕੇ ਥੱਕ ਚੁੱਕੀ ਸੀ। ਰੋਜ਼ ਦੀ ਮਾਰਕੁੱਟ ਨੇ ਉਸ ਨੂੰ ਜਿਉਂਦੀ ਲਾਸ਼ ਬਣਾ ਦਿੱਤਾ ਸੀ। ਇੱਕ ਰਾਤ ਉਸ ਨੇ ਆਪਣੀ ਘਰਵਾਲੀ ਦਾ ਸੋਨਾ ਵੀ ਚੋਰੀ ਕਰ ਲਿਆ ਸੀ।

ਉਹ ਰਾਤੋ-ਰਾਤ ਸੋਨਾ ਚੁਰਾ ਕੇ ਭੱਜ ਜਾਣਾ ਚਾਹੁੰਦਾ ਸੀ, ਪਰ ਕੋਈ ਸਾਧਨ ਨਾ ਹੋਣ ਕਰ ਕੇ ਉਹ ਆਪਣੇ ਕਿਸੇ ਦੋਸਤ ਦੇ ਘਰ ਠਹਿਰ ਗਿਆ। ਉਸ ਦੇ ਦੋਸਤ ਨੂੰ ਪਤਾ ਲੱਗ ਗਿਆ ਕਿ ਇਹ ਜ਼ਰੂਰ ਕੋਈ ਘਰੋਂ ਚੋਰੀ ਕਰ ਕੇ ਆਇਆ ਹੈ। ਨਸ਼ੇ ਵਿੱਚ ਧੁੱਤ ਹੋਣ ਕਰ ਕੇ ਤਲਾਸ਼ੀ ਲੈਣ ਉੱਤੇ ਪਤਾ ਲੱਗਾ ਕਿ ਉਸ ਨੇ ਸੋਨਾ ਚੋਰੀ ਕੀਤਾ ਹੈ। ਉਸ ਦੇ ਦੋਸਤ ਨੇ ਸੋਨਾ ਕੱਢ ਕੇ ਖਾਲੀ ਡੱਬੀਆਂ ਉਸ ਦੇ ਬੈਗ ਵਿੱਚ ਪਾ ਦਿੱਤੀਆਂ। ਅਗਲੇ ਦਿਨ ਉਸ ਨੇ ਜਦੋਂ ਸੋਨਾ ਵੇਚਣ ਦੇ ਇਰਾਦੇ ਨਾਲ ਚੈਕ ਕੀਤਾ ਤਾਂ ਉਹ ਇਹ ਦੇਖ ਕੇ ਹੈਰਾਨ ਹੋ ਗਿਆ ਕਿ ਡੱਬੀਆਂ ਵਿੱਚ ਸੋਨਾ ਨਹੀਂ ਸੀ। ਉਹ ਹਾਲ ਬੇਹਾਲ ਹੋਇਆ ਕਿਸੇ ਹੋਰ ਦੋਸਤ ਕੋਲ ਚਲਾ ਗਿਆ ਤੇ ਸਾਰੀ ਗੱਲ ਉਸ ਨੂੰ ਦੱਸ ਦਿੱਤੀ। ਉਸ ਦੇ ਇਸ ਦੋਸਤ ਨੇ ਕਿਹਾ, 'ਤੂੰ ਫਿਕਰ ਨਾ ਕਰ ਚਾਹ ਪਾਣੀ ਪੀ, ਆਪਾਂ ਪਤਾ ਕਰਦੇ ਹਾਂ।' ਉਸ ਨੇ ਕਿਹਾ; 'ਚਾਹ ਕਿੱਥੇ ਲੰਘਦੀ ਹੈ'। ਦੋਸਤ ਨੇ ਕਿਹਾ: 'ਅੱਛਾ ਤੇਰੇ ਚਾਹ ਨਹੀਂ ਲੰਘਦੀ, ਫਿਰ ਸ਼ਰਾਬ ਕਿਵੇਂ ਲੰਘਦੀ ਹੈ? ਕਮਲਿਆ, ਤੈਨੂੰ ਪਤਾ ਸੋਨਾ ਗੁਆਚਿਆ ਮਾੜਾ ਹੁੰਦਾ ਹੀ ਹੈ, ਲੱਭਿਆ ਜਾਂ ਚੋਰੀ ਕੀਤਾ ਵੀ ਮਾੜਾ ਹੁੰਦਾ ਹੈ, ਇਹ ਚੋਰੀ ਭਾਵੇਂ ਕਿਸੇ ਆਪਣੇ ਦੀ ਕਿਉਂ ਨਾ ਕੀਤੀ ਹੋਵੇ।'

ਉਸ ਨੇ ਕਿਹਾ; 'ਯਾਰ, ਮੇਰੀ ਘਰਵਾਲੀ ਦਾ ਇਹ ਸੋਨਾ ਮਿਲ ਜਾਵੇ, ਮੈਂ ਕਦੇ ਸ਼ਰਾਬ ਨਹੀਂ ਪੀਵਾਂਗਾ।' ਉਸ ਦੇ ਇਸ ਦੋਸਤ ਨੇ ਜਦੋਂ ਪਹਿਲੇ ਦੋਸਤ ਨਾਲ ਗੱਲ ਕੀਤੀ ਤਾਂ ਪਹਿਲਾਂ ਦੋਸਤ ਕਹਿਣ ਲੱਗਾ ਕਿ ਉਹ ਸੋਨਾ ਮੇਰੇ ਕੋਲ ਸਹੀ ਸਲਾਮਤ ਪਿਆ ਹੈ, ਮੈਂ ਇਸ ਕਰ ਕੇ ਕੱਢ ਲਿਆ ਸੀ ਕਿ ਕਿਧਰੇ ਸ਼ਰਾਬ ਦੇ ਨਸ਼ੇ ਵਿੱਚ ਗਵਾ ਨਾ ਦੇਵੇ ਜਾਂ ਕਿਤੇ ਵੇਚ ਨਾ ਦੇਵੇ। ਜਦੋਂ ਉਸ ਦੇ ਇਸ ਦੋਸਤ ਨੇ ਇਹ ਖੁਸ਼ਖਬਰੀ ਉਸ ਨੂੰ ਦੱਸੀ ਤਾਂ ਉਸ ਦੇ ਮੂੰਹ ਉੱਤੇ ਲਾਲੀ ਆ ਗਈ, ਪਰ ਇਹ ਲਾਲੀ ਸ਼ਰਾਬ ਦੇ ਨਸ਼ੇ ਦੀ ਨਹੀਂ ਸੀ, ਸਗੋਂ ਵਾਪਸ ਮਿਲੇ ਸੋਨੇ ਦੇ ਸਬਕ ਦੀ ਸੀ।

# ਗੁਰਮਤਿ/ਸਿੱਖ ਸੋਚ ਦਾ ਮੁੱਦਈ : ਖੋਜੀ ਵਿਦਵਾਨ ਗਿਆਨੀ ਗੁਰਦਿਤ ਸਿੰਘ

## 24 ਫ਼ਰਵਰੀ ਦੇ ਅੰਕ ਲਈ ਗਿਆਨੀ ਗੁਰਦਿਤ ਸਿੰਘ ਜਨਮ ਸ਼ਤਾਬਦੀ 'ਤੇ ਵਿਸ਼ੇਸ਼

-ਉਜਾਗਰ ਸਿੰਘ-

ਨੀ ਗੁਰਦਿੱਤ ਸਿੰਘ ਬਹੁ-ਪੱਖੀ ਤੇ ਬਹੁਰੰਗੀ ਗਿਆਨਵਾਨ ਅਤੇ ਪ੍ਰਬੁੱਧ ਵਿਦਵਾਨ ਸਨ। ਉਹ ਧਾਰਮਿਕ ਖੋਜੀ, ਸਾਹਿਤਕਾਰ, ਪੱਤਰਕਾਰ, ਸਿਆ-ਸਤਦਾਨ ਅਤੇ ਪੰਜਾਬੀ ਸਭਿਅਚਾਰ ਦੇ ਵਾਰਤਕਕਾਰ ਸਨ। ਉਨ੍ਹਾਂ ਨੇ ਇਨ੍ਹਾਂ ਪੰਜਾਂ ਖੇਤਰਾਂ ਵਿੱਚ ਅਜਿਹਾ ਵਿਦਵਤਾ ਭਰਪੂਰ ਬਿਹਤਰੀਨ ਕੰਮ ਕੀਤਾ, ਜਿਸ ਕਰਕੇ ਉਨ੍ਹਾਂ ਦੀ ਇੱਕ ਵੱਖਰੀ ਵਿਲੱਖਣ ਪਛਾਣ ਬਣ ਗਈ। ਉਨ੍ਹਾਂ ਦੇ ਇਨ੍ਹਾਂ ਪੰਜਾਂ ਖੇਤਰਾਂ ਵਿੱਚ ਬਿਹਤਰੀਨ ਕਾਰਜ ਨੂੰ ਇਕ ਦੂਜੇ ਤੋਂ ਨਿਖੇੜਿਆ ਨਹੀਂ ਜਾ ਸਕਦਾ ਪ੍ਰੰਤੂ ਫਿਰ ਵੀ ਇਨ੍ਹਾਂ ਦੇ ਵੱਖਰੇ-ਵੱਖਰੇ ਖੇਤਰਾਂ ਵਿੱਚ ਕੀਤੇ ਕੰਮਾ ਬਾਰੇ ਜਾਣਕਾਰੀ ਇਸ ਪ੍ਰਕਾਰ ਹੈ-

ਸਿੱਖ ਧਾਰਮ ਦੇ ਖੋਜੀ:

ਇਤਿਹਾਸ ਵਿੱਚ ਗਿਆਨੀ ਜੀ ਦਾ ਨਾਮ ਸੁਨਹਿਰੀ ਅੱਖਰਾਂ ਵਿੱਚ ਲਿਖਿਆ ਜਾਵੇਗਾ ਕਿਉਂਕਿ ਉਹ ਬਹੁ-ਪਰਤੀ ਵਿਦਵਤਾ ਦੇ ਮੁਜੱਸਮਾ ਸਨ। ਗਿਆਨੀ ਗੁਰਦਿੱਤ ਸਿੰਘ ਸਿੱਖ ਧਰਮ ਦੇ ਖੋਜੀ ਵਿਦਵਾਨ ਸਨ, ਜਿਨ੍ਹਾਂ ਆਪਣੀ ਸਾਰੀ ਉਮਰ ਸਿੱਖ ਸੋਚ 'ਤੇ ਪਹਿਰਾ ਦਿੰਦਿਆਂ ਬਤੀਤ ਕੀਤੀ। ਉਹ ਸਰਵਪੱਖੀ ਤੇ ਪ੍ਰਤਿਭਾਵਾਨ ਗੁਰਮਤਿ ਦੇ ਧਾਰਨੀ ਅਤੇ ਸਿੱਖ ਸੋਚ ਦੇ ਮੁੱਦਈ ਸਨ। ਉਹ ਸਿੱਖ ਧਰਮ ਦੇ ਪ੍ਰਤੀਬੱਧ ਅਤੇ ਗੁਰਬਾਣੀ ਦੇ ਖੋਜੀ ਵਿਆਖਿਆਕਾਰ ਸਨ। ਉਨ੍ਹਾਂ ਨੂੰ ਸਿੱਖ ਧਰਮ ਦਾ ਡੂੰਘਾ ਗਿਆਨ ਸੀ। ਆਪਣੇ ਧਰਮ ਦੀ ਪ੍ਰਫੁਲਤਾ ਲਈ ਉਹ ਬਚਨਵੱਧ ਸਨ, ਇਸ ਲਈ ਉਨ੍ਹਾਂ ਨੂੰ ਸਿੱਖਾਂ ਦੇ ਪੰਜਵੇਂ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ 'ਗੁਰਮਤਿ ਅਚਾਰੀਆ' ਦੀ ਉਪਾਧੀ ਦੇ ਕੇ ਸਨਮਾਨਤ ਕੀਤਾ ਗਿਆ ਸੀ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਭਗਤਾਂ ਦੀ ਬਾਣੀ ਸ਼ਾਮਲ ਹੈ, ਉਨ੍ਹਾਂ ਭਗਤਾਂ ਅਤੇ ਭੱਟਾਂ ਦੀ ਬਾਣੀ ਦੇ ਇਤਿਹਾਸਿਕ ਪੱਖਾਂ ਬਾਰੇ ਸਮੱਗਰੀ ਇਕ-ਸੁਰ ਕਰਕੇ ਵਿਲੱਖਣ ਕਾਰਜ ਕੀਤਾ ਹੈ। ਉਹ ਸਹੀ ਅਰਥਾਂ ਵਿੱਚ ਸਿੱਖ ਧਰਮ ਦੇ ਚੇਤੰਨ ਚਿੰਤਕ ਸਨ। ਗਿਆਨੀ ਗੁਰਦਿੱਤ ਸਿੰਘ ਦੀ ਜ਼ਿੰਦਗੀ ਦਾ ਮੁੱਖ ਮੰਤਵ ਸਿੱਖ ਕੌਮ ਦੇ ਭਵਿਖ ਨੂੰ ਬਿਹਤਰੀਨ ਅਤੇ ਸੁਨਹਿਰਾ ਬਣਾਉਣਾ ਸੀ। ਉਹ ਬਹੁਰੰਗੀ ਅਤੇ ਬਹੁਮੰਤਵੀ ਸ਼ਖ਼ਸੀਅਤ ਦੇ ਮਾਲਕ ਸਨ। ਉਹ ਗੁਰਮਤਿ ਤੇ ਸਿੱਖ ਇਤਿਹਾਸ ਦੇ ਆਲ੍ਹਾ ਦਰਜੇ ਦੇ ਖੋਜੀ ਵਿਦਵਾਨ ਸਨ। ਜਿਤਨੀਆਂ ਵੀ ਪੰਜਾਬ ਵਿਚ ਗੁਰੂ ਸਾਹਿਬਾਨ ਅਤੇ ਸਿੱਖੀ ਨਾਲ ਸੰਬੰਧਤ ਸ਼ਤਾਬਦੀਆਂ ਮਨਾਈਆਂ ਗਈਆਂ, ਉਨ੍ਹਾਂ ਦੇ ਸਾਰੇ ਪ੍ਰੋਗਰਾਮ ਗਿਆਨੀ ਗੁਰਦਿੱਤ ਸਿੰਘ ਉਲੀਕਦੇ ਸਨ। ਸ਼ਰੋਮਣੀ ਗੁਰਦਵਾਰਾ ਪ੍ਰਬੰਧਕ ਕਮੇਟੀ ਵਲੋਂ ਮਨਾਏ ਗਏ 300 ਸਾਲਾ ਸ਼ਤਾਬਦੀ ਸਮਾਰੋਹਾਂ ਦੇ ਮੌਕੇ ਉਨ੍ਹਾਂ ਨੇ 50 ਪੁਸਤਕਾਂ ਦੀ ਸੰਪਾਦਨਾ ਕੀਤੀ, ਜਿਹੜੀਆਂ ਸਿੱਖੀ ਵਿਚਾਰਧਾਰਾ ਤੇ ਪਹਿਰਾ ਦਿੰਦੀਆਂ ਹਨ। ਉਨ੍ਹਾਂ ਦੀਆਂ ਅਣਥੱਕ ਕੋਸ਼ਿਸ਼ਾਂ ਸਦਕਾ ਹੀ ਸਿੱਖਾਂ ਦਾ ਪੰਜਵਾਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਹੋਂਦ ਵਿੱਚ ਆਇਆ ਸੀ। ਉਨ੍ਹਾਂ ਨੇ ਮੋਹਾਲੀ, ਚੰਡੀਗੜ੍ਹ ਅਤੇ ਦਿੱਲੀ ਵਿਖੇ ਗੁਰੂ ਗ੍ਰੰਥ ਸਾਹਿਬ ਵਿਦਿਆ ਕੇਂਦਰ ਸਥਾਪਤ ਕੀਤੇ। ਗਿਆਨੀ ਗੁਰਦਿੱਤ ਸਿੰਘ ਦੀ ਰਹਿਨੁਮਾਈ ਹੇਠ ਕੇਂਦਰੀ ਸ੍ਰੀ ਗੁਰੂ ਗੋਬਿੰਦ ਸਭਾ ਦੀ ਸਥਾਪਨਾ ਕੀਤੀ ਗਈ ਅਤੇ ਫਿਰ ਇਸ ਸੰਸਥਾ ਵੱਲੋਂ ਦੇਸ਼-ਵਿਦੇਸ਼ ਵਿੱਚ ਗੁਰਮਤਿ ਟ੍ਰੇਨਿੰਗ ਕੈਂਪ ਲਗਾ ਕੇ ਨੌਜਵਾਨਾ ਵਿੱਚ ਸਿੱਖੀ ਦਾ ਪ੍ਰਚਾਰ ਕੀਤਾ ਗਿਆ। ਪਾਠ ਬੋਧ ਸਮਾਗਮ ਕਰਵਾਉਣ ਦਾ ਸਿਹਰਾ ਵੀ ਗਿਅਨੀ ਜੀ ਨੂੰ ਜਾਂਦਾ ਹੈ। ਉਨ੍ਹਾਂ ਸਿੱਖ ਇਤਿਹਾਸ ਦੇ ਮੁੱਢਲੇ ਸ੍ਰੋਤਾਂ ਨੂੰ ਵਿਦ-ਵਾਨਾ ਤੱਕ ਪਹੁੰਚਾਉਣ ਦਾ ਮਹੱਤਵਪੂਰਨ ਕੰਮ ਕੀਤਾ ਹੈ। ਇਸ ਮੰਤਵ ਲਈ ਉਨ੍ਹਾਂ ਦੇਸ਼ ਵਿਦੇਸ਼ ਵਿੱਚ ਹਜ਼ਾਰਾਂ ਹੱਥ ਲਿਖਤਾਂ ਅਤੇ ਪੁਰਾਤਨ ਖਰੜਿਆਂ ਦਾ ਅਧਿਐਨ ਕੀਤਾ। ਉਹ ਹਮੇਸ਼ਾ ਤੱਥਾਂ 'ਤੇ ਅਧਾਰਤ ਲਿਖਦੇ ਸਨ। ਉਨ੍ਹਾਂ ਨੇ ਇਕ ਸੰਸਥਾ ਤੋਂ ਵੀ ਵੱਧ ਕੰਮ ਕੀਤਾ। ਉਨ੍ਹਾਂ ਦੀ ਸਾਰੀ ਖੋਜ ਸਿੱਕੇਬੰਦ ਹੈ ਕਿਉਂਕਿ ਉਹ ਤੱਥਾਂ 'ਤੇ ਅਧਾਰਤ ਖੋਜ ਕਰਕੇ ਲਿਖਦੇ ਸਨ। ਸ੍ਰੀ ਗੁਰੂ ਗ੍ਰੰਥ ਸਾਹਿਬ ਗਿਆਨੀ ਜੀ ਦੇ ਜੀਵਨ ਦਾ ਕੇਂਦਰੀ ਧੁਰਾ ਰਿਹਾ ਹੈ। ਉਹ ਗਿਆਨ ਦੇ ਭੰਡਾਰ ਅਤੇ ਸਿੱਖ ਧਰਮ ਦੇ ਪਹਿਰੇਦਾਰ ਸਨ। ਉਹ ਇਕ ਅਜਾਇਬ ਘਰ ਬਣਾਉਣਾ ਚਾਹੁੰਦੇ ਸਨ, ਜਿਸ ਵਿੱਚ ਪੁਰਾਤਨ ਬੀੜਾਂ, ਦੁਰਲਭ ਵਸਤਾਂ, ਗੁਰੂ ਸਾਹਿਬਾਨ ਨਾਲ ਸੰਬੰਧਤ ਵਸਤੂਆਂ ਆਦਿ ਨੂੰ 'ਸਿੱਖ ਵਿਰਸਾ ਟਰੱਸਟ' ਦੇ ਰੂਪ ਵਿੱਚ ਪੰਥ ਲਈ ਸੰਭਾਲਿਆ ਜਾ ਸਕੇ ਪ੍ਰੰਤੂ ਪਰਮਾਤਮਾ ਨੂੰ ਕੁਝ ਹੋਰ ਹੀ ਮਨਜ਼ੂਰ ਸੀ। ਉਹ ਕਈ ਸਿੱਖ ਸੰਸਥਾਵਾਂ ਦੇ ਮੁੱਖੀ /ਮੈਂਬਰ ਅਤੇ ਉਨ੍ਹਾਂ ਦੇ ਕੁਸ਼ਲ ਪ੍ਰਬੰਧਕ ਸਨ।

ਪੰਜਾਬੀ ਸਭਿਅਚਾਰ ਦੇ ਵਾਰਤਕਕਾਰ:

ਗਿਆਨੀ ਗੁਰਦਿਤ ਸਿੰਘ ਪੰਜਾਬੀ ਸਭਿਆਚਾਰ, ਸਭਿਅਤਾ ਅਤੇ ਪੰਜਾਬੀ ਪੇਂਡੂ ਰਹਿਣੀ ਬਹਿਣੀ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਦ੍ਰਿਸ਼ਟਮਾਨ ਕਰਨ



ਵਾਲੇ ਬੁਧੀਜੀਵੀ ਤੇ ਵਿਦਵਾਨ ਲੇਖਕ ਹੋਏ ਹਨ। ਪੰਜਾਬੀ ਸਭਿਆਚਾਰ ਨਾਲ ਉਨ੍ਹਾਂ ਨੂੰ ਅਥਾਹ ਪਿਆਰ ਸੀ, ਇਸ ਕਰਕੇ ਹਮੇਸ਼ਾ ਪੰਜਾਬੀਅਤ ਵਿੱਚ ਗੜੁੱਚ ਰਹਿੰਦੇ ਸਨ। ਗਿਆਨੀ ਜੀ ਨੇ ਲੋਕ ਵਿਰਸੇ ਦੀ ਵਫ਼ਦਾਰੀ ਨਿਭਾਉਂਦਿਆਂ ਹਮੇਸ਼ਾ ਆਪਣੀ ਲੇਖਣੀ ਰਾਹੀਂ ਪੰਜਾਬੀ ਤੇ ਸਿੱਖੀ ਰਵਾਇਤਾਂ, ਰਸਮੋ ਰਿਵਾਜ ਅਤੇ ਸਰੂਪ ਨੂੰ ਆਪਣੀਆਂ ਲਿਖਤਾਂ ਦਾ ਅਟੁੱਟ ਅੰਗ ਬਣਾਇਆ। ਉਹ ਇੱਕ ਸੁਲਝੇ ਹੋਏ ਸਿੱਖ ਵਿਦਵਾਨ ਸਨ, ਜਿਹਨਾਂ ਦੀ ਅੱਜ ਤੱਕ ਦੀ ਪੰਜਾਬੀ ਦੀ ਸਭ ਤੋਂ ਸਰਵੋਤਮ 1961 ਵਿੱਚ ਪ੍ਰਕਾਸ਼ਤ ਹੋਈ ਪੁਸਤਕ 'ਮੇਰਾ ਪਿੰਡ' ਨੂੰ ਗਿਣਿਆ ਜਾਂਦਾ ਹੈ। ਹੁਣ ਤੱਕ ਇਸ ਪੁਸਤਕ ਦੇ 14 ਐਡੀਸ਼ਨ ਪ੍ਰਕਾਸ਼ਤ ਹੋ ਚੁੱਕੇ ਹਨ। ਉਨ੍ਹਾਂ ਤੋਂ ਪਹਿਲਾਂ ਵੀ ਬਹੁਤ ਸਾਰੇ ਸਾਹਿਤਕਾਰਾਂ ਨੇ ਪੰਜਾਬੀ ਭਾਸ਼ਾ ਦੀ ਸੇਵਾ ਆਪਣੀਆਂ ਪੁਸਤਕਾਂ ਰਾਹੀਂ ਕੀਤੀ ਹੈ ਪ੍ਰੰਤੂ ਉਨ੍ਹਾਂ ਦੀ ਪੁਸਤਕ ਮੇਰਾ ਪਿੰਡ ਸ਼ਾਹਕਾਰ ਪੁਸਤਕ ਦੇ ਤੌਰ ਤੇ ਪ੍ਰਵਾਣਿਤ ਕੀਤੀ ਜਾਂਦੀ ਹੈ। ਪੰਜਾਬ ਦੇ ਸਭਿਆਚਾਰਕ ਇਤਿਹਾਸ ਵਿੱਚ 'ਮੇਰਾ ਪਿੰਡ' ਪੁਸਤਕ ਇਕ ਮੀਲ ਪੱਥਰ ਸਾਬਤ ਹੋਈ ਹੈ। ਇਸ ਪੁਸਤਕ ਵਿੱਚ ਗਿਆਨੀ ਗੁਰਦਿੱਤ ਸਿੰਘ ਨੇ ਪਿੰਡਾਂ ਦੇ ਸਭਿਅਚਾਰ ਦੀ ਤਸਵੀਰ ਖਿਚ ਕੇ ਰੱਖ ਦਿੱਤੀ। ਘਰ ਬੈਠਿਆਂ ਨੂੰ ਪੇਂਡੂ ਸਭਿਅਤਾ ਦੇ ਦਰਸ਼ਨ ਕਰਵਾ ਦਿੱਤੇ ਹਨ। ਪਿੰਡਾਂ ਦੇ ਜੀਵਨ ਵਿੱਚ ਪਾਏ ਜਾਂਦੇ ਵਹਿਮ ਭਰਮ, ਮਨਾਏ ਜਾਂਦੇ ਤਿਥ ਤਿਓਹਾਰ, ਜੰਮਣ-ਮਰਨ, ਵਿਆਹ ਦੇ ਰੀਤੀ ਰਿਵਾਜ਼ਾਂ ਨੂੰ ਬਾਖ਼ੂਬੀ ਚਿਤਰਿਆ ਹੈ। ਉਹ ਪੰਜਾਬੀ ਦਿਹਾਤੀ ਵਿਰਾਸਤ ਦੇ ਰੰਗ ਵਿੱਚ ਰੰਗੇ ਹੋਏ ਸਨ, ਜਿਸ ਕਰਕੇ ਉਹ ਆਪਣੀ ਵਿਰਾਸਤ 'ਤੇ ਸਾਰੀ ਉਮਰ ਪਹਿਰਾ ਦਿੰਦੇ ਰਹੇ। ਇਕ ਕਿਸਮ ਨਾਲ 'ਮੇਰਾ ਪਿੰਡ' ਪੁਸਤਕ ਹਵਾਲਾ ਪੁਸਤਕ ਹੈ, ਜਿਸ ਨੂੰ ਆਉਣ ਵਾਲੀ ਪੀੜ੍ਹੀ ਖੋਜ ਲਈ ਵਰਤਿਆ ਕਰੇਗੀ। ਪੰਜਾਬ ਦੀਆਂ ਲੋਕ ਕਹਾਣੀਆਂ ਇਸ ਪ੍ਰਸੰਗ ਦੀ ਇੱਕ ਵਿਲੱਖਣ ਵੰਨਗੀ ਹੈ, ਜਿਸ ਵਿੱਚ ਪੰਜਾਬੀ ਬਾਤਾਂ ਤਿੰਨ ਜਿਲਦਾਂ ਵਿੱਚ ਛਾਪੀਆਂ ਗਈਆਂ ਸਨ। ਉਨ੍ਹਾਂ ਸਿੰਘ ਸਭਾ ਲਹਿਰ ਵਿੱਚ ਨਵੀਂ ਰੂਹ ਪੈਦਾ ਕੀਤੀ। ਉਨ੍ਹਾਂ ਨੂੰ ਪੰਜਾਬੀ ਸਭਿਆਚਾਰ ਦਾ ਵਣਜਾਰਾ ਕਿਹਾ ਜਾ ਸਕਦਾ ਹੈ। ਉਨ੍ਹਾਂ ਲੋਕਧਾਰਾਈ ਵਰਤਾਰਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਗਟਾਇਆ ਹੈ।

ਸੰਪਾਦਕ ਤੇ ਪੱਤਰਕਾਰ

ਗਿਆਨੀ ਗੁਰਦਿਤ ਸਿੰਘ ਨੇ ਆਪਣਾ ਕੈਰੀਅਰ ਮਹਿਜ 24 ਸਾਲ ਦੀ ਉਮਰ ਵਿੱਚ ਪੱਤਰਕਾਰੀ ਵਿੱਚ ਹੀ ਸ਼ੁਰੂ ਕੀਤਾ ਸੀ। ਉਹ ਉਚ ਕੋਟੀ ਦੇ ਨਿੱਡਰ ਪੱਤਰਕਾਰ ਤੇ ਸੰਪਾਦਕ ਸਨ। ਉਨ੍ਹਾਂ ਦੀ ਪੱਤਰਕਾਰੀ ਦੀ ਦਿਲਚਸਪੀ ਕਰਕੇ ਉਹਨਾਂ ਨੇ 1947 ਵਿੱਚ ਪਟਿਆਲੇ ਤੋਂ ਪੰਜਾਬੀ ਦਾ 'ਪ੍ਰਕਾਸ਼' ਨਾਂ ਦਾ ਰੋਜ਼ਾਨਾ ਅਖ਼ਬਾਰ ਪ੍ਰਕਾਸ਼ਤ ਕੀਤਾ। ਉਹ ਇਸ ਅਖ਼ਬਾਰ ਦੇ ਮੁੱਖ ਸੰਪਾਦਕ ਸਨ। ਵਿਤੀ ਮੁਸ਼ਕਲਾਂ ਕਰਕੇ ਉਨ੍ਹਾਂ ਇਸ ਅਖ਼ਬਾਰ ਨੂੰ ਸਪਤਾਹਿਕ ਬਣਾ ਦਿੱਤਾ। ਉਹ ਇਸ ਅਖ਼ਬਾਰ ਨੂੰ 1961 ਤੱਕ ਰੋਜ਼ਾਨਾ ਅਤੇ ਫਿਰ 1978 ਤੱਕ ਸਪਤਾਹਿਕ ਪ੍ਰਕਾਸ਼ਤ ਕਰਦੇ ਰਹੇ। ਇਸ ਅਖ਼ਬਾਰ ਵਿੱਚ ਪ੍ਰਸਿੱਧ ਵਿਅੰਗਕਾਰ ਸੂਬਾ ਸਿੰਘ ਉਨ੍ਹਾਂ ਕੋਲ ਕੰਮ ਕਰਦੇ ਸਨ। ਪੱਤਰਕਾਰੀ ਦਾ ਮੱਸ ਉਹਨਾਂ ਨੂੰ ਸਤਾਉਂਦਾ ਰਿਹਾ, ਇਸ ਕਰਕੇ ਜੀਵਨ ਸੰਦੇਸ਼ ਅਖ਼ਬਾਰ 1949 ਵਿੱਚ ਸ਼ੁਰੂ ਕੀਤਾ ਜਿਸ ਦੇ ਉਹ ਸੰਪਾਦਕ ਸਨ। 1973 ਤੋਂ 1978 ਤੱਕ ਸਿੰਘ ਸਭਾ ਪਤ੍ਰਿਕਾ ਦੇ ਸੰਪਾਦਕ ਰਹੇ। ਇਨ੍ਹਾਂ ਪਤ੍ਰਿਕਾਵਾਂ ਰਾਹੀਂ ਉਹ ਸਿੱਖੀ ਵਿਚਾਰਧਾਰਾ ਤੇ ਪਹਿਰਾ ਦਿੰਦੇ ਰਹੇ। ਉਨ੍ਹਾਂ ਦਾ ਹਰ ਲੇਖ ਇਤਿਹਾਸਿਕ ਅਤੇ ਗੁਰਮਤਿ ਦੇ ਕੇਂਦਰੀ ਸਿਧਾਂਤ 'ਤੇ ਅਧਾਰਤ ਬਾ-ਦਲੀਲ ਕੇਂਦਰਤ ਹੁੰਦਾ ਸੀ। ਉਹ ਸਿੰਘ ਸਭਾ ਸ਼ਤਾਬਦੀ ਕਮੇਟੀ ਅੰਮ੍ਰਿਤਸਰ ਦੇ ਵੀ ਜਨਰਲ ਸਕੱਤਰ ਰਹੇ। ਗਿਆਨੀ ਗੁਰਦਿੱਤ ਸਿੰਘ ਦੀਆਂ ਸਾਰੀਆਂ ਪ੍ਰਾਪਤੀਆਂ ਦਾ ਰਾਜ਼ ਇੱਕ ਖੋਜੀ ਪੱਤਰਕਾਰ ਤੇ ਸੰਪਾਦਕ ਹੋਣਾ ਹੈ। ਉਹ ਪੱਤਰਕਾਰੀ ਦੇ ਪਿਤਾਮਿਆਂ ਵਿੱਚੋਂ ਇੱਕ ਹਨ।

ਸਾਹਿਤਕਾਰ:

ਗਿਆਨੀ ਗੁਰਦਿੱਤ ਸਿੰਘ ਨੇ ਆਪਣੀ 83 ਸਾਲ ਦੀ ਉਮਰ ਤੋਂ ਵੀ ਵੱਧ ਲਗਪਗ 100 ਪੁਸਤਕਾਂ, ਕਿਤਾਬਚੇ, ਲੇਖ ਅਤੇ ਟਰੈਕਟ ਖੁਦ ਲਿਖੇ/ਸੰਪਾਦਤ ਕੀਤੇ। ਉਨ੍ਹਾਂ ਨੂੰ ਗੁਰਮਤਿ ਸਾਹਿਤ ਅਤੇ ਪੱਤਰਕਾਰੀ ਦਾ ਸੁਮੇਲ ਕਿਹਾ ਜਾ ਸਕਦਾ ਹੈ। ਗਿਆਨੀ ਗੁਰਦਿੱਤ ਸਿੰਘ ਨੇ ਪ੍ਰਸਿੱਧ ਧਾਰਮਿਕ ਵਿਦਵਾਨਾ ਦੀਆਂ ਜੀਵਨੀਆਂ ਵੀ ਲਿਖੀਆਂ ਹਨ। ਉਹ ਆਪਣੀ ਧੁਨ ਦੇ ਪੱਕੇ, ਸਿਰੜ੍ਹੀ ਅਤੇ ਦਰਵੇਸ਼ ਵਿਦਵਾਨ ਸਨ। ਉਨ੍ਹਾਂ ਦੇ ਵਿਅਕਤਿਤਵ ਵਿੱਚ ਲੋਕ ਵਿਰਸੇ ਅਤੇ ਧਰਮ-ਚਿੰਤਨ ਦਾ ਅਜਿਹਾ ਸੁਮੇਲ ਪੰਜਾਬੀ ਸਾਹਿਤ ਅਤੇ ਪੰਜਾਬੀਆਂ ਲਈ ਸੁਭਾਗਾ ਸਿੱਧ ਹੋਇਆ ਹੈ। 'ਇਤਿਹਾਸ ਸ੍ਰੀ ਗੁਰੂ ਗ੍ਰੰਥ ਸਾਹਿਬ' ਉਨ੍ਹਾਂ ਛੇ ਜਿਲਦਾਂ ਵਿੱਚ ਸੰਪੂਰਨ ਕੀਤਾ। ਉਨ੍ਹਾਂ ਨੇ ਲੋਕ ਸਾਹਿਤ ਦੀ ਰਚਨਾ ਕੀਤੀ, ਲੋਕ ਸਾਹਿਤ ਲੋਕਧਾਰਾ ਦਾ ਅਨਿਖੜ ਅੰਗ ਹੁੰਦਾ ਹੈ।

ਸਿਆਸਤਦਾਨ:

ਗਿਆਨੀ ਗੁਰਦਿੱਤ ਸਿੰਘ ਜੀ ਦੀ ਸਿੱਖੀ, ਗੁਰਮਤਿ, ਪੰਜਾਬੀ ਸਭਿਅਚਾਰ, ਸਾਹਿਤ ਅਤੇ ਪੱਤਰਕਾਰੀ ਵਿੱਚ ਪਾਏ ਵਿਲੱਖਣ ਯੋਗਦਾਨ ਨੂੰ ਮੁੱਖ ਰੱਖਦਿਆਂ ਉਨ੍ਹਾਂ ਨੂੰ ਪੰਜਾਬ ਲੈਜਿਸਲੇਚਰ ਕੌਂਸਲ ਦਾ 1956 ਵਿੱਚ ਮੈਂਬਰ ਨਾਮਜਦ ਕੀਤਾ ਗਿਆ। ਪੰਜਾਬੀ ਯੂਨੀਵਰਸਿਟੀ ਅਤੇ ਤਖ਼ਤ ਦਮਦਮਾ ਸਾਹਿਬ ਦੀ ਸਥਾਪਨਾ ਵਿੱਚ ਵੀ ਉਨ੍ਹਾਂ ਦਾ ਮਹੱਤਵਪੂਰਨ ਯੋਗਦਾਨ ਹੈ। ਉਨ੍ਹਾਂ ਵਿਧਾਨ ਪ੍ਰੀਸ਼ਦ ਵਿੱਚ ਸਿੱਖਾਂ ਦੇ ਪੰਜਵੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਸਥਾਪਨਾ ਲਈ ਮਤਾ ਪੇਸ਼ ਕਰਕੇ ਪੁਰਜ਼ੋਰ ਸਿਫ਼ਾਰਸ਼ ਨਾਲ ਮੈਂਬਰਾਂ ਨੂੰ ਪ੍ਰਭਾਵਤ ਕੀਤਾ, ਜਿਸਦੇ ਸਿੱਟੇ ਵਜੋਂ ਪੰਜਵੇਂ ਤਖ਼ਤ ਦੀ ਸਥਪਨਾ ਹੋਈ।

ਮਾਨ ਸਨਮਾਨ

ਗਿਆਨੀ ਗੁਰਦਿਤ ਸਿੰਘ ਦੀਆਂ ਪੰਜਾਬ, ਪੰਜਾਬੀ ਸਭਿਆਚਾਰ ਅਤੇ ਸਿੱਖ ਧਰਮ ਦੀਆਂ ਸੇਵਾਵਾਂ ਨੂੰ ਮੁੱਖ ਰੱਖਦਿਆਂ ਕਈ ਮਾਨ ਸਨਮਾਨ ਵੀ ਦਿਤੇ ਗਏ। ਉਹਨਾਂ ਨੂੰ ਮਿਲੇ ਮਾਨ ਸਨਮਾਨਾਂ ਵਿੱਚ ਭਾਸ਼ਾ ਵਿਭਾਗ ਵਲੋਂ ਪੰਜਾਬੀ ਸਾਹਿਤ ਸ਼ਰੋਮਣੀ ਪੁਰਸਕਾਰ 2006, ਪੰਜ ਪਾਣੀ ਪੁਰਸਕਾਰ 2005, ਦੂਰਦਰਸ਼ਨ ਜਲੰਧਰ ਵਲੋਂ ਚੀਫ ਖਾਲਸਾ ਦੀਵਾਨ ਪੁਰਸਕਾਰ, ਪੰਜਾਬੀ ਸਾਹਿਤ ਅਕਾਡਮੀ ਪੁਰਸਕਾਰ 2000, ਕਰਤਾਰ ਸਿੰਘ ਧਾਲੀਵਾਲ ਅਵਾਰਡ, ਐਸ. ਜੀ. ਪੀ. ਸੀ. ਵਲੋਂ ਗੁਰਮਤਿ ਅਚਾਰੀਆ ਅਵਾਰਡ 1991, ਮੇਰਾ ਪਿੰਡ ਪੁਸਤਕ ਲਈ 1967 ਅਤੇ ਤਿਥ ਤਿਉਹਾਰ ਲਈ 1960 ਆਦਿ ਸ਼ਾਮਲ ਹਨ। ਉਨ੍ਹਾਂ ਨੂੰ 1960 ਵਿੱਚ ਯੂਨੈਸਕੋ ਨੇ ਮੇਰਾ ਪਿੰਡ ਲੇਖ ਲਈ ਪੁਰਸਕਾਰ ਵੀ ਦਿੱਤਾ ਸੀ। 1970 ਵਿੱਚ ਪੰਜਾਬੀ ਯੂਨੀਵਰਸਿਟੀ ਨੇ ਤਿੰਨ ਸਾਲ ਲਈ ਆਨਰੇਰੀ ਫੈਲੋਸ਼ਿਪ ਪ੍ਰਦਾਨ ਕੀਤੀ ਸੀ।

ਗਿਆਨੀ ਗੁਰਦਿੱਤ ਸਿੰਘ ਦਾ ਜਨਮ ਮਾਲੇਰਕੋਟਲਾ ਰਿਆਸਤ (ਹੁਣ ਮਾਲੇ-ਰਕੋਟਲਾ ਜਿਲ੍ਹਾ) ਦੇ ਪਿੰਡ ਮਿੱਠੇਵਾਲ ਵਿਖੇ ਪਿਤਾ ਹੀਰਾ ਸਿੰਘ ਅਤੇ ਮਾਤਾ ਨਿਹਾਲ ਕੌਰ ਦੀ ਕੁੱਖੋਂ 24 ਫਰਵਰੀ 1923 ਨੂੰ ਇਕ ਸਾਧਾਰਨ ਕਿਰਤੀ ਪਰਿਵਾਰ ਵਿੱਚ ਹੋਇਆ। ਮੁੱਢਲੀ ਪੜ੍ਹਾਈ ਪਿੰਡ ਦੇ ਗੁਰਦੁਆਰੇ ਵਿੱਚੋਂ ਪ੍ਰਾਪਤ ਕੀਤੀ। ਇਸ ਤੋਂ ਬਾਅਦ ਡੇਰਿਆਂ ਵਿੱਚ ਗ਼ੈਰਰਸਮੀ ਪੜ੍ਹਾਈ ਕੀਤੀ। 1945 ਵਿੱਚ ਲਾਹੌਰ ਯੂਨੀਵਰਸਿਟੀ ਤੋਂ ਗਿਆਨੀ ਪਾਸ ਕੀਤੀ। ਹੈਰਾਨੀ ਦੀ ਗੱਲ ਹੈ ਕਿ ਉਨ੍ਹਾਂ ਨੂੰ ਭਾਵੇਂ ਉਚ ਪੜ੍ਹਾਈ ਕਰਨ ਦਾ ਮੌਕਾ ਨਹੀਂ ਮਿਲਿਆ ਪ੍ਰੰਤੂ ਉਨ੍ਹਾਂ ਦਾ ਕੰਮ ਉਚ ਕੋਟੀ ਦੇ ਵਿਦਵਾਨਾ ਤੋਂ ਵੀ ਵੱਧ ਸੀ। ਉਨ੍ਹਾਂ ਦੀ ਬੋਲੀ ਸਰਲ, ਗੱਲਬਾਤੀ ਅਤੇ ਬਿਰਤਾਂਤਿਕ ਹੈ, ਜਿਹੜੀ ਸੌਖਿਆਂ ਹੀ ਪਾਠਕ ਦੇ ਸਮਝ ਪੈ ਜਾਂਦੀ ਹੈ। ਗਿਆਨੀ ਜੀ ਨੇ ਆਮ ਲੋਕਾਂ ਵੱਲੋਂ ਵਰਤੀ ਜਾਂਦੀ ਬੋਲੀ ਦੀ ਅਮੀਰੀ ਅਤੇ ਸਮਰੱਥਾ ਦਰਸਾ ਕੇ ਇਸ ਨੂੰ ਸਾਹਿਤਕ ਖੇਤਰ ਵਿੱਚ ਪੂਰਾ ਆਦਰ ਮਾਣ ਦਿਵਾਇਆ। ਉਨ੍ਹਾਂ ਪੰਜਾਬੀ ਬੋਲੀ ਦੀ ਸਰਦਾਰੀ ਨੂੰ ਸਥਾਪਤ ਕਰ ਦਿੱਤਾ। ਉਹ ਲੋਕਾਂ ਦੀਆਂ ਗੱਲਾਂ ਲੋਕਾਂ ਦੀ ਭਾਸ਼ਾ ਵਿੱਚ ਲਿਖਦੇ ਸਨ। 17 ਜਨਵਰੀ 2007 ਨੂੰ ਗਿਆਨੀ ਗੁਰਦਿੱਤ ਸਿੰਘ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ।

ਹਵਾਲੇ/ਸਰੋਤ: ਪੁਸਤਕ 'ਗਿਆਨੀ ਗੁਰਦਿੱਤ ਸਿੰਘ 1923-2007
ਸੰਪਾਦਕ:ਇੰਦਰਜੀਤ ਕੌਰ ਤੇ ਰੂਪਿੰਦਰ ਸਿੰਘ

# ਅਪ੍ਰੈਲ ਦੇ ਮੌਸਮ ਨੂੰ ਅਸੀਂ ਫਰਵਰੀ ਵਿੱਚ ਅਨੁਭਵ ਕਰ ਰਹੇ



– ਵਿਜੈ ਗਰਗ –

ਗਲੋਬਲ ਵਾਰਮਿੰਗ ਸੰਕਟ, ਜਿਸ ਬਾਰੇ ਮੀਡੀਆ ਅਤੇ ਵਾਤਾਵਰਣ ਸੁਰੱਖਿਆ ਸੰਗਠਨ ਲਗਾਤਾਰ ਚੇਤਾਵਨੀ ਦਿੰਦੇ ਆ ਰਹੇ ਹਨ, ਹੁਣ ਹਕੀਕਤ ਬਣ ਰਿਹਾ ਹੈ। ਵਿਡੰਬਨਾ ਇਹ ਹੈ ਕਿ ਇਸ ਸੰਕਟ ਦੀ ਗੰਭੀਰਤਾ ਪ੍ਰਤੀ ਨਾ ਤਾਂ ਨੀਤੀ-ਘਾੜੇ ਗੰਭੀਰ ਹਨ ਅਤੇ ਨਾ ਹੀ ਜਨਤਕ ਪੱਧਰ 'ਤੇ ਕੋਈ ਜਾਗਰੂਕਤਾ ਹੈ। ਇਹ ਸੰਕਟ ਕਿੰਨਾ ਵੱਡਾ ਹੈ, ਇਸ ਦਾ ਖੁਲਾਸਾ ਗਲੋਬਲ ਆਰਗੇਨਾਈਜ਼ੇਸ਼ਨ ਕਰਾਸ ਡਿਪੈਂਡੈਂਸੀ ਇਨੀਸ਼ੀਏਟਿਵ ਯਾਨੀ ਯਧੀ ਦੀ ਰਿਪੋਰਟ ਨੇ ਕੀਤਾ ਹੈ। ਸੰਗਠਨ ਨੇ ਦੁਨੀਆ ਦੇ ਸਾਰੇ ਰਾਜਾਂ, ਪ੍ਰਾਂਤਾਂ ਅਤੇ ਪ੍ਰਦੇਸ਼ਾਂ ਵਿੱਚ ਨਿਰਮਿਤ ਵਾਤਾਵਰਣ 'ਤੇ ਕੇਂਦ੍ਰਤ ਭੌਤਿਕ ਜਲਵਾਯੂ ਦੇ ਜੋਖਮਾਂ ਦਾ ਮੁਲਾਂਕਣ ਕੀਤਾ।ਤਰਕ ਨਾਲ ਵਿਸ਼ਲੇਸ਼ਣ ਕੀਤਾ। ਦਰਅਸਲ, ਸਾਡੀਆਂ ਫਸਲਾਂ, ਜਲਵਾਯੂ ਅਤੇ ਪਾਣੀ ਦੇ ਸਰੋਤਾਂ 'ਤੇ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਦਾ ਮੁਲਾਂਕਣ ਕਰਨ ਤੋਂ ਬਾਅਦ ਪੰਜਾਹ ਸੰਵੇਦਨਸ਼ੀਲ ਖੇਤਰਾਂ ਦੀ ਚੋਣ ਕੀਤੀ ਗਈ ਹੈ। ਚਿੰਤਾ ਦੀ ਗੱਲ ਹੈ ਕਿ ਅਮਰੀਕਾ ਅਤੇ ਚੀਨ ਤੋਂ ਬਾਅਦ ਭਾਰਤ ਦੇ ਸਾਰੇ ਰਾਜ ਇਸ ਸੰਕਟ ਸੂਚੀ ਵਿੱਚ ਸ਼ਾਮਲ ਹਨ। ਇਸ ਵਿੱਚ ਪੰਜਾਬ ਵੀ ਸ਼ਾਮਲ ਹੈ। ਭਾਵੇਂ ਬਿਹਾਰ, ਉੱਤਰ ਪ੍ਰਦੇਸ਼, ਅਸਾਮ, ਰਾਜਸਥਾਨ, ਤਾਮਿਲਨਾਡੂ, ਮਹਾਰਾਸ਼ਟਰ, ਗੁਜਰਾਤ ਅਤੇ ਕੇਰਲਾ ਵੀ ਇਸ ਸੂਚੀ ਵਿੱਚ ਸ਼ਾਮਲ ਹਨ, ਪਰ ਸਾਡੀ ਚਿੰਤਾ ਪੰਜਾਬ ਬਾਰੇ ਵੱਡੀ ਹੋਣੀ ਚਾਹੀਦੀ ਹੈ। ਇਸ ਦਾ ਇੱਕ ਕਾਰਨ ਕੌਮੀ ਅਨਾਜ ਭੰਡਾਰ ਵਿੱਚ ਪੰਜਾਬ ਦਾ ਯੋਗਦਾਨ ਹੈ।ਬਹੁਤ ਵੱਡਾ ਯੋਗਦਾਨ ਪਾਉਣਾ ਪਵੇਗਾ। ਜੇਕਰ ਗਲੋਬਲ ਵਾਰਮਿੰਗ ਸੰਕਟ ਦਾ ਗੰਭੀਰ ਅਸਰ ਸੂਬੇ ਵਿੱਚ ਦੇਖਿਆ ਜਾਵੇ ਤਾਂ ਦੇਸ਼ ਦੀ ਖੁਰਾਕ ਸੁਰੱਖਿਆ ਲਈ ਵੀ ਚੁਣੌਤੀ ਖੜ੍ਹੀ ਹੋ ਸਕਦੀ ਹੈ। ਦੂਜੇ ਪਾਸੇ ਪੰਜਾਬ ਇੱਕ ਸੰਵੇਦਨਸ਼ੀਲ ਸਰਹੱਦੀ ਸੂਬਾ ਹੈ, ਜਿਸ ਦੀ ਕੋਈ ਵੀ ਸਮੱਸਿਆ ਪੇਚੀਦਗੀਆਂ ਪੈਦਾ ਕਰ ਸਕਦੀ ਹੈ। ਉਂਜ, ਦੇਸ਼ ਦੇ ਹੋਰ ਰਾਜਾਂ ਵਿੱਚ ਜਲਵਾਯੂ ਤਬਦੀਲੀ ਦੇ ਖਤਰੇ ਨੂੰ ਹਲਕੇ ਵਿੱਚ ਲੈਣ ਦੀ ਲੋੜ ਨਹੀਂ ਹੈ। ਇਸ ਸਮੱਸਿਆ ਦੀ ਗੰਭੀਰਤਾ ਨੂੰ ਦੇਖਦੇ ਹੋਏ ਰਾਸ਼ਟਰੀ ਪੱਧਰ 'ਤੇ ਇਸ ਚੁਣੌਤੀ ਦਾ ਸਾਹਮਣਾ ਕਰਨ ਲਈ ਰਣਨੀਤੀ ਬਣਾਉਣ ਦੀ ਲੋੜ ਮਹਿਸੂਸ ਕੀਤੀ ਜਾ ਰਹੀ ਹੈ। ਉਹ ਵੀ ਅਜਿਹੇ ਸਮੇਂ ਜਦੋਂ ਦੇਸ਼ਆਰਥਿਕ ਅਸਮਾਨਤਾ ਲਗਾਤਾਰ ਵਧ ਰਹੀ ਹੈ, ਸਾਨੂੰ ਜਲਵਾਯੂ ਤਬਦੀਲੀ ਕਾਰਨ ਪੈਦਾ ਹੋਏ ਸੰਕਟ ਤੋਂ ਸੁਚੇਤ ਰਹਿਣਾ ਹੋਵੇਗਾ। ਦਰਅਸਲ, ਇਸ ਸੰਕਟ ਦੀ ਸਭ ਤੋਂ ਵੱਡੀ ਮਾਰ ਸਮਾਜ ਦੇ ਕਮਜ਼ੋਰ ਤਬਕਿਆਂ ਅਤੇ ਖੇਤੀ ਮਜ਼ਦੂਰਾਂ ਵਰਗੇ ਪੇਸ਼ਿਆਂ 'ਤੇ ਪੈਂਦੀ ਹੈ। ਅਸਲ ਵਿੱਚ ਜਿੱਥੇ ਕੇਂਦਰ ਅਤੇ ਰਾਜਾਂ ਨੂੰ ਇਸ ਗੰਭੀਰ ਸਮੱਸਿਆ ਵਿਰੁੱਧ ਸਾਂਝੀ ਮੁਹਿੰਮ ਚਲਾਉਣ ਦੀ ਲੋੜ ਹੈ, ਉੱਥੇ ਕਿਸਾਨਾਂ ਅਤੇ ਆਮ ਲੋਕਾਂ ਨੂੰ ਜਾਗਰੂਕ ਕਰਨ ਦੀ ਲੋੜ ਹੈ। ਇਹ ਗੱਲ ਕਿਸੇ ਤੋਂ ਛੁਪੀ ਨਹੀਂ ਹੈ ਕਿ ਵਧਦੇ ਤਾਪਮਾਨ ਨਾਲ ਸਾਡੀਆਂ ਫ਼ਸਲਾਂ ਦੀ ਉਤਪਾਦਕਤਾ ਘਟਦੀ ਹੈ। ਪਿਛਲੇ ਸਾਲ ਦੀ ਤਰ੍ਹਾਂ ਖੇਤਾਂ ਵਿੱਚ ਪੱਕੀਆਂ ਫਸਲਾਂ ਨੂੰ ਲੈ ਕੇ ਕਿਸਾਨਾਂ ਨੇ ਜੋ ਉਮੀਦਾਂ ਜ਼ਾਹਰ ਕੀਤੀਆਂ ਸਨ, ਉਨ੍ਹਾਂ ਨੂੰ ਸ।ਵੱਧ ਤਾਪਮਾਨ ਕਾਰਨ ਅਨਾਜ ਦੀ ਪੈਦਾਵਾਰ ਅਤੇ ਗੁਣਵੱਤਾ ਟੁੱਟ ਗਈ। ਘੱਟ ਜਾਂ ਘੱਟ ਇਸ ਵਾਰ ਵੀ ਕੁਝ ਅਜਿਹਾ ਹੀ ਹਾਲ ਦੇਖਣ ਨੂੰ ਮਿਲ ਰਿਹਾ ਹੈ, ਜਿਸ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ। ਅਜਿਹੀ ਸਥਿਤੀ ਵਿੱਚ ਸਾਡੇ ਖੇਤੀ ਵਿਗਿਆਨੀਆਂ ਨੂੰ ਅੱਗੇ ਆਉਣ ਦੀ ਲੋੜ ਹੈ। ਇਸ ਦੇ ਨਾਲ ਹੀ ਹੁਣ ਤੱਕ ਜੋ ਖੋਜ ਪ੍ਰਯੋਗਸ਼ਾਲਾਵਾਂ ਵਿੱਚ ਹੋਈ ਹੈ, ਉਸ ਨੂੰ ਖੇਤਾਂ ਤੱਕ ਪਹੁੰਚਾਉਣ ਦੀ ਲੋੜ ਹੈ। ਇਹ ਗੱਲ ਤੈਅ ਹੈ ਕਿ ਜਿਸ ਤਰ੍ਹਾਂ ਦੁਨੀਆ ਵਿਚ ਗ੍ਰੀਨ ਹਾਊਸ ਗੈਸਾਂ ਦਾ ਨਿਕਾਸ ਕਰਨ ਵਾਲੇ ਵਿਕਸਿਤ ਦੇਸ਼ ਕਈ ਦਹਾਕਿਆਂ ਤੋਂ ਇਸ ਦਿਸ਼ਾ ਵਿਚ ਲਾਪਰਵਾਹ ਬਣੇ ਹੋਏ ਹਨ, ਉਸ ਵਿਚ ਛੇਤੀ ਕੋਈ ਬਦਲਾਅ ਨਜ਼ਰ ਨਹੀਂ ਆਉਂਦਾ। ਇਸ ਮਾਮਲੇ ਵਿੱਚ ਅਸੀਂਹਰੀ ਊਰਜਾ ਨੂੰ ਉਤਸ਼ਾਹਿਤ ਕਰਨ, ਜੈਵਿਕ ਊਰਜਾ ਤੋਂ ਬਚਣ ਅਤੇ ਕੁਦਰਤ ਅਨੁਕੂਲ ਨੀਤੀਆਂ ਨੂੰ ਉਤਸ਼ਾਹਿਤ ਕਰਨਾ ਹੋਵੇਗਾ। ਨਿਸ਼ਚਿਤ ਗੱਲ ਇਹ ਹੈ ਕਿ ਸਾਡੇ ਉਪਭੋਗਤਾਵਾਦੀ ਸੱਭਿਆਚਾਰ ਅਤੇ ਕੁਦਰਤ ਦੇ ਚੱਕਰਾਂ ਵਿੱਚ ਮਨੁੱਖੀ ਦਖਲਅੰਦਾਜ਼ੀ ਨੇ ਸਮੱਸਿਆ ਨੂੰ ਹੋਰ ਵਧਾ ਦਿੱਤਾ ਹੈ। ਅਜਿਹੀ ਸਥਿਤੀ ਵਿੱਚ ਸਾਨੂੰ ਰੁੱਖ ਲਗਾਉਣ ਅਤੇ ਹਰੇ-ਭਰੇ ਖੇਤਰਾਂ ਦੇ ਪਸਾਰ ਨੂੰ ਪਹਿਲ ਦੇਣੀ ਹੋਵੇਗੀ। ਮੌਸਮ ਵਿੱਚ ਅਸਾਧਾਰਨ ਤਬਦੀਲੀ ਸਾਡੇ ਰਵਾਇਤੀ ਜਲ ਸਰੋਤਾਂ ਨੂੰ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਕਰੇਗੀ। ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਨੂੰ ਸੁਰੱਖਿਅਤ ਕਰਨ ਲਈ ਸਾਨੂੰ ਪਾਣੀ ਦੇ ਸੋਮਿਆਂ ਦੀ ਸੰਭਾਲ ਵੱਲ ਵਿਸ਼ੇਸ਼ ਧਿਆਨ ਦੇਣਾ ਪਵੇਗਾ। ਇਹ ਨਿਸ਼ਚਿਤ ਹੈ ਕਿ ਤਾਪਮਾਨ ਦੇ ਤੌਰ ਤੇਪਾਣੀ ਦੇ ਸੋਮੇ ਵਧਦੇ ਨਹੀਂ, ਸੁੰਗੜਨ ਲੱਗਦੇ ਹਨ। ਦੇਸ਼ ਦੇ ਕਈ ਮਹਾਨਗਰਾਂ ਵਿੱਚ ਵੀ ਅਜਿਹਾ ਹੀ ਸੰਕਟ ਪੈਦਾ ਹੋ ਰਿਹਾ ਹੈ। ਦੂਜੇ ਪਾਸੇ ਕਣਕ, ਦਾਲਾਂ ਅਤੇ ਤੇਲ ਬੀਜਾਂ 'ਤੇ ਹਾਲੀਆ ਤਾਪਮਾਨ 'ਚ ਅਚਾਨਕ ਹੋਏ ਵਾਧੇ ਕਾਰਨ ਪ੍ਰਭਾਵਿਤ ਹੋਣ ਦੀ ਸੰਭਾਵਨਾ ਹੈ। ਇੰਨਾ ਹੀ ਨਹੀਂ ਸਾਡੇ ਮੌਸਮੀ ਫਲ ਵੀ ਇਸ ਦੇ ਪ੍ਰਭਾਵ ਹੇਠ ਆ ਸਕਦੇ ਹਨ। ਗੁਣਵੱਤਾ ਦੇ ਨਾਲ, ਉਤਪਾਦਕਤਾ 'ਤੇ ਜਲਵਾਯੂ ਤਬਦੀਲੀ ਦਾ ਪ੍ਰਭਾਵ ਦਿਖਾਈ ਦੇ ਰਿਹਾ ਹੈ। ਅੱਜਕੱਲ੍ਹ, ਅਪ੍ਰੈਲ ਦੇ ਮੌਸਮ ਜਿਸ ਦਾ ਅਸੀਂ ਫਰਵਰੀ ਵਿੱਚ ਅਨੁਭਵ ਕਰ ਰਹੇ ਹਾਂ, ਉਸ ਨੂੰ ਜਲਵਾਯੂ ਖਤਰਿਆਂ ਦੀ ਆਵਾਜ਼ ਮੰਨਿਆ ਜਾਣਾ ਚਾਹੀਦਾ ਹੈ।

**ਜਲਵਾਯੂ ਖਤਰਿਆਂ ਦੀ ਆਵਾਜ਼**

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| Founder Editor | Jagdish Singh Grewal |
| Managing Director | Parminder Kaur Grewal |
| Contributing Editor | Gyan Singh, |
| Office Admin | Sajandeep Singh |
| Graphic Designer | Angrez Singh<br>Komal Matharu |
| Photographer | Kanwaljit Singh Kanwal |
| Distributer<br>Marketing: | Bhupinder Dhillon<br>Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਪੰਜਾਬੀ ਵਿਰਸੇ ਦਾ ਕੋਸ਼: ਗਿਆਨੀ ਗੁਰਦਿੱਤ ਸਿੰਘ



-ਪ੍ਰੋ. ਨਵ ਸੰਗੀਤ ਸਿੰਘ-

ਆਧੁਨਿਕ ਪੰਜਾਬੀ ਵਾਰਤਕ ਦਾ ਮੂੰਹ-ਮੱਥਾ ਸ਼ਿੰਗਾਰਨ, ਸੰਵਾਰਨ ਤੇ ਨਿਖਾਰਨ ਵਿੱਚ 'ਮੇਰਾ ਪਿੰਡ' ਵਾਲੇ ਗਿਆਨੀ ਗੁਰਦਿੱਤ ਸਿੰਘ ਦੀ ਬੜੀ ਸਰਗਰਮ ਭੂਮਿਕਾ ਰਹੀ ਹੈ। ਉਨ੍ਹਾਂ ਨੂੰ ਇੱਕ ਸਫ਼ਲ ਵਾਰਤਕਕਾਰ ਦੇ ਨਾਲ-ਨਾਲ ਜੀਵਨੀਕਾਰ, ਸਿੱਖ-ਇਤਿਹਾਸ ਦੇ ਸਕਾਲਰ, ਗੁਰਬਾਣੀ ਦੇ ਵਿਆਖਿਆਕਾਰ ਅਤੇ ਸਫ਼ਲ ਸੰਪਾਦਕ ਹੋਣ ਦਾ ਵੀ ਮਾਣ ਪ੍ਰਾਪਤ ਹੈ। ਉਨ੍ਹਾਂ ਦਾ ਜਨਮ 24 ਫਰਵਰੀ 1923 ਈ. ਨੂੰ ਸ. ਹੀਰਾ ਸਿੰਘ ਦੇ ਘਰ ਮਾਤਾ ਨਿਹਾਲ ਕੌਰ ਦੀ ਕੁੱਖੋਂ ਪਿੰਡ ਮਿੱਠੇਵਾਲ, ਰਿਆਸਤ ਮਲੇਰਕੋਟਲਾ ਵਿਖੇ ਹੋਇਆ।

ਗਿਆਨੀ ਗੁਰਦਿੱਤ ਸਿੰਘ ਨੇ ਮੁੱਢਲੀ ਵਿੱਦਿਆ ਪਿੰਡ ਦੇ ਗੁਰਦੁਆਰੇ ਤੋਂ ਪ੍ਰਾਪਤ ਕੀਤੀ ਅਤੇ ਪੇਂਡੂ ਘਰੋਗੀ ਕੰਮ-ਧੰਦਿਆਂ ਦੇ ਨਾਲ-ਨਾਲ ਸਾਧੂਆਂ, ਸੰਤਾਂ, ਵਿਦਵਾਨਾਂ ਤੋਂ ਨੀਤੀ-ਸ਼ਾਸਤਰ, ਪਿੰਗਲ, ਕਾਵਿ ਨਾਲ ਸਬੰਧਤ ਗ੍ਰੰਥਾਂ ਦਾ ਅਧਿਐਨ ਕੀਤਾ; ਗੁਰੂ ਗ੍ਰੰਥ ਸਾਹਿਬ, ਦਸਮ ਗ੍ਰੰਥ ਅਤੇ ਗੁਰਪ੍ਰਤਾਪ ਸੂਰਜ ਗ੍ਰੰਥ ਦੇ ਅਰਥਾਂ ਅਤੇ ਵਿਆਖਿਆ ਨੂੰ ਸਮਝਿਆ। ਲਾਹੌਰ ਤੋਂ 1944-45 ਵਿੱਚ ਗਿਆਨੀ ਪਾਸ ਕਰਨ ਪਿੱਛੋਂ ਹੋਰ ਜਾਣਨ ਦੀ ਜਗਿਆਸਾ ਹਿੱਤ 1943 ਤੋਂ 1947 ਤੱਕ ਪੰਜਾ ਸਾਹਿਬ ਤੋਂ ਪਟਨਾ ਅਤੇ ਬਨਾਰਸ ਤੱਕ ਦੀ ਯਾਤਰਾ ਕੀਤੀ। ਇਸ ਦੌਰਾਨ ਧਾਰਮਕ ਅਸਥਾਨਾਂ- ਲਾਹੌਰ, ਅੰਮ੍ਰਿਤਸਰ, ਪਟਿਆਲਾ ਦੀਆਂ ਲਾਇਬਰੇਰੀਆਂ ਅਤੇ ਕਾਸ਼ੀ ਦੀ ਨਾਗਰੀ ਪ੍ਰਚਾਰਿਣੀ ਸਭਾ ਲਾਇਬਰੇਰੀ ਵਿੱਚੋਂ ਪੁਰਾਤਨ ਹੱਥ ਲਿਖਤਾਂ, ਬੀੜਾਂ ਅਤੇ ਦੁਰਲੱਭ ਗ੍ਰੰਥਾਂ ਦੀ ਖੋਜ ਕੀਤੀ।

ਬੀਬੀ ਇੰਦਰਜੀਤ ਕੌਰ ਸੰਧੂ ਨਾਲ ਸ਼ਾਦੀ ਹੋਣ ਪਿੱਛੋਂ ਉਨ੍ਹਾਂ ਦੇ ਘਰ ਦੋ ਲੜਕੇ ਰੂਪਇੰਦਰ ਸਿੰਘ (1960) ਅਤੇ ਰਵੀ ਇੰਦਰ ਸਿੰਘ (1961) ਪੈਦਾ ਹੋਏ। ਸ਼ਾਇਦ ਬਹੁਤੇ ਪਾਠਕਾਂ ਨੂੰ ਪਤਾ ਨਾ ਹੋਵੇ ਕਿ ਸ੍ਰੀਮਤੀ ਸੰਧੂ 1975 ਤੋਂ 1977 ਦੌਰਾਨ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਵਾਈਸ-ਚਾਂਸਲਰ ਰਹਿ ਚੁੱਕੇ ਹਨ ਅਤੇ ਉਹ ਪੰਜਾਬੀ ਯੂਨੀਵਰਸਿਟੀ ਦੇ ਇਤਿਹਾਸ ਸਮੇਤ ਪੰਜਾਬ ਦੀਆਂ ਹੋਰਨਾਂ ਯੂਨੀਵਰਸਿਟੀਆਂ ਵਿਚ ਹੁਣ ਤੱਕ ਦੇ ਪਹਿਲੇ ਇਸਤ੍ਰੀ ਵੀਸੀ ਹੋ ਗੁਜ਼ਰੇ ਹਨ। ਸ੍ਰੀਮਤੀ ਸੰਧੂ ਭਾਰਤ ਸਰਕਾਰ ਦੇ ਸਿਲੈਕਸ਼ਨ ਕਮਿਸ਼ਨ ਦੇ ਸਾਬਕਾ ਚੇਅਰਮੈਨ ਵੀ ਰਹਿ ਚੁੱਕੇ ਹਨ।

ਉਚੇਰੀ ਸਿੱਖਿਆ ਹਾਸਲ ਨਾ ਕਰਨ ਦੇ ਬਾਵਜੂਦ ਗਿਆਨੀ ਜੀ ਨੇ ਪੰਜਾਬੀ ਸਾਹਿਤ ਅਤੇ ਗੁਰਬਾਣੀ/ਸਿੱਖ ਸਾਹਿਤ ਨਾਲ ਸਬੰਧਤ ਨਿੱਗਰ ਅਤੇ ਉੱਚਪੱਧਰੀ ਪੁਸਤਕਾਂ ਦੀ ਰਚਨਾ ਕੀਤੀ। ਜਿਨ੍ਹਾਂ ਦਾ ਮੁਕੰਮਲ ਵੇਰਵਾ ਇਸ ਪ੍ਰਕਾਰ ਹੈ:

* ਕਵਿਤਾ: ਅਛੋਹ ਸਿਖਰਾਂ, ਭਾਵਾਂ ਦੇ ਦੇਸ਼।
* ਖੋਜ ਅਤੇ ਆਲੋਚਨਾ: ਰਾਗ ਮਾਲਾ ਦੀ ਅਸਲੀਅਤ, ਪੰਜਾਬੀ ਤੇ ਗੁਰਮੁਖੀ ਲਿਪੀ ਦਾ ਸੰਖੇਪ ਇਤਿਹਾਸ, ਭੱਟ ਤੇ ਉਨ੍ਹਾਂ ਦੀ ਰਚਨਾ, ਮੁੰਦਾਵਣੀ।
* ਵਾਰਤਕ: ਮੇਰਾ ਪਿੰਡ (ਇਸ ਪੁਸਤਕ ਦਾ ਹਿੰਦੀ ਅਨੁਵਾਦ ਵੀ ਛਪ ਚੁੱਕਾ ਹੈ।) ਤਿੱਥ ਤਿਉਹਾਰ, ਮੇਰੇ ਪਿੰਡ ਦਾ ਜੀਵਨ।
* ਜੀਵਨੀ: ਭਾਈ ਲਾਲੋ ਦਰਸ਼ਨ, ਸਿੱਖ ਮਹਾਂਪੁਰਸ਼, ਸੰਖੇਪ ਜੀਵਨੀਆਂ (ਭਾਈ ਦਿੱਤ ਸਿੰਘ, ਰਾਗੀ ਹੀਰਾ ਸਿੰਘ, ਭਾਈ ਰਣਧੀਰ ਸਿੰਘ, ਗਿਆਨੀ ਗੁਰਬਚਨ ਸਿੰਘ ਭਿੰਡਰਾਂਵਾਲੇ, ਅਕਾਲੀ ਕੌਰ ਸਿੰਘ, ਬਾਵਾ ਹਰਕ੍ਰਿਸ਼ਨ ਸਿੰਘ, ਪ੍ਰਿੰ. ਤੇਜਾ ਸਿੰਘ, ਭਾਈ ਜਵਾਹਰ ਸਿੰਘ ਕਪੂਰ, ਸੰਤ ਹਰਚੰਦ ਸਿੰਘ ਲੌਂਗੋਵਾਲ, ਗਿਆਨ ਸਿੰਘ ਰਾੜੇਵਾਲਾ, ਸ. ਹੁਕਮ ਸਿੰਘ, ਮਹਾਰਾਜਾ ਅਸ਼ੋਕ, ਮਹਾਤਮਾ ਬੁੱਧ, ਕਿੱਕਰ ਸਿੰਘ ਪਹਿਲਵਾਨ)।
* ਸੱਭਿਆਚਾਰ ਤੇ ਇਤਿਹਾਸ: ਸਿੰਘ ਸਭਾ ਲਹਿਰ ਦੀ ਦੇਣ, ਪੰਜਾਬ ਦੇ ਤਖ਼ਤਾਂ ਦਾ ਇਤਿਹਾਸ, ਪੰਜਾਬੀ ਸੱਭਿਆਚਾਰ।
* ਧਰਮ ਤੇ ਫ਼ਲਸਫਾ: ਜੀਵਨ ਦਾ ਉਸਰੱਈਆ- ਸ੍ਰੀ ਗੁਰੂ ਨਾਨਕ ਦੇਵ ਜੀ, ਸਿੱਖ ਧਾਮ ਤੇ ਸਿੱਖ ਗੁਰਦੁਆਰੇ, ਇਤਿਹਾਸ ਸ੍ਰੀ ਗੁਰੂ ਗ੍ਰੰਥ ਸਾਹਿਬ: ਭਗਤ ਬਾਣੀ ਭਾਗ।
* ਸੰਪਾਦਨ: ਅਮਰਨਾਮਾ, ਲੋਕ ਕਹਾਣੀਆਂ (ਤਿੰਨ ਜਿਲਦਾਂ)।

'ਮੇਰਾ ਪਿੰਡ' ਪੁਸਤਕ ਨੂੰ ਪੰਜਾਬ ਦੀ ਸੱਭਿਆਚਾਰਕ ਵਿਰਾਸਤ ਦਾ ਕੋਸ਼ ਕਿਹਾ ਜਾ ਸਕਦਾ ਹੈ। ਪੰਜਾਬੀ ਸਾਹਿਤ ਵਿੱਚ ਇਹ ਪੁਸਤਕ 'ਕਲਾਸਿਕ' ਹੋਣ ਦਾ ਦਰਜਾ ਰੱਖਦੀ ਹੈ। ਪੰਜਾਬੀ ਸੱਭਿਅਤਾ, ਸੰਸਕ੍ਰਿਤੀ ਅਤੇ ਵਿਰਸੇ ਦਾ ਜੋ ਭਰਪੂਰ ਚਿੱਤਰਣ ਇਸ ਵਿੱਚ ਮਿਲਦਾ ਹੈ, ਉਹ ਆਪਣੀ ਮਿਸਾਲ ਆਪ ਹੈ। ਇਹ ਕਿਤਾਬ ਮੁਹਾਵਰਿਆਂ ਤੇ ਅਖੌਤਾਂ ਦਾ ਵਿਸ਼ਾਲ ਖ਼ਜ਼ਾਨਾ ਹੈ। ਲੇਖਕ ਨੇ ਆਪਣੀ ਵਿਲੱਖਣ ਸ਼ੈਲੀ ਰਾਹੀਂ ਪੇਂਡੂ ਲੋਕਾਂ ਦੀਆਂ ਮਨੌਤਾਂ, ਆਰਥਿਕ ਮੁਸ਼ਕਿਲਾਂ, ਵਹਿਮਾਂ-ਭਰਮਾਂ ਤੇ ਅਲੋਪ ਹੋ ਰਹੇ ਪੱਖਾਂ ਨੂੰ ਬੜੇ ਹੀ ਖ਼ੂਬਸੂਰਤ ਢੰਗ ਨਾਲ ਚਿਤਰਿਆ ਹੈ।

2003 ਵਿਚ 'ਮੇਰਾ ਪਿੰਡ' ਦੀ ਐਡੀਸ਼ਨ ਵਿੱਚ ਲੇਖਕ ਨੇ ਪੁਸਤਕ ਦਾ ਆਕਾਰ ਵੱਡਾ (24*15ਸੈਂ.ਮੀ.) ਕਰ ਦਿੱਤਾ ਅਤੇ ਇਸ ਨੂੰ ਆਪਣੀ ਪਤਨੀ ਨੂੰ ਸਮਰਪਿਤ ਕਰ ਦਿੱਤਾ। ਇਹ ਪੁਸਤਕ ਲੇਖਕ ਦੇ ਆਪਣੇ ਸਾਹਿਤ ਪ੍ਰਕਾਸ਼ਨ ਚੰਡੀਗੜ੍ਹ ਤੋਂ ਹੀ ਛਪਦੀ ਰਹੀ ਹੈ ਅਤੇ 2014 ਵਿੱਚ ਇਸ ਦਾ ਬਾਰ੍ਹਵਾਂ ਐਡੀਸ਼ਨ ਪ੍ਰਕਾਸ਼ਿਤ ਹੋਇਆ ਸੀ। ਵੱਡੇ ਆਕਾਰ ਵਿੱਚ ਪ੍ਰਕਾਸ਼ਿਤ ਇਸ ਪੁਸਤਕ ਦੇ ਕੁੱਲ 480 ਪੰਨੇ ਹਨ,ਜਿਸ ਵਿੱਚ ਪਰਵੇਸ਼, ਭੂਮਿਕਾ, ਪ੍ਰਸੰਸਾ, ਸੁਆਗਤ ਆਦਿ ਦੇ 18 ਪੰਨੇ ਵੱਖਰੇ ਹਨ।


ਪੁਸਤਕ ਵਿੱਚ ਪ੍ਰਕਾਸ਼ਿਤ ਲੇਖਾਂ ਨੂੰ ਦੋ ਭਾਗਾਂ ਵਿੱਚ ਵੰਡਿਆ ਗਿਆ ਹੈ- ਪਹਿਲੇ ਵਿੱਚ ਮੇਰੇ ਪਿੰਡ ਦਾ ਮੂੰਹ ਮੱਥਾ, ਮੇਰੇ ਵੱਡੇ ਵਡੇਰੇ, ਮੇਰਾ ਬਚਪਨ, ਮੇਰੇ ਪਿੰਡ ਦਾ ਆਂਢ ਗੁਆਂਢ, ਕੰਮ ਧੰਦੇ ਤੇ ਆਹਰ ਪਾਹਰ, ਮੇਰੇ ਪਿੰਡ ਦੇ ਇਸ਼ਟ, ਸੰਤਾਂ ਸਾਧਾਂ ਲਈ ਸ਼ਰਧਾ, ਹਾੜ੍ਹਾਂ ਦੇ ਦੁਪਹਿਰੇ, ਸਿਆਲਾਂ ਦੀਆਂ ਧੂਣੀਆਂ, ਮੇਰੇ ਪਿੰਡ ਦੇ ਗਾਲ੍ਹੜੀ, ਭਾਂਤ ਸੁਭਾਂਤੀ ਦੁਨੀਆਂ, ਵਹਿਮ ਭਰਮ, ਤਿੱਥ ਤਿਉਹਾਰ, ਤੀਆਂ, ਵੰਗਾਂ ਤੇ ਮਹਿੰਦੀ, ਤੀਆਂ ਦਾ ਗਿੱਧਾ ਤੇ ਤ੍ਰਿੰਞਣ ਸਿਰਲੇਖ ਹੇਠ ਕੁੱਲ 17 ਲੇਖ ਹਨ; ਜਦ ਕਿ ਦੂਜੇ ਭਾਗ ਵਿੱਚ ਜਨਮ ਤੋਂ ਲੈ ਕੇ ਮੌਤ ਤਕ ਦੀਆਂ ਰੀਤਾਂ ਨਾਲ ਸਬੰਧਤ ਕੁੱਲ 12 ਲੇਖ ਸੰਕਲਿਤ ਹਨ। ਅੰਤਿਕਾ ਵਿੱਚ (ਪੰਨੇ 463 ਤੋਂ 479 ਤੱਕ) ਗਿਆਰਾਂ ਪ੍ਰਸਿੱਧ ਲੇਖਕਾਂ (ਈਸ਼ਵਰ ਚਿੱਤਰਕਾਰ, ਦੇਵਿੰਦਰ ਸਤਿਆਰਥੀ,ਖੁਸ਼ਵੰਤ ਸਿੰਘ, ਐਨਸਾਈਕਲੋਪੀਡੀਆ ਬ੍ਰਿਟੈਨਿਕਾ, ਜੈਚੰਦਰ ਵਿੱਦਿਆਲੰਕਾਰ, ਡਾ ਹਰਿਭਜਨ ਸਿੰਘ, ਸੰਤ ਸਿੰਘ ਸੇਖੋਂ, ਨਾਨਕ ਸਿੰਘ, ਬਲਰਾਜ ਸਾਹਨੀ, ਗੁਰਬਚਨ ਸਿੰਘ ਤਾਲਿਬ ਅਤੇ ਡਾ ਜਸਪਾਲ ਸਿੰਘ) ਵੱਲੋਂ ਪੁਸਤਕ ਬਾਰੇ (ਕ੍ਰਮਵਾਰ ਵਾਰਤਕ ਦੇ ਮੈਦਾਨ ਵਿੱਚ ਝੰਡਾ, ਲੋਕ ਪਰੰਪਰਾ ਦਾ ਨਵਾਂ ਜਨਮ, ਡਿਲਾਇਟਫੁੱਲ ਐੱਸੇ, ਆਊਟਸਟੈਂਡਿੰਗ ਨਾਵਲ, ਇਤਿਹਾਸਕ ਮਹੱਤਵ, ਧੜਕਦਾ ਸੋਹਜ ਮਲੂਕ ਕਲਾ ਦ੍ਰਿਸ਼, ਇਕ ਵਿਅੰਗਭਰੀ ਵੰਗਾਰ, ਸੰਦਲੀ ਸ਼ਰਬਤ ਦਾ ਗਲਾਸ, ਅਜੋਕੇ ਭਾਰਤੀ ਸਾਹਿਤ ਭੰਡਾਰ ਦਾ ਅਦੁੱਤੀ ਸ਼ਾਹਕਾਰ, ਪੰਜਾਬੀ ਬੈਲੇ ਲੈਟਰ, ਲਾਈਫ ਐਜ਼ ਕਲਚਰਲ ਹਿਸਟਰੀ ਆਫ ਪੰਜਾਬ) ਵਿਚਾਰ ਪ੍ਰਗਟ ਕੀਤੇ ਗਏ ਹਨ।

1958-59 ਵਿੱਚ ਗਿਆਨੀ ਜੀ ਨੇ 'ਮੇਰਾ ਪਿੰਡ' ਦਾ ਪਹਿਲਾ ਭਾਗ ਲਿਖਿਆ ਅਤੇ ਪੁਸਤਕ ਛਪਦੇ-ਛਪਦੇ 1961 ਵਿਚ 'ਤਿੱਥ ਤਿਉਹਾਰ' ਤੇ 'ਮੇਰੇ ਪਿੰਡ ਦਾ ਜੀਵਨ' ਨੂੰ ਯੂਨੈਸਕੋ ਅਵਾਰਡ ਪ੍ਰਾਪਤ ਹੋਏ। ਉਨ੍ਹਾਂ ਨੂੰ ਮਿਲੇ ਹੋਰ ਸਨਮਾਨਾਂ ਵਿੱਚ ਭਾਸ਼ਾ ਵਿਭਾਗ ਪੰਜਾਬ ਵੱਲੋਂ 'ਮੇਰਾ ਪਿੰਡ' ਨੂੰ ਪੁਰਸਕਾਰ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 'ਇਤਿਹਾਸ ਸ੍ਰੀ ਗੁਰੂ ਗ੍ਰੰਥ ਸਾਹਿਬ: ਭਗਤ ਬਾਣੀ ਭਾਗ' ਤੇ ਪੰਦਰਾਂ ਹਜ਼ਾਰ ਰੁਪਏ ਦਾ ਪੁਰਸਕਾਰ ਅਤੇ 'ਗੁਰਮਤਿ ਅਚਾਰੀਆ' ਦੀ ਉਪਾਧੀ, ਗੁਰਦੁਆਰਾ ਐਸੋਸੀਏਸ਼ਨ ਵੂਲਰ, ਲੰਡਨ; ਸਿੱਖ ਕਲਚਰਲ ਸੁਸਾਇਟੀ ਵੈਨਕੂਵਰ ਕੈਨੇਡਾ ਸਿੱਖ ਕਲਚਰਲ ਸੁਸਾਇਟੀ ਰਿਚਮੰਡ ਹਿੱਲ, ਅਮਰੀਕਾ ਵੱਲੋਂ ਸਨਮਾਨ, ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਆਨਰੇਰੀ ਫੈਲੋਸ਼ਿਪ, ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਵੱਲੋਂ 1998 ਲਈ 'ਕਰਤਾਰ ਸਿੰਘ ਧਾਲੀਵਾਲ ਅਵਾਰਡ', ਭਾਸ਼ਾ ਵਿਭਾਗ ਪੰਜਾਬ ਵੱਲੋਂ ਪੰਜਾਬੀ ਸਾਹਿਤ ਸ਼੍ਰੋਮਣੀ ਪੁਰਸਕਾਰ ਆਦਿ ਉਲੇਖਯੋਗ ਹਨ।

ਗਿਆਨੀ ਗੁਰਦਿੱਤ ਸਿੰਘ ਵੱਲੋਂ ਕੀਤੇ ਹੋਰ ਜ਼ਿਕਰਯੋਗ ਕਾਰਜਾਂ ਵਿੱਚ ਪੱਤਰ-ਪੱਤ੍ਰਿਕਾਵਾਂ ਦਾ ਸੰਪਾਦਨ ਵੀ ਸ਼ਾਮਲ ਹੈ। 1948 ਵਿੱਚ ਉਨ੍ਹਾਂ ਨੇ ਸਪਤਾਹਿਕ ਅਖ਼ਬਾਰ 'ਪ੍ਰਕਾਸ਼' ਪਟਿਆਲੇ ਤੋਂ ਸ਼ੁਰੂ ਕੀਤਾ, ਜੋ ਪਿੱਛੋਂ ਰੋਜ਼ਾਨਾ ਕਰ ਦਿੱਤਾ ਗਿਆ ਅਤੇ ਇਹ 1956 ਤੱਕ ਪਟਿਆਲੇ ਤੋਂ ਛਪਦਾ ਰਿਹਾ; 1956 ਤੋਂ 1964 ਤਕ ਇਹ ਚੰਡੀਗੜ੍ਹ ਤੋਂ ਛਪਣ ਲੱਗਾ; 1970 ਤੋਂ 1987 ਤਕ ਫਿਰ ਪਟਿਆਲੇ ਤੋਂ ਸਪਤਾਹਿਕ ਵਜੋਂ ਛਪਣ ਲੱਗਿਆ। ਪਟਿਆਲੇ ਤੋਂ ਹੀ ਉਨ੍ਹਾਂ ਨੇ ਇਕ ਮਾਸਿਕ ਪੱਤ੍ਰਿਕਾ 'ਜੀਵਨ ਸੰਦੇਸ਼' ਸ਼ੁਰੂ ਕੀਤੀ, ਜੋ 1950 ਤੋਂ 1953 ਤਕ ਜਾਰੀ ਰਹੀ। ਚੰਡੀਗੜ੍ਹ ਤੋਂ ਉਨ੍ਹਾਂ ਨੇ ਮਾਸਿਕ ਪੱਤ੍ਰਿਕਾ 'ਸਿੰਘ ਸਭਾ ਪੱਤ੍ਰਿਕਾ' ਸ਼ੁਰੂ ਕੀਤੀ, ਜਿਸ ਦੇ ਕਈ ਵਿਸ਼ੇਸ਼ ਅੰਕਾਂ ਨੂੰ ਪਾਠਕਾਂ ਵੱਲੋਂ ਭਰਪੂਰ ਹੁੰਗਾਰਾ ਮਿਲਿਆ।

1973 ਵਿੱਚ ਗਿਆਨੀ ਜੀ ਨੇ ਸਿੰਘ ਸਭਾ ਲਹਿਰ ਦੀ ਯਾਦ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿੰਘ ਸਭਾ ਸ਼ਤਾਬਦੀ ਕਮੇਟੀ ਦਾ ਕੰਮ ਆਪਣੇ ਜ਼ਿੰਮੇ ਲੈ ਕੇ ਅੰਮ੍ਰਿਤਸਰ ਰਹਿਣਾ ਸ਼ੁਰੂ ਕਰ ਦਿੱਤਾ। ਪਹਿਲਾਂ ਉਹ ਇਸ ਦੇ ਜਨਰਲ ਸਕੱਤਰ ਰਹੇ, ਫਿਰ 1983 ਤੋਂ 1992 ਤਕ ਕੇਂਦਰੀ ਸਿੰਘ ਸਭਾ ਦੀ ਪ੍ਰਧਾਨਗੀ ਦੇ ਰੂਪ ਵਿੱਚ ਕਾਰਜ ਕੀਤਾ। ਉਨ੍ਹਾਂ ਨੇ ਦਰਜਨਾਂ ਸਮਾਗਮ, ਵਿਚਾਰ ਸੰਮੇਲਨ, ਪਾਠਬੋਧ ਸਮਾਗਮ ਭਾਰਤ-ਭਰ ਦੇ ਵੱਡੇ ਸ਼ਹਿਰਾਂ ਅਤੇ ਸਿੱਖਾਂ ਦੇ ਮੁੱਖ ਕੇਂਦਰਾਂ ਤੇ ਆਯੋਜਿਤ ਕਰਵਾਏ। ਅਜਿਹੇ ਕਾਰਜਾਂ ਲਈ ਉਨ੍ਹਾਂ ਨੇ ਦਿੱਲੀ ਅਤੇ ਚੰਡੀਗੜ੍ਹ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਦਿਆ-ਕੇਂਦਰਾਂ ਦੀ ਸਥਾਪਨਾ ਕੀਤੀ, ਜੋ ਅੱਜ ਤੱਕ ਵੀ ਨਿਰੰਤਰ ਕਾਰਜਸ਼ੀਲ ਹਨ।

ਗਿਆਨੀ ਜੀ ਪੰਜਾਬ ਵਿਧਾਨ ਪ੍ਰੀਸ਼ਦ ਦੇ 1958 ਤੋਂ 1961 ਤੱਕ ਮੈਂਬਰ ਰਹੇ। ਇੱਥੇ ਰਹਿੰਦਿਆਂ ਉਨ੍ਹਾਂ ਨੇ ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਅਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੀ ਸਥਾਪਨਾ ਲਈ ਦੋ ਪ੍ਰਸਤਾਵ ਕੀਤੇ ਪੇਸ਼ ਕੀਤੇ ਅਤੇ ਇਨ੍ਹਾਂ ਦੀ ਕਾਇਮੀ ਲਈ ਸਾਰਥਕ ਉਪਰਾਲੇ ਕੀਤੇ।



ਗਿਆਨੀ ਜੀ ਵੱਲੋਂ ਲਿਖੀ ਕਲਾਸਿਕ ਪੁਸਤਕ 'ਮੇਰਾ ਪਿੰਡ' ਪੰਜਾਬ ਦੇ ਸਕੂਲਾਂ ਲਈ ਸਪਲੀਮੈਂਟਰੀ ਰੀਡਰ (ਪੰਜਵੀਂ ਤੋਂ ਅੱਠਵੀਂ ਤਕ) ਪੁਸਤਕਾਂ ਦੇ ਰੂਪ ਵਿੱਚ ਨਿਸ਼ਚਿਤ ਕੀਤੀ ਗਈ; ਯੂਨੀਵਰਸਿਟੀਆਂ ਵਿੱਚ ਗਿਆਨੀ ਦੇ ਕੋਰਸ ਲਈ ਅਤੇ ਪੰਜਾਬ ਤੇ ਦਿੱਲੀ ਵਿੱਚ ਐਮ ਏ ਦੀਆਂ ਜਮਾਤਾਂ ਵਿੱਚ ਪੜ੍ਹੀ ਤੇ ਪੜ੍ਹਾਈ ਜਾ ਰਹੀ ਹੈ। ਐਮ ਫਿਲ ਅਤੇ ਪੀਐਚਡੀ ਪੱਧਰ ਦਾ ਖੋਜ- ਕਾਰਜ ਵੀ ਇਸ ਸੰਬੰਧੀ ਹੋ ਚੁੱਕਾ ਹੈ। ਸੋਸ਼ਿਆਲੋਜੀ ਤੇ ਖੋਜ ਕਰਨ ਵਾਲੇ ਵਿਦੇਸ਼ੀ ਵਿਦਵਾਨਾਂ ਨੇ ਵੀ ਇਸ ਕਿਤਾਬ ਨੂੰ ਆਪਣੇ ਪੱਖਾਂ ਤੋਂ ਪੜ੍ਹਿਆ ਅਤੇ ਵਿਚਾਰਿਆ ਹੈ।

ਗਿਆਨੀ ਜੀ ਜੀਵਨ-ਭਰ ਖੋਜ-ਕਾਰਜਾਂ ਵਿੱਚ ਰੁੱਝੇ ਰਹੇ ਅਤੇ ਅੰਤ 17 ਜਨਵਰੀ 2007 ਨੂੰ ਸਦੀਵੀ ਅਲਵਿਦਾ ਕਹਿ ਗਏ। ਉਨ੍ਹਾਂ ਦੀ ਸ਼ਖ਼ਸੀਅਤ, ਧਰਮ, ਸਾਹਿਤ, ਸਿਆਸਤ ਅਤੇ ਪੱਤਰਕਾਰੀ ਦੇ ਖੇਤਰ ਵਿੱਚ ਪਾਏ ਯੋਗਦਾਨ ਬਾਰੇ ਉਨ੍ਹਾਂ ਦੀ ਬਰਸੀ ਉੱਤੇ ਵਿਦਵਾਨਾਂ, ਪੱਤਰਕਾਰਾਂ ਤੇ ਉੱਘੀਆਂ ਸ਼ਖ਼ਸੀਅਤਾਂ ਦੇ ਪੰਜਾਬੀ ਅਤੇ ਅੰਗਰੇਜ਼ੀ ਵਿੱਚ ਲਿਖੇ ਲੇਖਾਂ ਅਤੇ ਤਸਵੀਰਾਂ ਨਾਲ ਸੁਸੱਜਿਤ 230 ਪੰਨਿਆਂ ਦੀ ਯਾਦਗਾਰੀ ਪੁਸਤਕ "ਗਿਆਨੀ ਗੁਰਦਿੱਤ ਸਿੰਘ 1923-2007" ਰਾਹੀਂ ਗਿਆਨੀ ਜੀ ਦੀ ਸ਼ਖ਼ਸੀਅਤ ਅਤੇ ਰਚਨਾਵਾਂ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।

# ਕਿਸੇ ਦਿਨ ਤੁਹਾਨੂੰ ਫੁੱਲਾਂ ਦਾ ਤੋਹਫ਼ਾ ਵੀ ਮਿਲੇਗਾ, ਆਪਣੀ ਧੁਨ ਨਾ ਛੱਡੋ, ਚੀਜ਼ਾਂ ਸੁਧਰ ਜਾਣਗੀਆਂ



ਇਸ ਵਿਸ਼ਵਾਸ ਨੂੰ ਚੁਣੌਤੀ ਦਿੱਤੀ ਜਾ ਸਕਦੀ ਹੈ ਜੇਕਰ ਸਫਲਤਾ ਉਮੀਦ ਤੋਂ ਵੱਧ ਸਮਾਂ ਲੈਂਦੀ ਹੈ। ਲੋਕ ਆਪਣੇ ਹੁਨਰ ਅਤੇ ਕਾਬਲੀਅਤਾਂ 'ਤੇ ਸ਼ੱਕ ਕਰਨਾ ਸ਼ੁਰੂ ਕਰ ਸਕਦੇ ਹਨ, ਜਿਸ ਨਾਲ ਉਨ੍ਹਾਂ ਦਾ ਭਰੋਸਾ ਘੱਟ ਸਕਦਾ ਹੈ। ਭਵਿੱਖ ਵਿੱਚ ਉਹਨਾਂ ਦੀ ਸਫਲਤਾ ਦਾ ਨੁਕਸਾਨ ਹੋ ਸਕਦਾ ਹੈ ਕਿਉਂਕਿ ਉਹ ਹੈਰਾਨ ਹੋਣ ਲੱਗਦੇ ਹਨ ਕਿ ਕੀ ਉਹ ਕਾਫ਼ੀ ਚੰਗੇ ਹਨ। ਆਪਣੀ ਪ੍ਰੇਰਣਾ ਨੂੰ ਉੱਚਾ ਰੱਖਣਾ ਅਤੇ ਆਪਣੇ ਉਦੇਸ਼ਾਂ 'ਤੇ ਤੁਹਾਡਾ ਧਿਆਨ ਰੱਖਣਾ ਮਹੱਤਵਪੂਰਨ ਹੈ ਕਿਉਂਕਿ ਸਫਲਤਾ ਹਮੇਸ਼ਾ ਜਲਦੀ ਨਹੀਂ ਮਿਲਦੀ। ਭਾਵੇਂ ਇਸ ਵਿੱਚ ਕੁਝ ਸਮਾਂ ਲੱਗ ਜਾਵੇ, ਲਗਾਤਾਰ ਕੋਸ਼ਿਸ਼ਾਂ ਨਾਲ ਅਸੀਂ ਅੰਤ ਵਿੱਚ ਸਫਲਤਾ ਪ੍ਰਾਪਤ ਕਰ ਸਕਦੇ ਹਾਂ।

– ਡਾ: ਸਤਿਆਵਾਨ ਸੌਰਭ

ਸਫਲਤਾ ਦਾ ਵਿਚਾਰ ਅਕਸਰ ਕਿਸੇ ਦੇ ਉਦੇਸ਼ਾਂ ਨੂੰ ਪ੍ਰਾਪਤ ਕਰਨ ਅਤੇ ਆਪਣੀਆਂ ਇੱਛਾਵਾਂ ਨੂੰ ਸਾਕਾਰ ਕਰਨ ਨਾਲ ਜੁੜਿਆ ਹੁੰਦਾ ਹੈ। ਬਹੁਤ ਸਾਰੇ ਲੋਕ ਸਫਲਤਾ ਦੀ ਇੱਛਾ ਰੱਖਦੇ ਹਨ ਕਿਉਂਕਿ ਇਸਨੂੰ ਅਕਸਰ ਜੀਵਨ ਵਿੱਚ ਪ੍ਰਾਪਤੀ ਦੇ ਮਾਪ ਵਜੋਂ ਦੇਖਿਆ ਜਾਂਦਾ ਹੈ। ਹਾਲਾਂਕਿ, ਸਫਲਤਾ ਹਮੇਸ਼ਾ ਤੁਰੰਤ ਨਹੀਂ ਹੁੰਦੀ ਹੈ ਅਤੇ ਆਉਣ ਵਿੱਚ ਸਮਾਂ ਲੱਗਦਾ ਹੈ। ਜਦੋਂ ਲੋਕਾਂ ਨੂੰ ਆਪਣੇ ਟੀਚਿਆਂ ਨੂੰ ਪੂਰਾ ਕਰਨ ਲਈ ਉਮੀਦ ਨਾਲੋਂ ਜ਼ਿਆਦਾ ਇੰਤਜ਼ਾਰ ਕਰਨਾ ਪੈਂਦਾ ਹੈ, ਤਾਂ ਉਨ੍ਹਾਂ ਨੂੰ ਸਫਲਤਾ ਦੇਰੀ ਨਾਲ ਕਿਹਾ ਜਾਂਦਾ ਹੈ। ਆਖ਼ਰਕਾਰ, ਸਫਲਤਾ ਵਿਚ ਦੇਰੀ ਕਿਉਂ ਹੁੰਦੀ ਹੈ ਅਕਸਰ ਅਣਮਿੱਥੇ ਸਮੇਂ ਲਈ ਦੇਰੀ ਹੁੰਦੀ ਹੈ? ਮੁੱਖ ਕਾਰਨਾਂ ਵਿੱਚੋਂ ਇੱਕ ਕਾਰਨ ਹੈ ਕਿ ਸਫ਼ਲਤਾ ਵਿੱਚ ਦੇਰੀ ਅਕਸਰ ਅਨਿਸ਼ਚਿਤ ਸਮੇਂ ਲਈ ਹੁੰਦੀ ਹੈ ਕਿਉਂਕਿ ਇਹ ਨਿਰਾਸ਼ਾ ਅਤੇ ਨਾਰਾਜ਼ਗੀ ਦਾ ਕਾਰਨ ਬਣ ਸਕਦੀ ਹੈ। ਜ਼ਿਆਦਾਤਰ ਲੋਕਾਂ ਦੇ ਮਨ ਵਿੱਚ ਆਪਣੇ ਟੀਚਿਆਂ ਤੱਕ ਪਹੁੰਚਣ ਲਈ ਇੱਕ ਸਮਾਂ-ਸਾਰਣੀ ਹੁੰਦੀ ਹੈ ਜਦੋਂ ਉਹ ਉਹਨਾਂ ਨੂੰ ਨਿਰਧਾਰਤ ਕਰਦੇ ਹਨ। ਉਹ ਉਮੀਦ ਕਰਦੇ ਹਨ ਕਿ ਉਹ ਬਹੁਤ ਮਿਹਨਤ ਕਰਨਗੇ ਅਤੇ ਥੋੜ੍ਹੇ ਸਮੇਂ ਵਿੱਚ ਸਫਲ ਹੋਣਗੇ। ਹਾਲਾਂਕਿ, ਦੇਰੀ ਨਾਲ ਸਫਲਤਾ ਨਾਰਾਜ਼ਗੀ ਅਤੇ ਨਿਰਾਸ਼ਾ ਦਾ ਕਾਰਨ ਬਣ ਸਕਦੀ ਹੈ। ਲੋਕ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਦੀ ਉਨ੍ਹਾਂ ਦੀ ਯੋਗਤਾ 'ਤੇ ਸ਼ੱਕ ਕਰਨ ਲੱਗ ਸਕਦੇ ਹਨ ਅਤੇ ਉਮੀਦ ਗੁਆ ਸਕਦੇ ਹਨ। ਨਤੀਜੇ ਵਜੋਂ ਉਹ ਅੰਤ ਵਿੱਚ ਪ੍ਰੇਰਣਾ ਗੁਆ ਸਕਦੇ ਹਨ, ਅਤੇ ਆਪਣੇ ਸੁਪਨਿਆਂ ਨੂੰ ਛੱਡ ਸਕਦੇ ਹਨ।

ਸਫਲਤਾ ਵਿੱਚ ਦੇਰੀ ਦੀ ਪ੍ਰਵਿਰਤੀ ਵਿੱਚ ਯੋਗਦਾਨ ਪਾਉਣ ਵਾਲਾ ਇੱਕ ਹੋਰ ਕਾਰਕ ਹਮੇਸ਼ਾ ਲਈ ਖੁੰਝੇ ਹੋਏ ਮੌਕਿਆਂ ਦੀ ਸੰਭਾਵਨਾ ਹੈ। ਲੋਕਾਂ ਕੋਲ ਆਮ ਤੌਰ 'ਤੇ ਆਪਣੇ ਟੀਚਿਆਂ ਤੱਕ ਪਹੁੰਚਣ ਲਈ ਰਣਨੀਤੀ ਹੁੰਦੀ ਹੈ ਜਦੋਂ ਉਹ ਉਹਨਾਂ ਨੂੰ ਨਿਰਧਾਰਤ ਕਰਦੇ ਹਨ। ਇਹ ਰਣਨੀਤੀ ਅਕਸਰ ਇੱਕ ਖਾਸ ਕ੍ਰਮ ਵਿੱਚ ਕਈ ਕਾਰਵਾਈਆਂ ਕਰਨ ਦੀ ਮੰਗ ਕਰਦੀ ਹੈ। ਇਹ ਰਣਨੀਤੀ ਖਰਾਬ ਹੋ ਸਕਦੀ ਹੈ ਜੇਕਰ ਬਾਅਦ ਵਾਲਾ ਸਫਲ ਹੁੰਦਾ ਹੈ, ਅਤੇ ਲੋਕ ਉਹਨਾਂ ਮੌਕਿਆਂ ਤੋਂ ਖੁੰਝ ਸਕਦੇ ਹਨ ਜਿਨ੍ਹਾਂ ਦੀ ਉਹਨਾਂ ਨੇ ਉਮੀਦ ਕੀਤੀ ਸੀ। ਉਦਾਹਰਨ ਲਈ, ਜੇਕਰ ਕੋਈ ਕਾਰੋਬਾਰ ਸ਼ੁਰੂ ਕਰਨਾ ਚਾਹੁੰਦਾ ਹੈ, ਤਾਂ ਹੋ ਸਕਦਾ ਹੈ ਕਿ ਉਸਨੇ ਇਸ ਨੂੰ ਕਰਨ ਲਈ ਇੱਕ ਨਿਸ਼ਚਿਤ ਸਮਾਂ ਨਿਰਧਾਰਤ ਕੀਤਾ ਹੋਵੇ। ਜੇਕਰ ਸਫਲਤਾ ਉਮੀਦ ਤੋਂ ਵੱਧ ਸਮਾਂ ਲੈਂਦੀ ਹੈ, ਤਾਂ ਉਹ ਆਪਣੀ ਕੰਪਨੀ ਨੂੰ ਸ਼ੁਰੂ ਕਰਨ ਦਾ ਮੌਕਾ ਗੁਆ ਸਕਦੇ ਹਨ ਜਦੋਂ ਉਹ ਅਸਲ ਵਿੱਚ ਇਰਾਦਾ ਰੱਖਦੇ ਸਨ।

ਖੁੰਝੇ ਹੋਏ ਮੌਕੇ ਕਦੇ-ਕਦੇ ਦੇਰੀ ਨਾਲ ਸਫਲਤਾ ਦਾ ਮਾੜਾ ਪ੍ਰਭਾਵ ਹੋ ਸਕਦੇ ਹਨ। ਲੋਕ ਅਕਸਰ ਆਪਣੀ ਜ਼ਿੰਦਗੀ ਨੂੰ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਤੋਂ ਬਾਅਦ ਦੇਖਦੇ ਹਨ ਜਦੋਂ ਉਹ ਉਹਨਾਂ ਨੂੰ ਨਿਰਧਾਰਤ ਕਰਦੇ ਹਨ। ਉਹ ਕਲਪਨਾ ਕਰ ਸਕਦੇ ਹਨ ਕਿ ਉਹ ਆਪਣੇ ਆਪ ਨੂੰ ਇੱਕ ਖਾਸ ਕੈਰੀਅਰ ਦਾ ਪਿੱਛਾ ਕਰਦੇ ਹਨ, ਕਿਸੇ ਨਵੀਂ ਜਗ੍ਹਾ ਨੂੰ ਬਦਲਦੇ ਹਨ, ਜਾਂ ਜੀਵਨ ਦੇ ਇੱਕ ਖਾਸ ਤਰੀਕੇ ਦੀ ਅਗਵਾਈ ਕਰਦੇ ਹਨ। ਪਰ ਜੇਕਰ ਸਫਲਤਾ ਉਮੀਦ ਤੋਂ ਵੱਧ ਸਮਾਂ ਲੈਂਦੀ ਹੈ, ਤਾਂ ਉਹ ਇਹਨਾਂ ਮੌਕਿਆਂ ਤੋਂ ਖੁੰਝ ਸਕਦੇ ਹਨ। ਹੋ ਸਕਦਾ ਹੈ ਕਿ ਉਹ ਉਸ ਜੀਵਨ ਸ਼ੈਲੀ ਨੂੰ ਜੀਣ ਦੇ ਯੋਗ ਨਾ ਹੋਣ ਜਿਸਦੀ ਉਹਨਾਂ ਨੇ ਯੋਜਨਾ ਬਣਾਈ ਸੀ, ਉਹ ਕੈਰੀਅਰ ਪ੍ਰਾਪਤ ਕਰ ਸਕਦੇ ਹੋ ਜਿਸਦੀ ਉਹਨਾਂ ਨੇ ਉਮੀਦ ਕੀਤੀ ਸੀ, ਜਾਂ ਉਹਨਾਂ ਸਥਾਨਾਂ 'ਤੇ ਰਹਿਣ ਦੇ ਯੋਗ ਨਹੀਂ ਹੁੰਦੇ ਜਿਸਦੀ ਉਹਨਾਂ ਨੇ ਕਲਪਨਾ ਕੀਤੀ ਸੀ।



ਸਫਲਤਾ ਵਿੱਚ ਦੇਰੀ ਕਰਨ ਦੇ ਨਤੀਜੇ ਵਜੋਂ ਆਤਮ-ਵਿਸ਼ਵਾਸ ਦਾ ਨੁਕਸਾਨ ਹੋ ਸਕਦਾ ਹੈ, ਜੋ ਕਿ ਸਭ ਤੋਂ ਮਹੱਤਵਪੂਰਨ ਕਾਰਕਾਂ ਵਿੱਚੋਂ ਇੱਕ ਹੈ ਕਿ ਇਹ ਅਕਸਰ ਹਮੇਸ਼ਾ ਲਈ ਕਿਉਂ ਰਹਿੰਦਾ ਹੈ। ਜਿਹੜੇ ਲੋਕ ਟੀਚੇ ਨਿਰਧਾਰਤ ਕਰਦੇ ਹਨ ਉਹਨਾਂ ਨੂੰ ਉਹਨਾਂ ਨੂੰ ਪੂਰਾ ਕਰਨ ਲਈ ਉਹਨਾਂ ਦੀਆਂ ਯੋਗਤਾਵਾਂ ਵਿੱਚ ਆਮ ਤੌਰ 'ਤੇ ਬਹੁਤ ਭਰੋਸਾ ਹੁੰਦਾ ਹੈ। ਇਸ ਵਿਸ਼ਵਾਸ ਨੂੰ ਚੁਣੌਤੀ ਦਿੱਤੀ ਜਾ ਸਕਦੀ ਹੈ ਜੇਕਰ ਸਫਲਤਾ ਉਮੀਦ ਤੋਂ ਵੱਧ ਸਮਾਂ ਲੈਂਦੀ ਹੈ। ਲੋਕ ਆਪਣੇ ਹੁਨਰ ਅਤੇ ਕਾਬਲੀਅਤਾਂ 'ਤੇ ਸ਼ੱਕ ਕਰਨਾ ਸ਼ੁਰੂ ਕਰ ਸਕਦੇ ਹਨ, ਜਿਸ ਨਾਲ ਉਨ੍ਹਾਂ ਦਾ ਭਰੋਸਾ ਘੱਟ ਸਕਦਾ ਹੈ। ਭਵਿੱਖ ਵਿੱਚ ਉਹਨਾਂ ਦੀ ਸਫਲਤਾ ਦਾ ਨੁਕਸਾਨ ਹੋ ਸਕਦਾ ਹੈ ਕਿਉਂਕਿ ਉਹ ਹੈਰਾਨ ਹੋਣ ਲੱਗਦੇ ਹਨ ਕਿ ਕੀ ਉਹ ਕਾਫ਼ੀ ਚੰਗੇ ਹਨ।

ਦੇਰੀ ਨਾਲ ਸਫਲਤਾ ਦਾ ਨਤੀਜਾ ਗਤੀ ਦਾ ਨੁਕਸਾਨ ਹੋ ਸਕਦਾ ਹੈ। ਲੋਕਾਂ ਕੋਲ ਆਮ ਤੌਰ 'ਤੇ ਆਪਣੇ ਟੀਚਿਆਂ ਤੱਕ ਪਹੁੰਚਣ ਲਈ ਰਣਨੀਤੀ ਹੁੰਦੀ ਹੈ ਜਦੋਂ ਉਹ ਉਹਨਾਂ ਨੂੰ ਨਿਰਧਾਰਤ ਕਰਦੇ ਹਨ। ਇਹ ਰਣਨੀਤੀ ਅਕਸਰ ਇੱਕ ਖਾਸ ਕ੍ਰਮ ਵਿੱਚ ਕਈ ਕਾਰਵਾਈਆਂ ਕਰਨ ਦੀ ਮੰਗ ਕਰਦੀ ਹੈ। ਜੇਕਰ ਜਿੱਤ ਵਿੱਚ ਦੇਰੀ ਹੁੰਦੀ ਹੈ, ਤਾਂ ਇਹ ਰਣਨੀਤੀ ਖਰਾਬ ਹੋ ਸਕਦੀ ਹੈ ਅਤੇ ਗਤੀ ਗੁਆ ਸਕਦੀ ਹੈ। ਜੇ ਉਹ ਆਪਣੇ ਟੀਚਿਆਂ ਲਈ ਕੰਮ ਕਰਦੇ ਰਹਿਣ ਲਈ ਪ੍ਰੇਰਣਾ ਅਤੇ ਨਿਰਾਸ਼ਾ ਗੁਆ ਦਿੰਦੇ ਹਨ, ਤਾਂ ਉਹਨਾਂ ਦੇ ਭਵਿੱਖ ਦੀ ਕਾਰਗੁਜ਼ਾਰੀ ਨੂੰ ਕਾਫ਼ੀ ਪ੍ਰਭਾਵਿਤ ਕੀਤਾ ਜਾ ਸਕਦਾ ਹੈ।

ਜਦੋਂ ਲੋਕਾਂ ਨੂੰ ਆਪਣੇ ਟੀਚਿਆਂ ਨੂੰ ਪੂਰਾ ਕਰਨ ਲਈ ਅਨੁਮਾਨ ਤੋਂ ਵੱਧ ਉਡੀਕ ਕਰਨੀ ਪੈਂਦੀ ਹੈ, ਤਾਂ "ਦੇਰੀ ਨਾਲ ਸਫਲਤਾ" ਵਜੋਂ ਜਾਣੀ ਜਾਂਦੀ ਇੱਕ ਘਟਨਾ ਵਾਪਰਦੀ ਹੈ। ਬਹੁਤ ਸਾਰੇ ਕਾਰਨ ਹਨ ਕਿ ਦੇਰੀ ਨਾਲ ਸਫਲਤਾ ਅਕਸਰ ਅਣਮਿੱਥੇ ਸਮੇਂ ਲਈ ਜਾਰੀ ਰਹਿੰਦੀ ਹੈ। ਚਿੜਚਿੜੇਪਨ ਅਤੇ ਨਿਰਾਸ਼ਾ ਤੋਂ ਇਲਾਵਾ, ਖੁੰਝੇ ਹੋਏ ਮੌਕੇ ਅਤੇ ਮੌਕੇ, ਖੁੰਝੇ ਹੋਏ ਤਜ਼ਰਬੇ, ਆਤਮ-ਵਿਸ਼ਵਾਸ ਦੀ ਕਮੀ, ਅਤੇ ਗਤੀ ਦੀ ਕਮੀ ਦੇ ਨਤੀਜੇ ਵਜੋਂ ਸਫਲਤਾ ਦੇਰੀ ਹੋ ਸਕਦੀ ਹੈ। ਆਪਣੀ ਪ੍ਰੇਰਣਾ ਨੂੰ ਉੱਚਾ ਰੱਖਣਾ ਅਤੇ ਆਪਣੇ ਉਦੇਸ਼ਾਂ 'ਤੇ ਤੁਹਾਡਾ ਧਿਆਨ ਰੱਖਣਾ ਮਹੱਤਵਪੂਰਨ ਹੈ ਕਿਉਂਕਿ ਸਫਲਤਾ ਹਮੇਸ਼ਾ ਜਲਦੀ ਨਹੀਂ ਮਿਲਦੀ। ਭਾਵੇਂ ਇਸ ਵਿੱਚ ਕੁਝ ਸਮਾਂ ਲੱਗ ਜਾਵੇ, ਲਗਾਤਾਰ ਕੋਸ਼ਿਸ਼ਾਂ ਨਾਲ ਅਸੀਂ ਅੰਤ ਵਿੱਚ ਸਫਲਤਾ ਪ੍ਰਾਪਤ ਕਰ ਸਕਦੇ ਹਾਂ। ਇਸ ਲਈ ਹਮੇਸ਼ਾ ਯਾਦ ਰੱਖੋ ਅਤੇ ਚਲਦੇ ਰਹੋ ਜਦੋਂ ਤੱਕ ਜ਼ਿੰਦਗੀ ਹੈ-

ਕਿਸੇ ਦਿਨ ਤੁਹਾਨੂੰ ਫੁੱਲਾਂ ਦਾ ਤੋਹਫ਼ਾ ਵੀ ਮਿਲੇਗਾ।

ਆਪਣੀ ਧੁਨ ਨਾ ਛੱਡੋ, ਚੀਜ਼ਾਂ ਸੁਧਰ ਜਾਣਗੀਆਂ।

*-ਡਾ: ਸਤਿਆਵਾਨ ਸੌਰਭ,*
*ਕਵੀ, ਸੁਤੰਤਰ ਪੱਤਰਕਾਰ ਅਤੇ ਕਾਲਮਨਵੀਸ, ਆਲ ਇੰਡੀਆ ਰੇਡੀਓ ਅਤੇ ਟੀਵੀ ਪੈਨਲਿਸਟ,*
*333, ਪਰੀ ਵਾਟਿਕਾ, ਕੌਸ਼ਲਿਆ ਭਵਨ, ਬਰਵਾ (ਸਿਵਾਨੀ) ਭਿਵਾਨੀ, ਹਰਿਆਣਾ - 127045,*
*ਮੋਬਾਈਲ 9466526148,0125528138*

# ਮੁੱਖ ਮੰਤਰੀ ਭਗਵੰਤ ਮਾਨ ਦੇ ਯਤਨਾਂ ਸਦਕਾ ਉਦਯੋਗਿਕ ਵਿਕਾਸ ਵਿੱਚ ਮੋਹਰੀ ਬਣ ਕੇ ਉਭਰੇਗਾ ਪੰਜਾਬ : ਹਰਪਾਲ ਸਿੰਘ ਚੀਮਾ

## ਵਿੱਤ ਮੰਤਰੀ ਨੇ ਪੰਜਵੇਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2023 ਦੌਰਾਨ 'ਪੰਜਾਬ ਐਕਸਪੋਰਟਸ ਐਂਡ ਬ੍ਰਾਂਡਸ' ਸੈਸ਼ਨ ਦੀ ਕੀਤੀ ਪ੍ਰਧਾਨਗੀ



ਚੰਡੀਗੜ੍ਹ, 22 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਅੱਜ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਯਤਨਾਂ ਸਦਕਾ ਸੂਬਾ ਜਲਦ ਹੀ ਉਦਯੋਗਿਕ ਵਿਕਾਸ ਵਿੱਚ ਮੋਹਰੀ ਬਣ ਕੇ ਉਭਰੇਗਾ।

ਕੈਬਨਿਟ ਮੰਤਰੀ ਅੱਜ ਇੱਥੇ ਐਸ.ਏ.ਐਸ.ਨਗਰ ਸਥਿਤ ਇੰਡੀਅਨ ਸਕੂਲ ਆਫ਼ ਬਿਜ਼ਨਸ (ਆਈ.ਐਸ.ਬੀ.) ਕੈਂਪਸ ਵਿਖੇ ਪੰਜਵੇਂ ਪ੍ਰਗਤੀਸ਼ੀਲ ਪੰਜਾਬ ਨਿਵੇਸ਼ਕ ਸੰਮੇਲਨ-2023 ਦੌਰਾਨ 'ਪੰਜਾਬ ਐਕਸਪੋਰਟਸ ਐਂਡ ਬ੍ਰਾਂਡਜ਼' ਸੈਸ਼ਨ ਦੀ ਪ੍ਰਧਾਨਗੀ ਕਰ ਰਹੇ ਸਨ।

ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਦੇ ਲੋਕਾਂ ਨੇ ਨਵੀਂ ਸਰਕਾਰ ਨੂੰ ਚੁਣਿਆ ਹੈ, ਉਸੇ ਤਰ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਨੇ ਸੂਬੇ ਦੇ ਸਰਬਪੱਖੀ ਵਿਕਾਸ ਲਈ ਲੋਕ ਪੱਖੀ ਪਹਿਲਕਦਮੀਆਂ ਤੋਂ ਇਲਾਵਾ ਨਵੀਂ ਸਨਅਤੀ ਨੀਤੀ ਅਤੇ ਨਵੀਂ ਲੌਜਿਸਟਿਕਸ ਨੀਤੀ ਲਿਆਂਦੀ ਹੈ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨਿਵੇਸ਼ਕਾਂ ਨੂੰ ਪੰਜਾਬ ਵਿੱਚ ਨਿਵੇਸ਼ ਕਰਨ ਵਾਸਤੇ ਆਕਰ-ਸ਼ਤਿ ਕਰਨ ਲਈ ਭਾਰਤ ਅਤੇ ਵਿਦੇਸ਼ਾਂ ਦਾ ਦੌਰਾ ਵੀ ਕਰ ਰਹੇ ਹਨ।

ਚੀਮਾ ਨੇ ਕਿਹਾ ਕਿ ਪੰਜਾਬ ਨੂੰ ਕਣਕ ਅਤੇ ਚੌਲਾਂ ਆਦਿ ਫ਼ਸਲਾਂ ਦੀ ਸਭ ਵੱਧ ਪੈਦਾਵਾਰ ਹੋਣ ਕਰਕੇ 'ਭਾਰਤ ਦੇ ਅੰਨ ਭੰਡਾਰ ' ਵਜੋਂ ਵੀ ਜਾਣਿਆ ਜਾਂਦਾ ਹੈ, ਜਿਸ ਨੇ ਇਨ੍ਹਾਂ ਦੋਵਾਂ ਫਸਲਾਂ ਦੀ ਕਾਸ਼ਤ ਲਈ ਦੇਸ਼ ਭਰ ਵਿੱਚ ਚੋਟੀ ਦਾ ਦਰਜਾ ਪ੍ਰਾਪਤ ਕੀਤਾ ਹੈ।

ਉਨ੍ਹਾਂ ਕਿਹਾ ਕਿ ਧਰਤੀ ਹੇਠਲੇ ਪਾਣੀ, ਬਿਜਲੀ ਨੂੰ ਬਚਾਉਣ ਅਤੇ ਖੇਤੀ ਲਾਗਤਾਂ ਨੂੰ ਘਟਾਉਣ ਲਈ ਉਨ੍ਹਾਂ ਦੀ ਸਰਕਾਰ ਨੇ ਬਾਸਮਤੀ ਦੀ ਕਾਸ਼ਤ ਨੂੰ ਵੱਡੇ ਪੱਧਰ 'ਤੇ ਉਤਸ਼ਾਹਿਤ ਕਰਨ ਦਾ ਫੈਸਲਾ ਕੀਤਾ ਹੈ। ਇਸ ਦਿਸ਼ਾ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜਲਦ ਹੀ ਬਾਸਮਤੀ ਦੀ ਕਾਸ਼ਤ ਅਤੇ ਬਰਾਮਦ ਲਈ ਨਵੀਂ ਨੀਤੀ ਲਿਆਂਦੀ ਜਾਵੇਗੀ।

ਉਨ੍ਹਾਂ ਕਿਹਾ ਕਿ ਪੰਜਾਬ ਦੇ ਬਾਸਮਤੀ ਦਾ ਸਭ ਤੋਂ ਵੱਡਾ ਬਰਾਮਦਕਾਰ ਸੂਬਾ ਹੋਣ ਦੇ ਨਾਤੇ ਉਨ੍ਹਾਂ ਦੀ ਸਰਕਾਰ ਨੇ ਤਰਨਤਾਰਨ ਵਿਖੇ ਬਾਸਮਤੀ 'ਤੇ ਵਿਸ਼ੇਸ਼ ਖੋਜ ਕੇਂਦਰ ਸਥਾਪਤ ਕਰਨ ਦਾ ਵੀ ਫੈਸਲਾ ਕੀਤਾ ਹੈ, ਜਿਸ ਵਿੱਚ ਬੀਜ ਖੋਜ ਸਹੂਲਤਾਂ ਅਤੇ ਅਨਾਜ ਦੀ ਪਰਖ ਵਾਲੀਆਂ ਲੈਬਾਰਟਰੀਆਂ ਹੋਣਗੀਆਂ।

ਮੰਤਰੀ ਨੇ ਕਿਹਾ ਕਿ ਹਰੀ ਕ੍ਰਾਂਤੀ ਪਹਿਲਾਂ ਪੰਜਾਬ ਵਿੱਚ ਲਿਆਂਦੀ ਗਈ ਸੀ ਅਤੇ ਹੁਣ ਮਾਨ ਸਰਕਾਰ ਨੇ ਉਦਯੋਗਿਕ ਕ੍ਰਾਂਤੀ ਲਿਆਉਣ ਦਾ ਫੈਸਲਾ ਕੀਤਾ ਹੈ ਕਿਉਂਕਿ ਦੇਸ਼ ਦੀ ਰਾਜਧਾਨੀ ਅਤੇ ਹੋਰ ਗੁਆਂਢੀ ਰਾਜਾਂ ਨਾਲ ਸੜਕੀ ਅਤੇ ਰੇਲ ਸੰਪਰਕ ਵਿੱਚ ਬਹੁਤ ਸੁਧਾਰ ਕੀਤਾ ਗਿਆ ਹੈ। ਚੀਮਾ ਨੇ ਅੱਗੇ ਕਿਹਾ ਕਿ ਉਨਾਂ ਦੀ ਸਰਕਾਰ ਹਰ ਖੇਤਰ ਵਿੱਚ ਕਾਮਯਾਬੀ ਹਾਸਲ ਕਰੇਗੀ ਅਤੇ ਸੂਬੇ ਨੂੰ ਨਵੀਆਂ ਲੀਹਾਂ 'ਤੇ ਪਾਉਣ ਲਈ ਸਮਾਜ ਦੇ ਸਾਰੇ ਵਰਗਾਂ ਦਾ ਪੂਰਨ ਸਹਿਯੋਗ ਬਹੁਤ ਲੋੜੀਂਦਾ ਹੈ।

ਇਸ ਤੋਂ ਪਹਿਲਾਂ ਆਈਏਐਸ ਅਭਿਨਵ ਤ੍ਰਿਖਾ ਨੇ ਪੰਜਾਬ ਦੇ ਨਿਰਯਾਤ ਅੰਕੜਿਆਂ ਬਾਰੇ ਪੀ.ਪੀ.ਟੀ. ਵੀ ਪੇਸ਼ ਕੀਤੀ ਅਤੇ ਨਿਰਯਾਤ ਨੂੰ ਉਤਸ਼ਾਹਿਤ ਕਰਨ ਲਈ ਪੰਜਾਬ ਸਰਕਾਰ ਦੇ ਯਤਨਾਂ ਬਾਰੇ ਚਾਨਣਾ ਪਾਇਆ।

ਸੈਸ਼ਨ ਦੌਰਾਨ ਪ੍ਰਿਅੰਕਾ ਸ਼ਰਮਾ, ਪਾਰਟਨਰ, ਕੇ.ਪੀ.ਐਮ.ਜੀ., ਮਦਨ ਐੱਮ. ਪਿਲੁਤਲਾ ਡੀਨ, ਆਈ.ਐੱਸ.ਬੀ. ਮੋਹਾਲੀ, ਕੈਪਟਨ ਅਸ਼ਵਨੀ ਨਾਯਰ ਡਿਪਟੀ ਸੀ.ਈ.ਓ., ਹਿੰਦ ਟਰਮੀਨਲਜ਼ ਪ੍ਰਾਈਵੇਟ ਲਿਮਟਿਡ, ਸੰਦੀਪ ਜੈਨ ਕਾਰਜਕਾਰੀ ਡਾਇਰੈਕਟਰ ਮੌਂਟੇ ਕਾਰਲੋ ਫੈਸ਼ਨਜ਼ ਲਿਮਟਿਡ, ਅਸ਼ੋਕ ਸੇਠੀ ਡਾਇਰੈਕਟਰ ਰਾਈਸ ਮਿੱਲਰਜ ਐਂਡ ਐਕਸਪੋਰਟਰਜ਼ ਐਸੋਸੀਏਸ਼ਨ ਪੰਜਾਬ ,ਰਾਜੇਸ਼ ਖਰਬੰਦਾ, ਐਮ.ਡੀ ਨਿਵੀਆ ਸਪੋਰਟਸ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਮੁੱਖ ਮੰਤਰੀ ਭਗਵੰਤ ਮਾਨ ਨੇ ਹਾਈਟੈੱਕ ਪ੍ਰਦਰਸ਼ਨੀ ਦੇ ਉਦਘਾਟਨ ਨਾਲ ਇਨਵੈਸਟ ਪੰਜਾਬ ਦੇ ਪੰਜਵੇਂ ਐਡੀਸ਼ਨ ਦੀ ਕੀਤੀ ਸ਼ੁਰੂਆਤ

## ਪ੍ਰਦਰਸ਼ਨੀ ਵਿੱਚ ਦੁਨੀਆ ਭਰ ਦੀਆਂ ਉੱਘੀਆਂ ਕੰਪਨੀਆਂ ਨੇ ਆਪਣੇ ਉਤਪਾਦਾਂ ਦਾ ਕੀਤਾ ਪ੍ਰਦਰਸ਼ਨ



ਚੰਡੀਗੜ੍ਹ, 23 ਫਰਵਰੀ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਇੱਥੇ ਇੰਡੀਅਨ ਸਕੂਲ ਆਫ਼ ਬਿਜ਼ਨਸ ਵਿਖੇ ਹਾਈਟੈਕ ਐਗਜ਼ੀਬਿਸ਼ਨ (ਪ੍ਰਦਰਸ਼ਨੀ) ਦਾ ਉਦਘਾਟਨ ਕਰਦਿਆਂ ਪ੍ਰਗਤੀਸ਼ੀਲ ਪੰਜਾਬ ਸੰਮੇਲਨ ਦੇ ਪੰਜਵੇਂ ਐਡੀਸ਼ਨ ਦੀ ਸ਼ੁਰੂਆਤ ਕੀਤੀ।

ਪ੍ਰਦਰਸ਼ਨੀ ਵਿੱਚ ਦੁਨੀਆ ਭਰ ਦੀਆਂ ਪ੍ਰਮੁੱਖ ਕੰਪਨੀਆਂ ਨੇ ਆਪਣੇ ਉਤਪਾਦਾਂ ਦਾ ਪ੍ਰਦਰਸ਼ਨ ਕੀਤਾ। ਮੁੱਖ ਮੰਤਰੀ ਨੇ ਹਰੇਕ ਸਟਾਲ 'ਤੇ ਜਾ ਕੇ ਵੱਖ-ਵੱਖ ਕੰਪਨੀਆਂ ਦੇ ਉਤਪਾਦਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਲਈ।

ਭਗਵੰਤ ਮਾਨ ਨੇ ਕਿਹਾ ਕਿ ਇਹ ਇੱਕ ਇਤਿਹਾਸਕ ਪਲ ਹੈ ਕਿਉਂ ਜੋ ਵਿਸ਼ਵ ਭਰ ਦੀਆਂ ਪ੍ਰਮੁੱਖ ਕੰਪਨੀਆਂ ਆਪਣੀਆਂ ਪ੍ਰਾਪਤੀਆਂ ਪੇਸ਼ ਕਰਨ ਲਈ ਇੱਕ ਮੰਚ 'ਤੇ ਇਕੱਠੀਆਂ ਹੋਈਆਂ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਕੰਪਨੀਆਂ ਇਸ ਖੇਤਰ ਵਿੱਚ ਪਹਿਲਾਂ ਹੀ ਦੁਨੀਆ ਭਰ 'ਚ ਆਪਣੀ ਕਾਬਲੀਅਤ ਸਾਬਤ ਕਰ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਇਸ ਮੌਕੇ ਇਨ੍ਹਾਂ ਉੱਦਮੀਆਂ ਦਾ ਸੁਆਗਤ ਕਰਦਾ ਹੈ ਅਤੇ ਉਮੀਦ ਕਰਦਾ ਹੈ ਕਿ ਉਨ੍ਹਾਂ ਦੇ ਸਹਿਯੋਗ ਨਾਲ ਜਲਦੀ ਹੀ ਸੂਬੇ ਵਿੱਚ ਉਦਯੋਗਿਕ ਵਿਕਾਸ ਨੂੰ ਵੱਡਾ ਹੁਲਾਰਾ ਮਿਲੇਗਾ। ਭਗਵੰਤ ਮਾਨ ਨੇ ਸਾਰੇ ਉਦਯੋਗਪਤੀਆਂ ਨੂੰ ਉਨ੍ਹਾਂ ਦੇ ਹਰ ਉੱਦਮ ਲਈ ਸਰਕਾਰ ਵੱਲੋਂ ਪੂਰਨ ਸਹਿਯੋਗ ਦਾ ਭਰੋਸਾ ਦਿੱਤਾ।

ਮੁੱਖ ਮੰਤਰੀ ਨੇ ਆਸ ਪ੍ਰਗਟਾਈ ਕਿ ਉਹ ਦਿਨ ਦੂਰ ਨਹੀਂ, ਜਦੋਂ ਸੂਬਾ ਜਲਦੀ ਹੀ ਦੇਸ਼ ਦੇ ਉਦਯੋਗਿਕ ਧੁਰੇ ਵਜੋਂ ਉਭਰੇਗਾ। ਇਸ ਦੌਰਾਨ ਉਨ੍ਹਾਂ ਨੇ ਐਚ.ਐਮ.ਈ.ਐਲ ਬਠਿੰਡਾ, ਆਈ.ਟੀ.ਸੀ., ਪਲਕਸ਼ਾ ਯੂਨੀਵਰਸਿਟੀ, ਈ.ਐਸ.ਆਰ ਲੌਪਿ-ਸਟਿਕਸ ਪ੍ਰਾਈਵੇਟ ਲਿਮਟਿਡ, ਹਿੰ-ਦੋਸਤਾਨ ਯੂਨੀਲਿਵਰ ਲਿਮਟਿਡ, ਇੰਟਰਨੈਸ਼ਨਲ ਟਰੈਕਟਰਜ਼ ਲਿਮਟਿਡ, ਟਾਇਨੋਰ ਆਰਥੋਟਿਕਸ ਪ੍ਰਾਈਵੇਟ ਲਿਮਟਿਡ, ਸਾਵੀ ਐਕਸਪੋਰਟਸ, ਸਨਾਥਨ ਪੋਲੀਓਟ ਪ੍ਰਾਈਵੇਟ ਲਿਮਟਿਡ, ਟ੍ਰਾਈਡੈਂਟ ਗਰੁੱਪ, ਯੂਕੇ ਹਾਈ ਕਮਿਸ਼ਨਰ ਆਫ਼ਿਸ, ਹਾਰਟੇਕ ਪਾਵਰ, ਮਾਸਟਰਜ਼ ਕ੍ਰਿਏਸ਼ਨ, ਗਿਲਾਰਡ ਇਲੈਕਟ੍ਰੋਨਿਕਸ ਪ੍ਰਾਈਵੇਟ ਲਿਮਟਿਡ, ਏਵਨ ਸਾਈਕਲਜ਼ ਲਿਮਟਿਡ, ਮੈਸਰਜ਼ ਰਾਜਾ ਫੈਟ ਐਂਡ ਫੀਡਸ ਪ੍ਰਾਈਵੇਟ ਲਿਮਟਿਡ, ਆਈ.ਆਈ.ਟੀ. ਰੋਪੜ, ਟੈਕਨਾਲੋਜੀ ਬਿਜ਼ਨਸ ਇਨਕਿਊਬੇਸ਼ਨ ਫਾਊਂਡੇਸ਼ਨ, ਨਾਨੋਕ੍ਰਿਤੀ ਪ੍ਰਾਈਵੇਟ ਲਿਮਟਿਡ, ਐਡਿਥ ਹੈਲਥਕੇਅਰ, ਡਾਕਟਰਸ ਸਾਫਟਵੇਅਰ ਸਟਾਰਟਅੱਪ ਪੰਜਾਬ, ਮੈਸਰਜ਼ ਬਲੈਕ ਆਈ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ, ਐਗਨੈਕਸਟ ਬੀ.ਜੀ. ਇਨੋਵਾਟੈਕ, ਹੋਲੋਕਿਤਾਬ ਟੈਕਨਾਲੋਜੀਜ਼, ਵਿਸ਼ਵਾਜ਼ ਏ.ਆਈ. ਪ੍ਰਾਈਵੇਟ ਲਿਮਟਿਡ, ਬ੍ਰਿਊ ਥੈਰਾਪਿਊਟਿਕਸ ਪ੍ਰਾਇਵੇਟ ਲਿਮਟਿਡ, ਕਿਲਡੇ ਪ੍ਰਾਇਵੇਟ ਲਿਮਟਿਡ, ਸਾਈਬਰਹਾਕਸ ਇੰਟੈਲੀਜੈਂਸ ਸਰਵਿਸਿਜ਼, ਐਲ.ਐਲ.ਪੀ. ਲੋਕਲ ਵੈਂਚਰਜ਼ ਪ੍ਰਾਈਵੇਟ ਲਿਮਟਿਡ, ਨਿਰਵਿਘਨ ਸਰਵਿਸਿਜ਼ ਪ੍ਰਾਈਵੇਟ ਲਿਮਟਿਡ, ਕੇ.ਸੀ.ਐਸ.ਏ.ਡੀ. ਲਾਈਟਸ (ਇੰਡੀਆ) ਪ੍ਰਾਈਵੇਟ ਲਿਮਟਿਡ, ਜੇ.ਕੇ. ਪੇਪਰਜ਼, ਨੈਸਲੇ ਇੰਡੀਆ ਲਿਮਟਿਡ ਅਤੇ ਪ੍ਰਦਰਸ਼ਨੀ ਵਿੱਚ ਹਿੱਸਾ ਲੈਣ ਵਾਲੀਆਂ ਹੋਰ ਨਾਮਵਰ ਕੰਪਨੀਆਂ ਦਾ ਧੰਨਵਾਦ ਕੀਤਾ।

ਇਸ ਮੌਕੇ ਕਈ ਕੈਬਨਿਟ ਮੰਤਰੀ, ਵਿਧਾਇਕ ਅਤੇ ਅਧਿਕਾਰੀ ਵੀ ਹਾਜ਼ਰ ਸਨ।

# ਖੇਡਾਂ ਨੂੰ ਪ੍ਰਫੁਲਿਤ ਕਰਨ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਹਨ ਵਿਸ਼ੇਸ਼ ਉਪਰਾਲੇ : ਢਿੱਲਵਾਂ

## ਪਿੰਡ ਮਚਾਕੀ ਮੱਲ ਸਿੰਘ ਵਿੱਚ ਕਰਵਾਏ ਗਏ ਕਬੱਡੀ ਟੂਰਨਾਮੈਂਟ ਵਿੱਚ ਕੀਤੀ ਸ਼ਿਰਕਤ



ਫਰੀਦਕੋਟ, 23 ਫਰਵਰੀ (ਗਿਆਨ ਸਿੰਘ): ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਸੁਖਜੀਤ ਸਿੰਘ ਢਿੱਲਵਾਂ ਨੇ ਪਿੰਡ ਮਚਾਕੀ ਮੱਲ ਸਿੰਘ ਵਿਖੇ ਕਰਵਾਏ ਗਏ ਕਬੱਡੀ ਟੂਰਨਾਮੈਂਟ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਦੇ ਨਾਲ ਪੀ.ਆਰ.ਓ ਟੂ ਸਪੀਕਰ ਮਨਪ੍ਰੀਤ ਸਿੰਘ ਧਾਲੀਵਾਲ ਵੀ ਵਿਸ਼ੇਸ਼ ਤੌਰ ਤੇ ਮੌਜੂਦ ਸਨ।

ਇਸ ਦੌਰਾਨ ਚੇਅਰਮੈਨ ਸੁਖਜੀਤ ਸਿੰਘ ਢਿੱਲਵਾਂ ਨੇ ਕਿਹਾ ਕਿ ਜਿੱਥੇ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਲਈ ਸਮੇਂ ਸਮੇਂ ਤੇ ਖੇਡ ਟੂਰਨਾਮੈਂਟ ਕਰਵਾਏ ਜਾ ਰਹੇ ਹਨ, ਉੱਥੇ ਖੇਡ ਸਟੇਡੀਅਮ ਅਤੇ ਮੁੱਢਲੀ ਖੇਡ ਸਹੂਲਤਾਂ ਮੁਹੱਈਆ ਕਰਵਾਉਣ ਦੇ ਲਈ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਖੇਡਾਂ ਦਾ ਸਾਡੇ ਜੀਵਨ ਵਿੱਚ ਵਿਸ਼ੇਸ਼ ਮਹੱਤਵ ਹੁੰਦਾ ਹੈ। ਵਿਦਿਆਰਥੀਆਂ ਨੂੰ ਮੁੱਢਲੀ ਸਿੱਖਿਆ ਦੌਰਾਨ ਸਮੇਂ ਸਮੇਂ ਸਿਰ ਖੇਡ ਟੂਰਨਾਮੈਂਟ ਵਿੱਚ ਹਿੱਸਾ ਲੈਣਾ ਚਾਹੀਦਾ ਹੈ ਅਤੇ ਰੁਚੀ ਅਨੁਸਾਰ ਕੋਈ ਵੀ ਖੇਡ ਅਪਣਾਉਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖਾਤਮੇ ਲਈ ਨੌਜਵਾਨਾਂ ਨੂੰ ਖੇਡਾਂ ਵੱਲ ਲੈ ਕੇ ਆਉਣਾ ਜਰੂਰੀ ਹੈ, ਇਸ ਲਈ ਸਮੇਂ ਸਮੇਂ ਤੇ ਪਿੰਡਾਂ ਦੇ ਖੇਡ ਕਲੱਬਾਂ ਵਿੱਚ ਖੇਡ ਟੂਰਨਾਮੈਂਟ ਕਰਵਾਏ ਜਾਂਦੇ ਹਨ, ਜਿੰਨਾ ਵਿੱਚ ਐਨ.ਆਰ.ਆਈਜ਼ ਦਾ ਵਿਸ਼ੇਸ਼ ਯੋਗਦਾਨ ਰਿਹਾ ਹੈ। ਉਨ੍ਹਾਂ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਵਿੱਚ ਭਾਗ ਲੈਣ ਦੀ ਅਪੀਲ ਵੀ ਕੀਤੀ।

ਿ ਇਸ ਦੌਰਾਨ ਪੀ.ਆਰ.ਓ ਟੂ ਸਪੀਕਰ ਮਨਪ੍ਰੀਤ ਸਿੰਘ ਧਾਲੀਵਾਲ ਨੇ ਵੀ ਅਪੀਲ ਕਰਦੇ ਹੋਏ ਕਿਹਾ ਕਿ ਨੌਜਵਾਨ ਖੇਡਾਂ ਵੱਲ ਵਿਸ਼ੇਸ਼ ਦਿਲਚਸਪੀ ਲੈਣ। ਇਸ ਨਾਲ ਨੌਜਵਾਨ ਨਸ਼ਿਆਂ ਵਰਗੀਆਂ ਨਾਮੁਰਾਦ ਬਿਮਾਰੀਆਂ ਤੋਂ ਬਚੇ ਰਹਿਣਗੇ। ਅੰਤ ਵਿੱਚ ਚੇਅਰਮੈਨ ਸੁਖਜੀਤ ਸਿੰਘ ਢਿੱਲਵਾਂ ਅਤੇ ਪੀ.ਆਰ.ਓ. ਮਨਪ੍ਰੀਤ ਸਿੰਘ ਧਾਲੀਵਾਲ ਨੂੰ ਯਾਦਗਾਰੀ ਚਿੰਨ ਭੇਟ ਕਰਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸੁਖਜੀਤ ਸਿੰਘ ਚੇਅਰਮੈਨ, ਸੰਦੀਪ ਕੰਮੇਆਣਾ ਬਲਾਕ ਪ੍ਰਧਾਨ,ਬੱਬੂ ਮਚਾਕੀ ਯੂਥ ਆਗੂ,ਪ੍ਰੀਤਮ ਸਿੰਘ ਸਰਪੰਚ, ਸੰਦੀਪ ਅੰਗਰੋਈਆ ਅਤੇ ਹੋਰ ਹਾਜ਼ਰ ਸਨ।

# ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਵਲੋਂ ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧਾਉਣ ਦੀ ਮੁਹਿੰਮ ਦੇ ਦੂਜੇ ਦਿਨ ਦਾ ਪਿੰਡ ਸੰਧਵਾਂ ਤੋਂ ਆਗਾਜ਼



ਕੋਟਕਪੂਰਾ, 23 ਫਰਵਰੀ (ਪੋਸਟ ਬਿਊਰੋ): ਸਰਕਾਰੀ ਸਕੂਲਾਂ ਵਿੱਚ ਦਾਖਲਾ ਵਧਾਉਣ ਸਬੰਧੀ ਚਲਾਈ ਜਾ ਰਹੀ ਜਾਗਰੂਕਤਾ ਵੈਨ ਨੂੰ ਕੋਟਕਪੂਰਾ ਵਿਖੇ ਪੁਹੰਚਣ ਤੇ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਨੇ ਹਰੀ ਝੰਡੀ ਵਿਖਾ ਕੇ ਹਲਕੇ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਰਵਾਨਾ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ ਪੀ.ਆਰ.ਓ ਟੂ ਸਪੀਕਰ ਸ. ਮਨਪ੍ਰੀਤ ਸਿੰਘ ਧਾਲੀਵਾਲ ਵੀ ਮੌਜੂਦ ਸਨ।

ਇਸ ਮੌਕੇ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਵੱਲੋਂ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਸ਼ਲਾਘਾ ਕੀਤੀ ਤੇ ਮੁਹਿੰਮ ਵਿੱਚ ਸ਼ਾਮਿਲ ਮਾਪਿਆ ਦੀ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਵੱਲੋਂ ਸਰਕਾਰੀ ਸਕੂਲਾਂ ਨੂੰ ਅਪਗ੍ਰੇਡ ਕੀਤਾ ਜਾ ਰਿਹਾ ਹੈ ਅਤੇ ਹੁਣ ਪ੍ਰਾਈਵੇਟ ਸਕੂਲਾਂ ਵਾਂਗ ਸਰਕਾਰੀ ਸਕੂਲਾਂ ਵਿੱਚ ਵੀ ਵਧੀਆ ਸਹੂਲਤਾਂ ਬੱਚਿਆ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਆਪਣੇ ਬੱਚਿਆ ਨੂੰ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ।

ਇਸ ਮੌਕੇ ਮਨਪ੍ਰੀਤ ਸਿੰਘ ਧਾਲੀਵਾਲ ਵੱਲੋਂ ਪੰਜਾਬ ਸਰਕਾਰ ਦੁਆਰਾ ਸਿੱਖਿਆ ਵਿਭਾਗ ਵਿੱਚ ਕੀਤੇ ਜਾ ਰਹੇ ਕੰਮਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਜਿਲ੍ਹਾ ਸਿੱਖਿਆ ਅਫਸਰ ਮੈਡਮ ਨੀਲਮ ਰਾਣੀ, ਅਤੇ ਉਪ ਜਿਲ੍ਹਾ ਸਿੱਖਿਆ ਅਫਸਰ ਫਰੀਦਕੋਟ ਪਵਨ ਕੁਮਾਰ ਨੇ ਵੀ ਮਾਪਿਆ ਨੂੰ ਆਪਣੇ ਬੱਚੇ ਵੱਧ ਤੋਂ ਵੱਧ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਉਣ ਦੀ ਅਪੀਲ ਕੀਤੀ ਗਈ।

ਇਸ ਮੌਕੇ ਪ੍ਰਿ. ਅੰਜਨਾ ਕੌਸ਼ਲ ਭਾਈ ਕਿਸ਼ਨ ਸਿੰਘ ਸੀਨੀਅਰ ਸੈਕੰਡਰੀ ਸਕੂਲ ਸੰਧਵਾਂ, ਜਗਤਾਰ ਸਿੰਘ ਬੀ.ਪੀ.ਈ.ਓ ਫਰੀਦਕੋਟ-2, ਸੁਰਜੀਤ ਸਿੰਘ ਬੀ.ਪੀ.ਈ.ਓ ਕੋਟਕਪੂਰਾ ਅਤੇ ਸੰਜੀਵ ਮਿੱਤਲ ਕੋਆਰਡੀਨੇਟਰ ਟੀਮ ਅਤੇ ਸਮੂਹ ਬੀ.ਐਮ.ਟੀਜ਼ ਹਾਜ਼ਰ ਸਨ।

# ਸੱਤਵਾਂ ਹਰਭਜਨ ਹਲਵਾਰਵੀ ਯਾਦਗਾਰੀ ਸਾਹਿੱਤਕ ਸਮਾਰੋਹ 12 ਮਾਰਚ ਨੂੰ ਗੁਰੂ ਰਾਮ ਦਾਸ ਕਾਲਿਜ ਹਲਵਾਰਾ ਵਿਖੇ ਹੋਵੇਗਾ

ਲੁਧਿਆਣਾ, 23 ਫ਼ਰਵਰੀ ( ਗਿਆਨ ਸਿੰਘ): ਇੰਡੋਜ਼ ਪੰਜਾਬੀ ਸਾਹਿਤ ਅਕੈਡਮੀ ਆਫ ਆਸਟਰੇਲੀਆ (ਇਪਸਾ) ਅਤੇ ਕਾਮਰੇਡ ਰਤਨ ਸਿੰਘ ਹਲਵਾਰਾ ਆਲਮੀ ਸਾਹਿਤ ਕਲਾ ਕੇਂਦਰ ਵੱਲੋਂ ਪੰਜਾਬੀ ਲੇਖਕ ਤੇ ਪੱਤਰਕਾਰ ਹਰਭਜਨ ਹਲਵਾਰਵੀ ਯਾਦਗਾਰੀ ਸਾਹਿਤਕ ਸਮਾਗਮ 12 ਮਾਰਚ ਦਿਨ ਐਤਵਾਰ ਨੂੰ ਸਵੇਰੇ 10.30 ਵਜੇ ਆਰੰਭ ਕਰਵਾਇਆ ਜਾਵੇਗਾ।

ਇਹ ਜਾਣਕਾਰੀ ਦੇਂਦਿਆਂ ਮੁੱਖ ਪ੍ਰਬੰਧਕ ਦਲਬੀਰ ਸਿੰਘ ਹਲਵਾਰਵੀ ਤੇ ਸਰਬਜੀਤ ਸੋਹੀ (ਆਸਟਰੇਲੀਆ)ਨੇ ਦੱਸਿਆ ਕਿ ਇਸ ਵਾਰ ਸੱਤਵਾਂ ਹਰਭਜਨ ਹਲਵਾਰਵੀ ਯਾਦਗਾਰੀ ਪੁਰਸਕਾਰ ਨਾਮਵਰ ਪੰਜਾਬੀ ਲੇਖਕ ਡਾ. ਅਨੂਪ ਸਿੰਘ ਬਟਾਲਾ ਨੂੰ ਦਿੱਤਾ ਜਾਵੇਗਾ। ਡਾ. ਅਨੂਪ ਸਿੰਘ ਵਾਰਤਕ ਸਿਰਜਣਾ ਅਤੇ ਆਲੋਚਨਾ ਦੇ ਖੇਤਰ ਵਿਚ ਜ਼ਿਕਰਯੋਗ ਯੋਗਦਾਨ ਪਾਉਣ ਤੋਂ ਇਲਾਵਾ ਗੁਰਮਤਿ ਫ਼ਲਸਫ਼ੇ ਅਤੇ ਮਾਰਕਸਵਾਦੀ ਫ਼ਲਸਫ਼ੇ ਦੀ ਸਿਧਾਂਤਕ ਸਹਿਯਾਤਰਾ ਨੂੰ ਸਮਝਣ ਸਮਝਾਉਣ ਵਾਲੀ ਪਹੁੰਚ ਰੱਖਣ ਵਾਲੇ



ਵਿਦਵਾਨ ਹਨ। ਡਾਃ ਅਨੂਪ ਸਿੰਘ ਨੇ ਹੁਣ ਤੀਕ 44 ਮੌਲਿਕ ਅਤੇ ਸੰਪਾਦਿਤ ਪੁਸਤਕਾਂ ਪੰਜਾਬੀ ਸਾਹਿਤ ਦੀ ਝੋਲੀ ਵਿਚ ਪਾਈਆਂ ਹਨ। ਇਸ ਪੁਰਸਕਾਰ ਵਿਚ ਉਨ੍ਹਾਂ ਨੂੰ 21 ਹਜ਼ਾਰ ਰੁਪੈ ਦੀ ਰਾਸ਼ੀ, ਦੁਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਂਟ ਕੀਤਾ ਜਾਵੇਗਾ। ਇਸ ਸਮਾਗਮ ਦੇ ਮੁੱਖ ਮਹਿਮਾਨ ਸਿਰਮੌਰ ਪੰਜਾਬੀ ਲੇਖਕ ਤੇ ਹਲਵਾਰਵੀ ਜੀ ਦੇ ਨਿਕਟ ਸਨੇਹੀ ਡਾ. ਵਰਿਆਮ ਸਿੰਘ ਸੰਧੂ ਹੋਣਗੇ। ਸਮਾਗਮ ਵਿੱਚ ਸੰਸਥਾ ਦੇ ਮੁੱਖ ਸਲਾਹਕਾਰ ਪ੍ਰੋ. ਗੁਰਭਜਨ ਸਿੰਘ ਗਿੱਲ ਵੀ ਪੁੱਜਣਗੇ।


ਸਰਬਜੀਤ ਸੋਹੀ ਨੇ ਦੱਸਿਆ ਕਿ ਹਰ ਸਾਲ ਕਰਵਾਏ ਜਾਂਦੇ ਵਿਸ਼ੇਸ਼ ਕਾਮਰੇਡ ਰਤਨ ਸਿੰਘ ਹਲਵਾਰਾ ਯਾਦਗਾਰੀ ਭਾਸ਼ਨ ਤਹਿਤ ਪੰਜਾਬੀ ਦੇ ਨਾਮਵਰ ਚਿੰਤਕ ਡਾ. ਹਰਿਭਜਨ ਸਿੰਘ ਭਾਟੀਆ ਸਾਬਕਾ ਡੀਨ, ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਆਪਣੇ ਵਿਚਾਰ ਰੱਖਣਗੇ। ਵਿਸ਼ੇਸ਼ ਭਾਸ਼ਨ ਦਾ ਵਿਸ਼ਾ 'ਪੰਜਾਬੀ ਸਾਹਿਤ ਦੇ ਮਾਨਵੀ ਸਰੋਕਾਰ ਅਤੇ ਵਰਤਮਾਨ ਸੰਕਟ' ਹੋਵੇਗਾ।

ਇਹ ਸਮਾਗਮ ਸ੍ਰੀ ਗੁਰੂ ਰਾਮਦਾਸ ਕਾਲਜ ਆਫ਼ ਐਜੂਕੇਸ਼ਨ ਪੱਖੋਵਾਲ ਰੋਡ ਹਲਵਾਰਾ ਵਿਖੇ ਪ੍ਰਿੰਸੀਪਲ ਰਣਜੀਤ ਸਿੰਘ ਧਾਲੀਵਾਲ ਡਾਇਰੈਕਟਰ ਸਾਹਿਬ ਦੀ ਦੇਖ ਰੇਖ ਹੇਠ ਕਰਵਾਇਆ ਜਾ ਰਿਹਾ ਹੈ। ਮੰਚ ਸੰਚਾਲਨ ਪੰਜਾਬੀ ਕਵੀ ਪ੍ਰਭਜੋਤ ਸਿੰਘ ਸੋਹੀ ਵੱਲੋਂ ਕੀਤਾ ਜਾਵੇਗਾ।

ਸੰਸਥਾ ਦੇ ਮੁੱਖ ਪ੍ਰਬੰਧਕ ਡਾ. ਨਿਰਮਲ ਸਿੰਘ ਜੌੜਾ ਨੇ ਦੱਸਿਆ ਕਿ ਇਸ ਵਾਰ ਕਰਵਾਏ ਜਾਣ ਵਾਲੇ ਕਵੀ ਦਰਬਾਰ ਦੀ ਪ੍ਰਧਾਨਗੀ ਹਰਭਜਨ ਹਲਵਾਰਵੀ ਜੀ ਦੇ ਨਿਕਟ ਸਮਕਾਲੀ ਕਵੀ ਡਾ. ਸੁਰਿੰਦਰ ਗਿੱਲ ਕਰਨਗੇ।

ਇਸ ਵਾਰ ਕਵੀ ਦਰਬਾਰ ਵਿੱਚ ਦਰਸ਼ਨ ਬੁੱਟਰ ,ਰਵਿੰਦਰ ਭੱਠਲ ,ਡਾ. ਲਖਵਿੰਦਰ ਸਿੰਘ ਜੌਹਲ, ਸੁਰਿੰਦਰ ਸਿੰਘ ਸੁੰਨੜ,ਮਨਜੀਤ ਇੰਦਰਾ,ਸੁਖਵਿੰਦਰ ਅੰਮ੍ਰਿਤ, ਮਨਜਿੰਦਰ ਧਨੋਆ,ਤਰਲੋਚਨ ਲੋਚੀ, ਰਾਜਦੀਪ ਸਿੰਘ ਤੂਰ ,ਪਾਲੀ ਖ਼ਾਦਿਮ,ਡਾਃ ਦੇਵਿੰਦਰ ਦਿਲਰੂਪ, ਹਰਮੀਤ ਵਿਦਿਆਰਥੀ, ਕੁਲਦੀਪ ਜਲਾਲਾਬਾਦ, ਸੁਖਜਿੰਦਰ,ਸੁਖਦੇਵ ਭੱਟੀ, ਮਨਜੀਤ ਪੁਰੀ ,ਕੁਮਾਰ ਜਗਦੇਵ,ਜੈਨਿੰਦਰ ਚੌਹਾਨ ,ਬਲਵਿੰਦਰ ਸੰਧੂ,ਗੁਰਚਰਨ ਪੱਬਾਰਾਲੀ ,ਤੇਜਵਿੰਦਰ ਬਰਾੜ ਤੇ ਸੁਖਦੀਪ ਬਿਰਧਨੋ ਆਪਣੀਆਂ ਰਚਨਾਵਾਂ ਪੇਸ਼ ਕਰਨਗੇ।

ਹਰਭਜਨ ਹਲਵਾਰਵੀ ਪਰਿਵਾਰ ਵੱਲੋਂ ਉਹਨਾਂ ਦੀ ਜੀਵਨ ਸਾਥਣ ਪ੍ਰੋਃ ਪ੍ਰਿਤਪਾਲ ਕੌਰ ਹਲਵਾਰਵੀ, ਭਰਾਤਾ ਡਾ. ਨਵਤੇਜ ਸਿੰਘ ਹਲਵਾਰਵੀ ਵੀ ਇਸ ਸਮਾਗਮ ਵਿਚ ਸ਼ਮੂਲੀਅਤ ਕਰਨਗੇ। ਇਸ ਸਮਾਗਮ ਨੂੰ ਮਾਲਵਾ ਟੀ ਵੀ ਵੱਲੋਂ ਲਾਈਵ ਟੈਲੀਕਾਸਟ ਕੀਤਾ ਜਾਵੇਗਾ।







## ਦਿੱਲੀ ਨਗਰ ਨਿਗਮ ਚੋਣ: ਆਪ ਦੀ ਸ਼ੈਲੀ ਓਬਰਾਏ ਬਣੇ ਦਿੱਲੀ ਦੇ ਨਵੇਂ ਮੇਅਰ ਤੇ ਆਲੇ ਮੁਹੰਮਦ ਇਕਬਾਲ ਬਣੇ ਡਿਪਟੀ ਮੇਅਰ



ਨਵੀਂ ਦਿੱਲੀ, 23 ਫਰਵਰੀ (ਪੋਸਟ ਬਿਊਰੋ): ਦਿੱਲੀ ਨਗਰ ਨਿਗਮ (ਐੱਮ.ਸੀ.ਡੀ.) ਵਿਚ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦੇ ਲਈ ਚੋਣ ਪੂਰੀ ਹੋ ਗਈ ਹੈ। ਆਮ ਆਦਮੀ ਪਾਰਟੀ ਦੀ ਉਮੀਦਵਾਰ ਸ਼ੈਲੀ ਓਬਰਾਏ ਦਿੱਲੀ ਦੀ ਨਵੀਂ ਮੇਅਰ ਚੁਣੇ ਗਏ ਹਨ। ਇਸ ਦੇ ਨਾਲ ਹੀ ਆਲੇ ਮੁਹੰਮਦ ਇਕਬਾਲ ਦਿੱਲੀ ਦੇ ਨਵੇਂ ਡਿਪਟੀ ਮੇਅਰ ਹੋਣਗੇ। ਸ਼ੈਲੀ ਓਬਰਾਏ ਨੂੰ 150 ਵੋਟਾਂ ਮਿਲੀਆਂ ਜਦਕਿ ਉਨ੍ਹਾਂ ਦੀ ਵਿਰੋਧੀ ਨੂੰ ਰੇਖਾ ਗੁਪਤਾ ਨੂੰ 116 ਵੋਟਾਂ ਪਈਆਂ।

ਮਹੱਤਵਪੂਰਨ ਗੱਲ ਇਹ ਹੈ ਕਿ 4 ਦਸੰਬਰ ਨੂੰ ਹੋਈਆਂ ਐਮਸੀਡੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੇ 134 ਵਾਰਡ ਜਿੱਤੇ ਸਨ, ਜਿਸ ਨਾਲ ਨਗਰ ਨਿਗਮ ਵਿਚ ਭਾਜਪਾ ਦੇ 15 ਸਾਲ ਪੁਰਾਣੇ ਸ਼ਾਸਨ ਦਾ ਅੰਤ ਹੋਇਆ ਸੀ। ਭਾਜਪਾ 104 ਵਾਰਡਾਂ ਵਿੱਚ ਜਿੱਤ ਨਾਲ ਦੂਜੇ ਸਥਾਨ 'ਤੇ ਰਹੀ। 250 ਮੈਂਬਰੀ ਨਿਗਮ ਹਾਊਸ ਵਿਚ ਕਾਂਗਰਸ ਨੇ ਨੌਂ ਸੀਟਾਂ ਜਿੱਤੀਆਂ ਸਨ। ਮੇਅਰ ਦੀ ਚੋਣ ਜਿੱਤਣ ਤੋਂ ਬਾਅਦ ਸ਼ੈਲੀ ਓਬਰਾਏ ਨੇ ਸੀਐਮ ਕੇਜਰੀਵਾਲ, ਡਿਪਟੀ ਸੀਐਮ ਮਨੀਸ਼ ਸਿਸੋਦੀਆ, ਕੌਂਸਲਰਾਂ ਅਤੇ ਸੁਪਰੀਮ ਕੋਰਟ ਦੇ ਨਾਲ-ਨਾਲ ਚੀਫ ਜਸਟਿਸ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ, "ਕੱਲ੍ਹ ਤੋਂ ਹੀ ਕੰਮ ਸ਼ੁਰੂ ਕਰ ਦੇਵਾਂਗੇ। ਕੂੜਾ ਚੁੱਕਣ ਦਾ ਕੰਮ ਸ਼ੁਰੂ ਹੋ ਜਾਵੇਗਾ।'

ਭਾਜਪਾ ਦੇ ਕੌਂਸਲਰਾਂ, ਸੰਸਦ ਮੈਂਬਰਾਂ ਅਤੇ ਇਕ ਨਾਮਜ਼ਦ ਵਿਧਾਇਕ ਸਮੇਤ ਉਨ੍ਹਾਂ ਦੀ ਕੁੱਲ ਗਿਣਤੀ 113 ਸੀ, ਜਦਕਿ ਉਨ੍ਹਾਂ ਨੂੰ 116 ਵੋਟਾਂ ਮਿਲੀਆਂ। ਕਾਂਗਰਸ ਨੇ ਵੋਟਿੰਗ ਦਾ ਬਾਈਕਾਟ ਕੀਤਾ ਸੀ ਪਰ ਕਾਂਗਰਸ ਦੇ 9 ਕੌਂਸਲਰਾਂ ਵਿਚੋਂ ਇੱਕ ਸ਼ੀਤਲ ਨੇ ਵੋਟਿੰਗ ਵਿਚ ਹਿੱਸਾ ਲਿਆ।

## ਹੈਦਰਾਬਾਦ ਹਵਾਈ ਅੱਡੇ 'ਤੇ 23 ਔਰਤਾਂ ਕੋਲੋਂ 7.89 ਕਰੋੜ ਰੁਪਏ ਦਾ ਸੋਨਾ ਜ਼ਬਤ



ਹੈਦਰਾਬਾਦ, 23 ਫਰਵਰੀ (ਪੋਸਟ ਬਿਊਰੋ):ਹੈਦਰਾਬਾਦ ਦੇ ਰਾਜੀਵ ਗਾਂਧੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਕਸਟਮ ਅਧਿਕਾਰੀਆਂ ਨੇ ਸੂਡਾਨ ਤੋਂ ਸ਼ਾਰਜਾਹ ਦੇ ਰਸਤੇ ਪਹੁੰਚੀਆਂ 23 ਮਹਿਲਾ ਯਾਤਰੀਆਂ ਤੋਂ 7.89 ਕਰੋੜ ਰੁਪਏ ਦੇ ਸੋਨੇ ਦੇ ਗਹਿਣੇ ਬਰਾਮਦ ਕੀਤੇ ਹਨ। ਅਧਿਕਾਰੀਆਂ ਨੇ ਵੀਰਵਾਰ ਨੂੰ ਇਹ ਜਾਣਕਾਰੀ ਦਿੱਤੀ। ਬੁੱਧਵਾਰ ਨੂੰ ਏਅਰਪੋਰਟ 'ਤੇ ਸਾਰੀਆਂ ਔਰਤਾਂ ਅਤੇ ਉਨ੍ਹਾਂ ਦੇ ਸਮਾਨ ਦੀ ਤਲਾਸ਼ੀ ਲੈਣ 'ਤੇ ਕੁੱਲ 14,906.3 ਗ੍ਰਾਮ ਸੋਨਾ ਬਰਾਮਦ ਹੋਇਆ। ਇਸ ਵਿੱਚ 14,415 ਗ੍ਰਾਮ 22 ਕੈਰੇਟ ਸੋਨਾ ਅਤੇ 491 ਗ੍ਰਾਮ 24 ਕੈਰੇਟ ਸੋਨਾ ਸ਼ਾਮਲ ਹੈ।

ਅਧਿਕਾਰੀਆਂ ਨੇ ਦੱਸਿਆ ਕਿ ਵੱਖ-ਵੱਖ ਯਾਤਰੀਆਂ ਤੋਂ ਬਰਾਮਦ ਕੀਤੀ ਗਈ ਮਾਤਰਾ ਦੇ ਆਧਾਰ 'ਤੇ, ਉਨ੍ਹਾਂ 'ਚੋਂ ਚਾਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ ਅਤੇ ਅੱਗੇ ਦੀ ਜਾਂਚ ਕੀਤੀ ਜਾ ਰਹੀ ਹੈ। ਯਾਤਰੀਆਂ ਨੇ ਸੋਨੇ ਦੇ ਗਹਿਣੇ ਆਪਣੀ ਜੁੱਤੀ ਵਿੱਚ ਛੁਪਾ ਲਏ ਸਨ। ਇਸ ਸਾਲ ਹਵਾਈ ਅੱਡੇ 'ਤੇ ਸੋਨੇ ਦੀ ਇਹ ਸਭ ਤੋਂ ਵੱਡੀ ਖੇਪ ਹੈ। ਇਸ ਤੋਂ ਪਹਿਲਾਂ 11 ਜਨਵਰੀ ਨੂੰ ਕਸਟਮ ਅਧਿਕਾਰੀਆਂ ਨੇ ਦੁਬਈ ਤੋਂ ਆਉਣ ਵਾਲੇ ਇੱਕ ਯਾਤਰੀ ਕੋਲੋਂ 33.57 ਲੱਖ ਰੁਪਏ ਮੁੱਲ ਦਾ 583.11 ਗ੍ਰਾਮ ਸੋਨਾ ਜ਼ਬਤ ਕੀਤਾ ਸੀ। ਉਸ ਨੇ ਸੈਲੋਟੇਪ ਮੋਬਾਈਲ ਦੇ ਕਵਰ ਵਿੱਚ ਸੋਨੇ ਦੀਆਂ ਬਾਰਾਂ ਲੁਕਾ ਦਿੱਤੀਆਂ ਸਨ। ਦੂਜੇ ਪਾਸੇ 6 ਜਨਵਰੀ ਨੂੰ ਦੁਬਈ ਤੋਂ ਆਏ ਚਾਰ ਯਾਤਰੀਆਂ ਕੋਲੋਂ 77.02 ਲੱਖ ਰੁਪਏ ਦਾ ਸੋਨਾ ਜ਼ਬਤ ਕੀਤਾ ਗਿਆ ਸੀ। ਰਿਪੋਰਟਾਂ ਮੁਤਾਬਕ ਇਕ ਦਿਨ ਪਹਿਲਾਂ ਹੀ ਕਸਟਮ ਅਧਿਕਾਰੀਆਂ ਨੇ ਦੁਬਈ ਤੋਂ ਆਏ ਇਕ ਯਾਤਰੀ ਕੋਲੋਂ 27.78 ਲੱਖ ਰੁਪਏ ਦਾ ਸੋਨਾ ਜ਼ਬਤ ਕੀਤਾ ਸੀ। ਇਸ ਤੋਂ ਇਲਾਵਾ 1 ਜਨਵਰੀ ਨੂੰ ਦੁਬਈ ਤੋਂ ਆ ਰਹੇ ਇਕ ਯਾਤਰੀ ਕੋਲੋਂ 16 ਲੱਖ ਰੁਪਏ ਦਾ ਸੋਨਾ ਜ਼ਬਤ ਕੀਤਾ ਗਿਆ ਸੀ।

## ਜਾਸੂਸੀ ਸਕੈਂਡਲ ਵਿਚ 'ਆਪ' ਦਫਤਰ ਦੇ ਬਾਹਰ ਭਾਜਪਾ ਦਾ ਹੰਗਾਮਾ, ਸਿਸੋਦੀਆ ਦੇ ਅਸਤੀਫੇ ਦੀ ਕੀਤੀ ਮੰਗ

* ਕਈ ਨੇਤਾਵਾਂ ਨੂੰ ਕੀਤਾ ਗਿਆ ਗ੍ਰਿਫਤਾਰ



ਨਵੀਂ ਦਿੱਲੀ, 23 ਫਰਵਰੀ (ਪੋਸਟ ਬਿਊਰੋ): ਜਿੱਥੇ ਦੇਰ ਰਾਤ ਦਿੱਲੀ ਐਮਸੀਡੀ ਵਿੱਚ ਆਮ ਆਦਮੀ ਪਾਰਟੀ ਅਤੇ ਬੀਜੇਪੀ ਦੇ ਕੌਂਸਲਰਾਂ ਵਿਚਾਲੇ ਹੱਥੋਪਾਈ ਹੋਈ, ਉੱਥੇ ਹੀ ਅੱਜ ਭਾਜਪਾ ਜਾਸੂਸੀ ਮਾਮਲੇ ਨੂੰ ਲੈ ਕੇ ਦਿੱਲੀ ਦੇ ਡਿਪਟੀ ਸੀਐਮ ਮਨੀਸ਼ ਸਿਸੋਦੀਆ ਖ਼ਿਲਾਫ਼ ਪ੍ਰਦਰਸ਼ਨ ਕਰ ਰਹੀ ਹੈ। ਆਮ ਆਦਮੀ ਪਾਰਟੀ ਦਫ਼ਤਰ ਦੇ ਬਾਹਰ ਧਰਨਾ ਦਿੰਦੇ ਹੋਏ ਭਾਜਪਾ ਵਰਕਰ ਜਾਸੂਸੀ ਮਾਮਲੇ ਦੇ ਮੁਲਜ਼ਮ ਮਨੀਸ਼ ਸਿਸੋਦੀਆ ਖਿਲਾਫ ਨਾਅਰੇਬਾਜ਼ੀ ਕਰ ਰਹੇ ਹਨ। ਭਾਜਪਾ ਵਰਕਰ ਮਨੀਸ਼ ਸਿਸੋਦੀਆ ਦੇ ਅਸਤੀਫੇ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਕਰ ਰਹੇ ਹਨ। ਇਸ ਦੌਰਾਨ ਭਾਜਪਾ ਵਰਕਰਾਂ ਦੀ ਪੁਲਸ ਨਾਲ ਝੜਪ ਵੀ ਹੋਈ। ਇਸ ਪ੍ਰਦਰਸ਼ਨ ਦੌਰਾਨ ਮਨੋਜ ਤਿਵਾੜੀ, ਵਰਿੰਦਰ ਸਚਦੇਵਾ, ਰਾਮਵੀਰ ਸਿੰਘ ਬਿਧੂੜੀ ਸਮੇਤ ਦਿੱਲੀ ਭਾਜਪਾ ਦੇ ਕਈ ਨੇਤਾਵਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ।

2015 ਵਿੱਚ ਆਮ ਆਦਮੀ ਪਾਰਟੀ (ਆਪ) ਦੇ ਸੱਤਾ ਵਿੱਚ ਆਉਣ ਤੋਂ ਬਾਅਦ ਬਣਾਈ ਗਈ ਫੀਡਬੈਕ ਯੂਨਿਟ (ਐਫਬੀਯੂ) ਦੁਆਰਾ ਨੇਤਾਵਾਂ ਦੀ "ਜਾਸੂਸੀ" ਦੇ ਦੋਸ਼ਾਂ ਨੂੰ ਲੈ ਕੇ ਭਾਜਪਾ ਸਿਸੋਦੀਆ ਵਿਰੁੱਧ ਅੰਦੋਲਨ ਕਰ ਰਹੀ ਹੈ। ਭਾਜਪਾ ਆਗੂ ਮਨੀਸ਼ ਸਿਸੋਦੀਆ ਦੇ ਅਸਤੀਫੇ ਦੀ ਮੰਗ ਕਰ ਰਹੇ ਹਨ। ਇਸ ਤੋਂ ਪਹਿਲਾਂ ਵੀ ਭਾਜਪਾ ਆਗੂ ਤੇ ਵਰਕਰ ਦਿੱਲੀ ਸਕੱਤਰੇਤ ਨੇੜੇ ਪ੍ਰਦਰਸ਼ਨ ਕਰ ਚੁੱਕੇ ਹਨ।

ਦਰਅਸਲ, ਸੀਬੀਆਈ ਨੇ ਆਪਣੀ ਇੱਕ ਸ਼ੁਰੂਆਤੀ ਜਾਂਚ ਵਿੱਚ ਪਾਇਆ ਹੈ ਕਿ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਦਿੱਲੀ ਸਰਕਾਰ ਦੁਆਰਾ ਗਠਿਤ ਫੀਡਬੈਕ ਯੂਨਿਟ (ਐਫਬੀਯੂ) ਨੇ ਕਥਿਤ ਤੌਰ 'ਤੇ "ਸਿਆਸੀ ਖੁਫੀਆ ਜਾਣਕਾਰੀ" ਇਕੱਠੀ ਕੀਤੀ ਸੀ। ਸੀਬੀਆਈ ਨੇ ਇਸ ਮਾਮਲੇ ਵਿੱਚ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਖ਼ਿਲਾਫ਼ ਐਫਆਈਆਰ ਦਰਜ ਕਰਨ ਦੀ ਸਿਫ਼ਾਰਸ਼ ਕੀਤੀ ਹੈ। ਭਾਜਪਾ ਦਾ ਕਹਿਣਾ ਹੈ ਕਿ ਫੀਡਬੈਕ ਯੂਨਿਟ ਦੇ ਪੱਤਰਕਾਰ, ਕਾਰੋਬਾਰੀ ਅਤੇ ਸੀਨੀਅਰ ਅਧਿਕਾਰੀ ਵੀ ਇਸ ਤੋਂ ਅਛੂਤੇ ਨਹੀਂ ਰਹੇ। ਭਾਜਪਾ ਆਗੂਆਂ ਦਾ ਕਹਿਣਾ ਹੈ ਕਿ ਕੇਜਰੀਵਾਲ ਅਤੇ ਸਿਸੋਦੀਆ ਦੇ ਜੇਲ੍ਹ ਜਾਣ ਤੱਕ ਪਾਰਟੀ ਸੰਘਰਸ਼ ਜਾਰੀ ਰੱਖੇਗੀ।

## ਵਪਾਰੀ ਤੋਂ 5.3 ਲੱਖ ਰੁਪਏ ਲੁੱਟਣ ਵਾਲੇ 3 ਪੁਲਿਸ ਮੁਲਾਜ਼ਮ ਗ੍ਰਿਫਤਾਰ

ਕਾਨਪੁਰ, 23 ਫਰਵਰੀ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਕਾਨਪੁਰ 'ਚ ਇਕ ਕਾਰੋਬਾਰੀ ਤੋਂ 5.3 ਲੱਖ ਰੁਪਏ ਦੀ ਲੁੱਟ ਦੇ ਮਾਮਲੇ 'ਚ ਵੀਰਵਾਰ ਨੂੰ ਤਿੰਨ ਪੁਲਸ ਕਰਮਚਾਰੀਆਂ ਨੂੰ ਗ੍ਰਿਫਤਾਰ ਕੀਤਾ ਗਿਆ। ਡਿਪਟੀ ਕਮਿਸ਼ਨਰ ਆਫ਼ ਪੁਲਿਸ (ਪੱਛਮੀ) ਵਿਜੇ ਢੱਲ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਪੁਲਿਸ ਮੁਲਾਜ਼ਮਾਂ ਦੀ ਪਛਾਣ ਸਬ-ਇੰਸਪੈਕਟਰ ਯਤੀਸ਼ ਸਿੰਘ ਅਤੇ ਰੋਹਿਤ ਸਿੰਘ ਅਤੇ ਹੈੱਡ ਕਾਂਸਟੇਬਲ ਅਬਦੁਲ ਰਫ਼ੀ ਵਜੋਂ ਹੋਈ ਹੈ। ਰੋਹਿਤ ਸਿੰਘ ਸਚੇਂਦੀ ਥਾਣੇ ਵਿੱਚ ਤਾਇਨਾਤ ਸਨ, ਜਦੋਂ ਕਿ ਹੋਰ ਪੁਲੀਸ ਮੁਲਾਜ਼ਮ ਡੀਸੀਪੀ (ਪੱਛਮੀ) ਹੈੱਡਕੁਆਰਟਰ ਵਿੱਚ ਤਾਇਨਾਤ ਸਨ।

ਉਨ੍ਹਾਂ ਦੱਸਿਆ ਕਿ ਫੜੇ ਗਏ ਪੁਲੀਸ ਮੁਲਾਜ਼ਮਾਂ ਨੂੰ ਮੁਅੱਤਲ ਕਰ ਦਿੱਤਾ ਗਿਆ ਹੈ। ਉਸ ਨੂੰ ਸ਼ੁੱਕਰਵਾਰ ਨੂੰ ਅਦਾਲਤ ਵਿਚ ਪੇਸ਼ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਆਫ਼ ਪੁਲਿਸ (ਪੱਛਮੀ) ਵਿਜੇ ਢੱਲ ਨੇ ਦੱਸਿਆ ਕਿ ਵਪਾਰੀ ਸਤਿਅਮ ਸ਼ਰਮਾ ਨੇ ਸਚੇਂਦੀ ਥਾਣੇ ਜਾ ਕੇ ਐਸਐਚਓ ਪੀਕੇ ਸਿੰਘ ਨੂੰ ਲੁੱਟ ਦੀ ਸੂਚਨਾ ਦਿੱਤੀ।

ਸ਼ਰਮਾ ਨੇ ਦੋਸ਼ ਲਾਇਆ ਕਿ ਜਦੋਂ ਉਹ ਆਪਣੀ ਕਾਰ 'ਚ ਘਰ ਜਾ ਰਿਹਾ ਸੀ ਤਾਂ ਚਕੇਰੀ ਕੋਲ ਉਸ ਦੀ ਕਾਰ ਨੂੰ ਤਿੰਨ ਵਿਅਕਤੀਆਂ ਨੇ ਰੋਕ ਲਿਆ, ਜਿਨ੍ਹਾਂ 'ਚੋਂ ਇਕ ਵਰਦੀ 'ਚ ਸੀ ਜਦਕਿ ਬਾਕੀ ਸਾਦੇ ਕੱਪੜਿਆਂ 'ਚ ਸਨ। ਸ਼ਰਮਾ ਅਨੁਸਾਰ ਉਨ੍ਹਾਂ ਨੇ ਆਪਣੇ ਆਪ ਨੂੰ ਪੁਲੀਸ ਮੁਲਾਜ਼ਮ ਦੱਸਿਆ ਸੀ। ਉਨ੍ਹਾਂ ਉਸ ਨੂੰ ਝੂਠੇ ਮੁਕੱਦਮੇ ਵਿੱਚ ਫਸਾਉਣ ਦੀ ਧਮਕੀ ਦੇ ਕੇ ਉਸ ਤੋਂ ਪੈਸੇ ਦੀ ਮੰਗ ਕੀਤੀ।

ਕਾਰੋਬਾਰੀ ਦਾ ਦੋਸ਼ ਹੈ ਕਿ ਇਨ੍ਹਾਂ ਪੁਲਸ ਵਾਲਿਆਂ ਨੇ ਉਸ ਤੋਂ 5.3 ਲੱਖ ਰੁਪਏ ਖੋਹ ਲਏ। ਇਸ ਸ਼ਿਕਾਇਤ 'ਤੇ ਤੁਰੰਤ ਕਾਰਵਾਈ ਕਰਦੇ ਹੋਏ ਥਾਣਾ ਇੰਚਾਰਜ ਨੇ ਤੁਰੰਤ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਤਿੰਨਾਂ ਪੁਲਿਸ ਮੁਲਾਜ਼ਮਾਂ ਨੂੰ ਗ੍ਰਿਫਤਾਰ ਕਰ ਲਿਆ। ਜਿਨ੍ਹਾਂ ਖ਼ਿਲਾਫ਼ ਭਾਰਤੀ ਦੰਡਾਵਲੀ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਐਫਆਈਆਰ ਦਰਜ ਕੀਤੀ ਜਾ ਰਹੀ ਹੈ। ਢੱਲ ਨੇ ਦੱਸਿਆ ਕਿ ਮੁਲਜ਼ਮਾਂ ਪੁਲਸ ਮੁਲਾਜ਼ਮਾਂ ਖਿਲਾਫ ਵਿਭਾਗੀ ਜਾਂਚ ਵੀ ਸ਼ੁਰੂ ਕਰ ਦਿੱਤੀ ਗਈ ਹੈ।

## ਬਰਾਤ ਨਿਕਲਣ ਤੋਂ ਪਹਿਲਾਂ ਕਾਰ 'ਚ ਰੱਖੀ ਆਤਿਸ਼ਬਾਜ਼ੀ ਵਿਚ ਧਮਾਕਾ, ਇਕ ਨੌਜਵਾਨ ਦੀ ਮੌਤ, 3 ਜਖਮੀ



ਮੱਧ ਪ੍ਰਦੇਸ਼, 23 ਫਰਵਰੀ (ਪੋਸਟ ਬਿਊਰੋ) : ਮੱਧ ਪ੍ਰਦੇਸ ਦੇ ਦੇਵਾਸ ਵਿਚ ਕਾਰ 'ਚ ਧਮਾਕਾ ਹੋਣ ਕਾਰਨ 20 ਸਾਲਾ ਨੌਜਵਾਨ ਦੀ ਦਰਦਨਾਕ ਮੌਤ ਹੋ ਗਈ। ਇਸ ਦੇ ਨਾਲ ਹੀ ਤਿੰਨ ਲੋਕ ਗੰਭੀਰ ਰੂਪ ਨਾਲ ਝੁਲਸ ਗਏ। ਹਸਪਤਾਲ 'ਚ ਉਸ ਦਾ ਇਲਾਜ ਚੱਲ ਰਿਹਾ ਹੈ। ਦੱਸਿਆ ਗਿਆ ਕਿ ਟਵੇਰਾ ਕਾਰ 'ਚ ਧਮਾਕਾ ਹੋਇਆ। ਗਚਕੁੰਡੀ (ਲੋਹੇ ਦੀ ਲੰਮੀ ਪਾਈਪ ਜਿਸ ਵਿਚ ਪੋਟਾਸ਼ ਭਰ ਕੇ ਬਲਾਸਟ ਕੀਤਾ ਜਾਂਦਾ ਹੈ) ਨੂੰ ਬਰਾਤ ਵਿਚ ਚਲਾਉਣ ਲਈ ਰੱਖਿਆ ਗਿਆ ਸੀ, ਜਿਸ ਵਿਚ ਧਮਾਕੇ ਹੋਏ ਹਨ।

ਧਮਾਕਾ ਇੰਨਾ ਜਬਰਦਸਤ ਸੀ ਕਿ ਕਾਰ ਦੇ ਪਰਖੱਚੇ ਉੱਡ ਗਏ। ਇਸ ਦੀ ਛੱਤ ਫਟ ਗਈ ਅਤੇ ਸੀਟਾਂ ਉਖੜ ਗਈਆਂ। ਥਾਣਾ ਨੇਮਾਵਰ ਮਾਮਲੇ ਦੀ ਜਾਂਚ ਕਰ ਰਹੀ ਹੈ। ਇਸ ਮਾਮਲੇ 'ਚ ਲਾੜੇ ਦੇ ਪਿਤਾ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

ਜਾਣਕਾਰੀ ਅਨੁਸਾਰ ਜ਼ਿਲੇ ਦੇ ਸਿਰੇ 'ਤੇ ਸਥਿਤ ਨੇਮਾਵਾੜ ਦੇ ਰਹਿਣ ਵਾਲੇ ਬਾਂਦਰ ਗੁਰਜਰ ਦਾ ਵਿਆਹ ਸੀ। ਬਰਾਤ ਵਿਚ ਜਾਣ ਵਾਲੇ ਵਾਹਨਾਂ ਵਿਚ ਟਵੇਰਾ ਕਾਰ ਵੀ ਮੌਜੂਦ ਸੀ। ਵਿਆਹ ਸਮਾਗਮ ਦੀਆਂ ਤਿਆਰੀਆਂ ਚੱਲ ਰਹੀਆਂ ਸਨ ਕਿ ਟਵੇਰਾ ਕਾਰ ਵਿੱਚ ਜੋਰਦਾਰ ਧਮਾਕਾ ਹੋ ਗਿਆ। ਘਟਨਾ ਸਮੇਂ ਕਾਰ 'ਚ 20 ਸਾਲਾ ਸਾਵਨ ਸ਼ਰਮਾ ਦੇ ਪਿਤਾ ਦੀਪਕ ਸ਼ਰਮਾ, 18 ਸਾਲਾ ਸ਼ੁਭਮ ਦੇ ਪਿਤਾ ਰਮੇਂਦਰ ਗੁਰਜਰ, 15 ਸਾਲਾ ਨਿਖਿਲ ਦੇ ਪਿਤਾ ਦਿਨੇਸ ਗੁਰਜਰ ਅਤੇ 15 ਸਾਲਾ ਲੱਕੀ ਦੇ ਪਿਤਾ ਗੋਪਾਲ ਗੁਰਜਰ ਮੌਜੂਦ ਸਨ। ਧਮਾਕਾ ਹੁੰਦੇ ਹੀ ਇਲਾਕੇ ਵਿਚ ਹਫੜਾ-ਦਫੜੀ ਮਚ ਗਈ। ਦੇਖਿਆ ਕਿ ਕਾਰ ਦੀ ਛੱਤ ਫਟ ਗਈ ਸੀ ਅਤੇ ਚਾਰੇ ਲੜਕੇ ਬੁਰੀ ਤਰ੍ਹਾਂ ਸੜ ਗਏ ਸਨ।

## 16 ਮਹੀਨੇ ਦੇ ਬੱਚੇ ਨੂੰ ਅਗਵਾ ਕਰਨ ਵਾਲੇ ਗ੍ਰਿਫ਼ਤਾਰ



ਪਟਨਾ, 23 ਫਰਵਰੀ (ਪੋਸਟ ਬਿਊਰੋ) : ਪਟਨਾ 'ਚ ਅਗਵਾ ਦਾ ਅਜਿਹਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨੂੰ ਸੁਣ ਕੇ ਹਰ ਕੋਈ ਹੈਰਾਨ ਰਹਿ ਗਿਆ। ਇੱਥੇ ਕੁਝ ਰੁਪਏ ਲਈ 16 ਮਹੀਨੇ ਦੇ ਬੱਚੇ ਨੂੰ ਅਗਵਾ ਕਰ ਲਿਆ ਗਿਆ। ਮਾਮਲਾ ਪੁਲਿਸ ਕੋਲ ਆਇਆ ਤਾਂ ਪੁਲਿਸ ਨੇ ਸਿਰਫ 2 ਘੰਟਿਆਂ 'ਚ ਬੱਚੇ ਨੂੰ ਅਗਵਾ ਕਰਨ ਵਾਲੇ ਭਰਾ-ਭੈਣ ਨੂੰ ਗ੍ਰਿਫਤਾਰ ਕਰ ਲਿਆ। ਬੱਚੇ ਨੂੰ ਵੀ ਉਨ੍ਹਾਂ ਤੋਂ ਸੁਰੱਖਿਅਤ ਬਚਾ ਲਿਆ ਗਿਆ। ਪੁਲਸ ਮੁਲਜ਼ਮ ਭਰਾ-ਭੈਣ ਤੋਂ ਪੁੱਛਗਿੱਛ ਕਰ ਰਹੀ ਹੈ।

ਜਾਣਕਾਰੀ ਮੁਤਾਬਕ ਸ਼ਹਿਰ ਦੇ ਕੋਤਵਾਲੀ ਥਾਣਾ ਖੇਤਰ ਵਿਚ ਰਹਿਣ ਵਾਲੀ ਅਨੀਤਾ ਰਾਣੀ ਨਾਂ ਦੀ ਔਰਤ ਨੇ ਕੁਝ ਸਮਾਂ ਪਹਿਲਾਂ ਆਪਣੀ ਬੇਟੀ ਨੂੰ ਰਾਮਕ੍ਰਿਸ਼ਨ ਨਗਰ ਇਲਾਕੇ ਦੇ ਇਕ ਪ੍ਰਾਈਵੇਟ ਸਕੂਲ 'ਚ ਦਾਖਲ ਕਰਵਾਇਆ ਸੀ। ਉਸ ਨੇ ਦਾਖਲੇ ਸਮੇਂ ਸਕੂਲ ਦੀ ਫੀਸ ਵੀ ਜਮ੍ਹਾਂ ਕਰਵਾਈ ਸੀ। ਪਰ ਕੁਝ ਦਿਨਾਂ ਬਾਅਦ ਕਿਸੇ ਕਾਰਣ ਅਨੀਤਾ ਨੇ ਬੇਟੀ ਦਾ ਦਾਖਲਾ ਕੈਂਸਲ ਕਰਵਾ ਦਿੱਤਾ ਅਤੇ ਸਕੂਲ 'ਚ ਜਮ੍ਹਾ ਫੀਸ ਦੀ ਪੂਰੀ ਰਕਮ ਵਾਪਸ ਕਰਨ ਲਈ ਕਿਹਾ। ਸਕੂਲ ਮੈਨੇਜਮੈਂਟ ਵਲੋਂ ਪੂਰੀ ਫੀਸ ਦੀ ਬਜਾਏ ਕੁਝ ਪੈਸੇ ਕੱਟ ਕੇ ਅਨੀਤਾ ਨੂੰ ਵਾਪਸ ਕਰ ਦਿੱਤੇ ਗਏ।

ਹਾਲਾਂਕਿ ਅਨੀਤਾ ਦੀ ਮੰਗ ਪੂਰੀ ਫੀਸ ਵਾਪਸ ਕਰਨ ਦੀ ਸੀ। ਇਸ ਮਾਮਲੇ ਨੂੰ ਲੈ ਕੇ ਉਨ੍ਹਾਂ ਦਾ ਸਕੂਲ ਪ੍ਰਬੰਧਕਾਂ ਨਾਲ ਝਗੜਾ ਵੀ ਹੋਇਆ ਸੀ। ਸਕੂਲ ਪ੍ਰਬੰਧਕਾਂ ਨਾਲ ਸੰਪਰਕ ਕੀਤਾ ਤਾਂ ਉਨ੍ਹਾਂ ਨੇ ਵੀ ਪੂਰੀ ਫੀਸ ਵਾਪਸ ਨਾ ਕਰਨ ਦੀ ਗੱਲ ਕਹੀ।

ਅਨੀਤਾ ਨੂੰ ਫੀਸ ਦੇ ਪੂਰੇ ਪੈਸੇ ਚਾਹੀਦੇ ਸਨ। ਉਸ ਨੇ ਇਹ ਗੱਲ ਆਪਣੇ ਭਰਾ ਆਦਿਤਿਆ ਰਾਜ ਨੂੰ ਦੱਸੀ। ਦੋਵੇਂ ਸਕੂਲ ਪ੍ਰਬੰਧਕ ਦੇ ਘਰ ਪੁੱਜੇ ਅਤੇ ਉਸ ਦੇ 16 ਮਹੀਨੇ ਦੇ ਬੱਚੇ ਨੂੰ ਅਗਵਾ ਕਰਕੇ ਫਰਾਰ ਹੋ ਗਏ। ਇਸ ਤੋਂ ਬਾਅਦ ਪੀੜਤ ਪਰਿਵਾਰ ਨੇ ਥਾਣੇ ਜਾ ਕੇ ਸ਼ਿਕਾਇਤ ਦਰਜ ਕਰਵਾਈ ਸੀ। ਜਿਸ ਤੋਂ ਬਾਅਦ ਮੁਲਜ਼ਮਾਂ ਨੂੰ 2 ਘੰਟਿਆਂ ਦੇ ਵਿਚ ਹੀ ਗ੍ਰਿਫਤਾਰ ਕਰ ਲਿਆ ਗਿਆ।

## ਪਟਵਾਰੀ ਦੇ ਅਹੁਦੇ ਲਈ 6,755 ਖਾਲੀ ਅਸਾਮੀਆਂ, 12,79,000 ਬਿਨੈਕਾਰਾਂ ਵਿਚ ਲੱਖਾਂ ਪੀਐੱਚਡੀ.



ਭੋਪਾਲ, 23 ਫਰਵਰੀ (ਪੋਸਟ ਬਿਊਰੋ) : ਮੱਧ ਪ੍ਰਦੇਸ ਵਿੱਚ ਪਟਵਾਰੀ ਦੀ ਭਰਤੀ ਪ੍ਰੀਖਿਆ ਵਿੱਚ 12 ਲੱਖ ਤੋਂ ਵੱਧ ਲੋਕਾਂ ਨੇ ਛੇ ਹਜਾਰ ਅਸਾਮੀਆਂ ਲਈ ਅਪਲਾਈ ਕੀਤਾ ਹੈ। ਇਨ੍ਹਾਂ ਵਿੱਚ ਇੰਜਨੀਅਰਿੰਗ, ਐਮਬੀਏ ਅਤੇ ਪੀਐਚਡੀ ਡਿਗਰੀ ਧਾਰਕ ਸਾਮਲ ਹਨ। ਇਹ ਚੋਣ ਵਰ੍ਹਾ ਹੈ, ਇਸ ਲਈ ਭਰਤੀ ਚੱਲ ਰਹੀ ਹੈ, ਪਰ ਪੰਜ ਸਾਲ ਪਹਿਲਾਂ ਆਈ ਪਟਵਾਰੀ ਭਰਤੀ ਵਿੱਚ ਸ਼ਾਮਲ ਉਮੀਦਵਾਰਾਂ ਦਾ ਕਹਿਣਾ ਹੈ ਕਿ ਪਿਛਲੀ ਭਰਤੀ ਵਿੱਚ ਕੱਢੀਆਂ ਗਈਆਂ ਸਾਰੀਆਂ 9235 ਅਸਾਮੀਆਂ ਨੂੰ ਨਿਯੁਕਤੀਆਂ ਨਹੀਂ ਦਿੱਤੀਆਂ ਗਈਆਂ।

ਅਜਿਹੇ 'ਚ ਉਮੀਦਵਾਰ ਕੀ ਸੋਚਦੇ ਹਨ, ਇਹ ਜਾਣਨ ਲਈ ਅਸੀਂ ਭੋਪਾਲ ਦੇ ਜਵਾਹਰ ਚੌਕ ਸਥਿਤ ਸਿਵਲ ਸਰਵਿਸ ਕਲੱਬ ਵਿਚ ਸਰਵੇ ਕੀਤਾ ਗਿਆ। ਦੋ ਸੌ ਬੱਚਿਆਂ ਦਾ ਬੈਚ ਹੈ, ਕੁਝ ਯੂਪੀਐੱਸਸੀ ਦੀ ਤਿਆਰੀ ਕਰ ਰਹੇ ਹਨ ਅਤੇ ਕੁਝ ਪੀਐੱਸਸੀ ਦੀ। ਕਈ ਉਮੀਦਵਾਰ ਸਾਲਾਂ ਤੋਂ ਮੱਧ ਪ੍ਰਦੇਸ ਪਬਲਿਕ ਸਰਵਿਸ ਕਮਿਸਨ ਲਈ ਤਿਆਰੀ ਕਰ ਰਹੇ ਹਨ। ਜੇਕਰ ਗੱਲ ਕਰੀਏ ਤਾਂ ਪੀਐਸਸੀ ਵਿੱਚ ਵੀ ਕਈ ਸਾਲਾਂ ਤੋਂ ਪ੍ਰਕਿਰਿਆ ਪੂਰੀ ਨਹੀਂ ਹੋ ਰਹੀ ਹੈ।

ਪ੍ਰਵੀਨ ਨੇ ਇੰਜਨੀਅਰਿੰਗ ਕੀਤੀ ਹੈ, ਉਸ ਦੀ ਉਮਰ 29 ਸਾਲ ਹੈ ਪਟਵਾਰੀ ਦਾ ਇਮਤਿਹਾਨ ਸਾਹਮਣੇ ਹੈ, ਇਸ ਲਈ ਉਸ ਨੇ ਵੀ ਫਾਰਮ ਭਰ ਦਿੱਤਾ ਹੈ। ਉਨ੍ਹਾਂ ਨੂੰ ਪਤਾ ਹੈ ਕਿ ਇਕ ਅਹੁਦੇ ਲਈ 200 ਉਮੀਦਵਾਰਾਂ ਨੂੰ ਟੱਕਰ ਦੇਣੀ ਪਵੇਗੀ। ਉਨ੍ਹਾਂ ਕਿਹਾ, "ਚਾਰ ਸਾਲ ਦੀ ਇਕੱਠੀ ਵੇਕੈਂਸੀ ਕੱਢਣ ਨਾਲੋਂ ਬਿਹਤਰ ਹੈ ਕਿ ਸਾਲ-ਦਰ-ਸਾਲ ਅਸਾਮੀਆਂ ਕੱਢੀਆਂ ਜਾਣ। ਬਹੁਤ ਸਾਰੇ ਲੋਕ ਇਸ ਤੋਂ ਵੱਧ ਉਮਰ ਦੇ ਹੋ ਗਏ ਹਨ। ਅਸੀਂ ਉਨ੍ਹਾਂ ਲਈ ਕੀ ਕਰ ਸਕਾਂਗੇ। ਇਸੇ ਲਈ ਬਹੁਤ ਸਾਰੇ ਉਮੀਦਵਾਰ ਹਨ, ਪਰ ਅਸੀਂ ਕੀ ਕਰ ਸਕਦੇ ਹਾਂ। "ਪਟਵਾਰੀ ਲਈ ਯੋਗਤਾ ਗ੍ਰੈਜੂਏਟ ਹੈ, ਪਰ ਪ੍ਰਵੀਨ ਵਰਗੇ ਕਈ ਪੜ੍ਹੇ-ਲਿਖੇ ਬੇਰੁਜਗਾਰ ਉਮੀਦਵਾਰ ਹਨ, ਜੋ ਜ਼ਿਆਦਾ ਪੜ੍ਹੇ-ਲਿਖੇ ਹੋਣ ਦੇ ਬਾਵਜੂਦ ਪਟਵਾਰੀ ਬਣਨ ਲਈ ਲਾਈਨ ਵਿਚ ਹਨ।

## ਸਾਬਕਾ ਵਿਦਿਆਰਥੀ ਨੇ ਮਹਿਲਾ ਪ੍ਰੋਫੈਸਰ ਨੂੰ ਲਗਾਈ ਅੱਗ, ਹਾਲਤ ਨਾਜ਼ੁਕ



ਇੰਦੌਰ, 23 ਫਰਵਰੀ (ਪੋਸਟ ਬਿਊਰੋ): ਮੱਧ ਪ੍ਰਦੇਸ਼ ਦੇ ਇੰਦੌਰ ਸ਼ਹਿਰ ਦੇ ਦਿਹਾਤੀ ਖੇਤਰ ਸਿਮਰੋਲ 'ਚ ਕਾਲਜ ਦੇ ਸਾਬਕਾ ਵਿਦਿਆਰਥੀ ਨੇ ਵੱਡੀ ਵਾਰਦਾਤ ਨੂੰ ਅੰਜਾਮ ਦਿੰਦੇ ਹੋਏ ਕਾਲਜ ਦੇ ਖੇਤਰ 'ਚ ਇਕ ਮਹਿਲਾ ਪ੍ਰੋਫੈਸਰ ਨੂੰ ਜ਼ਿੰਦਾ ਸਾੜਨ ਦੀ ਕੋਸ਼ਿਸ਼ ਕੀਤੀ। ਇਕ 50 ਸਾਲਾ ਮਹਿਲਾ ਪ੍ਰੋਫੈਸਰ ਨੂੰ ਇੰਦੌਰ ਦੇ ਚੋਥਰਾਮ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਉਹ 80 ਫੀਸਦੀ ਸੜ ਚੁੱਕੀ ਹੈ ਅਤੇ ਉਸ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਪੁਲੀਸ ਅਨੁਸਾਰ ਪੀੜਤ ਪ੍ਰੋਫੈਸਰ ਦੀ ਪਛਾਣ ਵਿਮੁਕਤਾ ਸ਼ਰਮਾ ਵਜੋਂ ਹੋਈ ਹੈ। ਵਿਮੁਕਤਾ ਬੀਐਮ ਕਾਲਜ ਆਫ ਫਾਰਮੇਸੀ ਵਿੱਚ ਕੰਮ ਕਰਦੀ ਹੈ। ਫਿਲਹਾਲ ਪੁਲਿਸ ਨੇ ਇਸ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਮਾਮਲੇ ਦੀ ਜਾਂਚ 'ਚ ਜੁਟੀ ਪੁਲਸ ਮੁਤਾਬਕ ਇਹ ਘਟਨਾ ਸ਼ਾਮ ਕਰੀਬ 4 ਵਜੇ ਸਿਮਰੋਲ ਦੇ ਬੀਐੱਮ ਫਾਰਮੇਸੀ ਕਾਲਜ ਕੈਂਪਸ 'ਚ ਵਾਪਰੀ। ਘਟਨਾ ਦੇ ਸਮੇਂ ਪ੍ਰੋਫੈਸਰ ਵਿਮੁਕਤਾ ਸ਼ਰਮਾ ਕਾਲਜ ਦਾ ਕੰਮ ਖਤਮ ਕਰਕੇ ਘਰ ਲਈ ਨਿਕਲਣ ਵਾਲਹ ਸੀ। ਇਸ ਦੌਰਾਨ ਮਾਰਕਸ਼ੀਟ ਜਾਰੀ ਕਰਨ ਵਿੱਚ ਦੇਰੀ ਨੂੰ ਲੈ ਕੇ ਉਸ ਦੀ ਮੁਲਜ਼ਮ ਆਸ਼ੂਤੋਸ਼ ਨਾਲ ਬਹਿਸ ਹੋ ਗਈ। ਇਸ ਤੋਂ ਬਾਅਦ ਮੁਲਜ਼ਮ ਨੇ ਪ੍ਰੋਫੈਸਰ 'ਤੇ ਪੈਟਰੋਲ ਪਾ ਕੇ ਅੱਗ ਲਗਾ ਦਿੱਤੀ। ਇਸ ਤੋਂ ਪਹਿਲਾਂ ਕਿ ਕੋਈ ਵੀ ਪ੍ਰੋਫੈਸਰ ਨੂੰ ਬਚਾਉਣ ਲਈ ਮਦਦ ਲਈ ਆਉਂਦਾ, ਉਹ ਬੁਰੀ ਤਰ੍ਹਾਂ ਸੜ ਗਈ। ਬਾਅਦ 'ਚ ਉਨ੍ਹਾਂ ਨੂੰ ਜਲਦਬਾਜ਼ੀ 'ਚ ਹਸਪਤਾਲ 'ਚ ਭਰਤੀ ਕਰਵਾਇਆ ਗਿਆ। ਜਿੱਥੇ ਉਸ ਦਾ ਫਿਲਹਾਲ ਇਲਾਜ ਚੱਲ ਰਿਹਾ ਹੈ।

ਪੁਲਸ ਦੀ ਸ਼ੁਰੂਆਤੀ ਜਾਂਚ 'ਚ ਪਤਾ ਲੱਗਾ ਹੈ ਕਿ ਆਸ਼ੂਤੋਸ਼ ਸ਼੍ਰੀਵਾਸਤਵ ਨਾਂ ਦੇ ਸਾਬਕਾ ਵਿਦਿਆਰਥੀ ਨੇ ਇਸ ਵਾਰਦਾਤ ਨੂੰ ਅੰਜਾਮ ਦਿੱਤਾ ਹੈ। ਘਟਨਾ 'ਚ ਆਸ਼ੂਤੋਸ਼ ਵੀ 40 ਫੀਸਦੀ ਝੁਲਸ ਗਿਆ ਸੀ। ਉਸ ਨੂੰ ਵੀ ਇਲਾਜ ਲਈ ਨੇੜੇ ਦੇ ਹਸਪਤਾਲ 'ਚ ਭਰਤੀ ਕਰਵਾਇਆ ਗਿਆ ਹੈ। ਇਕ ਪੁਲਸ ਅਧਿਕਾਰੀ ਨੇ ਦੱਸਿਆ ਕਿ ਅਪਰਾਧ ਕਰਨ ਤੋਂ ਬਾਅਦ ਮੁਲਜ਼ਮ ਨੇ ਨਜ਼ਦੀਕੀ ਝਰਨੇ ਵਿਚ ਛਾਲ ਮਾਰ ਕੇ ਖੁਦਕੁਸ਼ੀ ਕਰਨ ਦੀ ਕੋਸ਼ਿਸ਼ ਵੀ ਕੀਤੀ।

ਪੁਲੀਸ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਮੁਲਜ਼ਮ ਨੇ ਕੁਝ ਮਹੀਨੇ ਪਹਿਲਾਂ ਕਾਲਜ ਦੇ ਇੱਕ ਹੋਰ ਸਟਾਫ਼ ਮੈਂਬਰ 'ਤੇ ਚਾਕੂ ਨਾਲ ਹਮਲਾ ਕੀਤਾ ਸੀ। ਉਸ ਘਟਨਾ ਤੋਂ ਬਾਅਦ ਮੁਲਜ਼ਮ ਨੂੰ ਵੀ ਗ੍ਰਿਫਤਾਰ ਕਰ ਲਿਆ ਗਿਆ। ਉਸ ਮਾਮਲੇ ਵਿਚ ਉਹ ਕੁਝ ਹਫ਼ਤੇ ਪਹਿਲਾਂ ਹੀ ਜ਼ਮਾਨਤ 'ਤੇ ਜੇਲ੍ਹ ਤੋਂ ਬਾਹਰ ਆਇਆ ਹੈ। ਉਸ ਨੇ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਹੀ ਇਸ ਘਟਨਾ ਨੂੰ ਅੰਜਾਮ ਦਿੱਤਾ ਹੈ।

## ਪਟਨਾ 'ਚ 21 ਕਰੋੜ ਦਾ 37 ਕਿਲੋ ਸੋਨਾ ਬਰਾਮਦ, ਤਿੰਨ ਤਸਕਰ ਖਾਸ ਜੈਕਟ ਪਾ ਕੇ ਲਿਜਾ ਰਹੇ ਸਨ ਸੋਨਾ



ਪਟਨਾ, 23 ਫਰਵਰੀ (ਪੋਸਟ ਬਿਊਰੋ) : ਬਿਹਾਰ ਦੇ ਪਟਨਾ ਰੇਲਵੇ ਸਟੇਸ਼ਨ 'ਤੇ 40 ਪੈਕਟ ਸੋਨੇ ਦੇ ਪਾਊਡਰ ਸਮੇਤ ਤਿੰਨ ਲੋਕਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਦੂਜੇ ਪਾਸੇ ਬੁੱਧਵਾਰ ਨੂੰ ਗੁਜਰਾਤ ਦੇ ਸੂਰਤ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਇਕ ਲਾਵਾਰਿਸ ਟਰਾਲੀ ਬੈਗ 'ਚੋਂ 68 ਲੱਖ ਰੁਪਏ ਦੇ ਸੋਨੇ ਦੇ 10 ਬਿਸਕੁਟ ਬਰਾਮਦ ਹੋਏ ਹਨ।

ਪਟਨਾ ਦੀ ਗੱਲ ਕਰੀਏ ਤਾਂ ਜਦੋਂ 40 ਪੈਕਟਾਂ 'ਚ ਮਿਲੇ ਸੋਨੇ ਦੇ ਪਾਊਡਰ ਨੂੰ ਪਿਘਲਾ ਕੇ ਇਸ ਦੇ ਬਿਸਕੁਟ ਤਿਆਰ ਕੀਤੇ ਗਏ ਤਾਂ ਇਸ ਦਾ ਭਾਰ 37 ਕਿਲੋ 126 ਗ੍ਰਾਮ ਨਿਕਲਿਆ। ਇਨ੍ਹਾਂ ਦੀ ਕੀਮਤ ਲਗਭਗ 21 ਕਰੋੜ ਰੁਪਏ ਦੱਸੀ ਗਈ ਹੈ। ਪਟਨਾ ਮਾਮਲਾ 19 ਫਰਵਰੀ ਦੀ ਰਾਤ ਦਾ ਹੈ।

ਬਿਹਾਰ ਦੇ ਪਟਨਾ ਰੇਲਵੇ ਜੰਕਸ਼ਨ ਤੋਂ ਡੀ.ਆਰ.ਆਈ. (ਡਾਇਰੈਕਟੋਰੇਟ ਆਫ਼ ਰੈਵੇਨਿਊ ਇੰਟੈਲੀਜੈਂਸ) ਦੀ ਟੀਮ ਨੇ ਤਿੰਨ ਲੋਕਾਂ ਨੂੰ ਫੜ੍ਹਿਆ ਹੈ। ਟੀਮ ਨੇ ਉਨ੍ਹਾਂ ਦੇ ਕਬਜ਼ੇ ਵਿਚੋਂ ਸੋਨੇ ਦੇ ਪਾਊਡਰ ਦੇ 40 ਪੈਕਟ ਬਰਾਮਦ ਕੀਤੇ ਹਨ। ਇਸ ਮਾਮਲੇ ਦਾ ਖੁਲਾਸਾ ਕਰਦਿਆਂ ਡੀ.ਆਰ.ਆਈ. ਨੇ ਕਿਹਾ ਸੀ ਕਿ ਬਰਾਮਦ ਕੀਤੇ ਗਏ ਸੋਨੇ ਦੇ ਪਾਊਡਰ ਨੂੰ ਪਿਘਲਾ ਕੇ ਬਿਸਕੁਟ ਤਿਆਰ ਕੀਤੇ ਗਏ ਹਨ, ਜਿਨ੍ਹਾਂ ਦਾ ਵਜ਼ਨ 37 ਕਿਲੋ 126 ਗ੍ਰਾਮ ਪਾਇਆ ਗਿਆ ਹੈ।

ਇਸ ਦੇ ਸੋਨੇ ਦੀ ਕੀਮਤ 21 ਕਰੋੜ ਰੁਪਏ ਦੱਸੀ ਗਈ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿਚ ਦੋ ਸੂਡਾਨ ਦੇ ਵਸਨੀਕ ਹਨ ਅਤੇ ਇਕ ਨੌਜਵਾਨ ਨੇਪਾਲ ਦਾ ਵਸਨੀਕ ਦੱਸਿਆ ਜਾਂਦਾ ਹੈ। ਤਿੰਨੇ ਮੁੰਬਈ ਜਾ ਰਹੀ ਟਰੇਨ ਵਿਚ ਸਵਾਰ ਸਨ। ਸੂਚਨਾ ਮਿਲਣ ਤੋਂ ਬਾਅਦ ਉਸ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ।

ਡੀ.ਆਰ.ਆਈ. ਟੀਮ ਨੇ ਦੱਸਿਆ ਹੈ ਕਿ ਮੁਲਜ਼ਮਾਂ ਨੇ ਸੋਨੇ ਦੇ ਪਾਊਡਰ ਦੇ 40 ਪੈਕੇਟ ਇਕ ਵਿਸ਼ੇਸ਼ ਕਿਸਮ ਦੀ ਸਲੀਵਲੇਸ ਜੈਕੇਟ ਵਿਚ ਬਣੀ ਜੇਬ ਵਿਚ ਲੁਕਾਏ ਹੋਏ ਸਨ। ਤਿੰਨੇ ਪਟਨਾ ਤੋਂ ਮੁੰਬਈ ਜਾ ਰਹੇ ਸਨ, ਬਾਰੇ ਗੁਪਤ ਸੂਚਨਾ ਮਿਲੀ ਸੀ। ਮੌਕੇ 'ਤੇ ਪਹੁੰਚੀ ਟੀਮ ਨੇ ਉਨ੍ਹਾਂ ਨੂੰ ਕਾਬੂ ਕਰ ਲਿਆ। ਇਨ੍ਹਾਂ ਕੋਲੋਂ ਕੁਝ ਨਕਦੀ ਸਮੇਤ ਹੋਰ ਸਾਮਾਨ ਵੀ ਬਰਾਮਦ ਹੋਇਆ ਹੈ।

## ਆਸਾਮ ਵਿਚ ਔਰਤ ਨੇ ਪ੍ਰੇਮੀ ਨਾਲ ਮਿਲ ਕੇ ਪਤੀ ਅਤੇ ਸੱਸ ਦਾ ਕੀਤਾ ਕਤਲ, ਸਰੀਰ ਦੇ ਅੰਗ ਲੁਕਾਏ ਫਰਿੱਜ 'ਚ



ਨਵੀਂ ਦਿੱਲੀ, 23 ਫਰਵਰੀ (ਪੋਸਟ ਬਿਊਰੋ): ਦਿੱਲੀ 'ਚ ਸ਼ਰਧਾ ਵਾਕਰ ਅਤੇ ਨਿੱਕੀ ਦੇ ਕਤਲ ਤੋਂ ਬਾਅਦ ਅਸਾਮ ਤੋਂ ਵੀ ਇਕ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਲਾਸ਼ਾਂ ਦੇ ਟੁਕੜੇ-ਟੁਕੜੇ ਕਰ ਕੇ ਫਰਿਜ 'ਚ ਛੁਪਾ ਦਿੱਤਾ ਗਿਆ ਸੀ। ਪੁਲਿਸ ਅਨੁਸਾਰ ਇੱਥੇ ਇੱਕ ਔਰਤ ਨੇ ਕਥਿਤ ਤੌਰ 'ਤੇ ਆਪਣੇ ਪਤੀ ਅਤੇ ਸੱਸ ਦਾ ਕਤਲ ਕਰਕੇ ਉਨ੍ਹਾਂ ਦੀਆਂ ਲਾਸ਼ਾਂ ਨੂੰ ਫਰਿਜ ਵਿੱਚ ਲੁਕਾ ਦਿੱਤਾ ਸੀ। ਮਾਮਲੇ ਦੀ ਜਾਂਚ ਕਰ ਰਹੀ ਪੁਲਿਸ ਮੁਤਾਬਕ ਇਹ ਪੂਰਾ ਮਾਮਲਾ ਆਸਾਮ ਦੇ ਨੂਨਮਤੀ ਇਲਾਕੇ ਨਾਲ ਸਬੰਧਤ ਹੈ।

ਪੁਲਸ ਨੇ ਮੁਲਜ਼ਮ ਔਰਤ ਦੀ ਪਛਾਣ ਵੰਦਨਾ ਕਲਿਤਾ ਵਜੋਂ ਕੀਤੀ ਹੈ। ਪੁਲਸ ਦੀ ਸ਼ੁਰੂਆਤੀ ਜਾਂਚ 'ਚ ਪਤਾ ਲੱਗਾ ਹੈ ਕਿ ਵੰਦਨਾ ਦੇ ਵਿਆਹ ਤੋਂ ਬਾਅਦ ਹੀ ਕਿਸੇ ਨਾਲ ਸਬੰਧ ਸਨ। ਇਸ ਕਾਰਨ ਵੰਦਨਾ ਨੇ ਪਤੀ ਅਮਰਜਯੋਤੀ ਡੇਅ ਅਤੇ ਸੱਸ ਸ਼ੰਕਰੀ ਡੇਨ ਦੀ ਹੱਤਿਆ ਕਰ ਦਿੱਤੀ। ਪੁਲਸ ਜਾਂਚ 'ਚ ਸਾਹਮਣੇ ਆਇਆ ਹੈ ਕਿ ਦੋਹਾਂ ਦੀ ਹੱਤਿਆ ਤੋਂ ਤਿੰਨ ਦਿਨ ਬਾਅਦ ਵੰਦਨਾ ਨੇ ਆਪਣੇ ਪ੍ਰੇਮੀ ਦੀ ਮਦਦ ਨਾਲ ਲਾਸ਼ਾਂ ਦੇ ਟੁਕੜੇ ਕਰ ਦਿੱਤੇ ਅਤੇ ਕੁਝ ਟੁਕੜੇ ਮੇਘਾਲਿਆ ਦੇ ਚੇਰਾਪੁੰਜੀ 'ਚ ਸੁੱਟ ਦਿੱਤੇ।

ਪੁਲਿਸ ਅਧਿਕਾਰੀ ਨੇ ਦੱਸਿਆ ਕਿ ਘਟਨਾ ਦੀ ਜਾਣਕਾਰੀ ਮਿਲਣ ਤੋਂ ਬਾਅਦ ਵੰਦਨਾ ਆਸਾਮ ਪੁਲਿਸ ਦੀ ਟੀਮ ਨੂੰ ਲੈ ਕੇ ਚੇਰਾਪੁੰਜੀ 'ਚ ਉਸ ਸਥਾਨ 'ਤੇ ਗਈ ਜਿੱਥੇ ਉਸ ਨੇ ਆਪਣੇ ਪ੍ਰੇਮੀ ਨਾਲ ਮਿਲ ਕੇ ਆਪਣੇ ਪਤੀ ਅਤੇ ਸੱਸ ਦੀਆਂ ਲਾਸ਼ਾਂ ਦੇ ਕੁਝ ਟੁਕੜੇ ਸੁੱਟੇ ਸਨ। ਪੁਲਸ ਪੁੱਛਗਿੱਛ 'ਚ ਵੰਦਨਾ ਨੇ ਦੱਸਿਆ ਕਿ ਉਸ ਨੇ ਦੋਹਾਂ ਲਾਸ਼ਾਂ ਦੇ ਕੁਝ ਟੁਕੜੇ ਕਈ ਦਿਨਾਂ ਤੱਕ ਫਰਿਜ 'ਚ ਰੱਖੇ ਸਨ।





## ਅਮਰੀਕੀ ਰਾਸ਼ਟਰਪਤੀ ਨੇ ਵਿਸ਼ਵ ਬੈਂਕ ਦੇ ਪ੍ਰਧਾਨ ਦੇ ਅਹੁਦੇ ਲਈ ਭਾਰਤੀ ਮੂਲ ਦੇ ਅਜੈ ਬੰਗਾ ਨੂੰ ਕੀਤਾ ਨਾਮਜ਼ਦ

ਵਾਸ਼ਿੰਗਟਨ, 23 ਫਰਵਰੀ (ਪੋਸਟ ਬਿਊਰੋ): ਰਾਸ਼ਟਰਪਤੀ ਜੋ ਬਾਈਡਨ ਨੇ ਵੀਰਵਾਰ ਨੂੰ ਕਿਹਾ ਕਿ ਅਮਰੀਕਾ ਵਿਸ਼ਵ ਬੈਂਕ ਦੀ ਅਗਵਾਈ ਲਈ ਭਾਰਤੀ-ਅਮਰੀਕੀ ਕਾਰੋਬਾਰੀ ਅਜੈ ਬੰਗਾ ਨੂੰ ਨਾਮਜ਼ਦ ਕਰ ਰਿਹਾ ਹੈ। ਰਾਸ਼ਟਰਪਤੀ ਬਾਈਡਨ ਨੇ ਬਿਆਨ ਵਿੱਚ ਕਿਹਾ, "ਅਜੈ ਇਤਿਹਾਸ ਦੇ ਇਸ ਮਹੱਤਵਪੂਰਨ ਪਲ 'ਤੇ ਵਿਸ਼ਵ ਬੈਂਕ ਦੀ ਅਗਵਾਈ ਕਰਨ ਲਈ ਵਿਲੱਖਣ ਤੌਰ 'ਤੇ ਅਨੁਕੂਲ ਹੈ।" 63 ਸਾਲਾ ਬੰਗਾ ਇਸ ਸਮੇਂ ਜਨਰਲ ਐਟਲਾਂਟਿਕ ਦੇ ਵਾਈਸ ਚੇਅਰਮੈਨ ਹਨ। ਇਸ ਤੋਂ ਪਹਿਲਾਂ ਉਹ ਮਾਸਟਰਕਾਰਡ ਦੇ ਪ੍ਰਧਾਨ ਅਤੇ ਮੁੱਖ ਕਾਰਜਕਾਰੀ ਅਧਿਕਾਰੀ ਸਨ।

ਬਾਈਡਨ ਨੇ ਕਿਹਾ, "ਅਜੈ ਨੇ ਤਿੰਨ ਦਹਾਕਿਆਂ ਤੋਂ ਵੱਧ ਸਮਾਂ ਸਫਲ, ਗਲੋਬਲ ਕੰਪਨੀਆਂ ਦੇ ਨਿਰਮਾਣ ਅਤੇ ਪ੍ਰਬੰਧਨ ਵਿੱਚ ਬਿਤਾਇਆ ਹੈ। ਇਹ




ਉਹ ਕੰਪਨੀਆਂ ਹਨ, ਜੋ ਨੌਕਰੀਆਂ ਪੈਦਾ ਕਰਦੀਆਂ ਹਨ ਅਤੇ ਵਿਕਾਸਸ਼ੀਲ ਅਰਥਵਿਵਸਥਾਵਾਂ ਵਿੱਚ ਨਿਵੇਸ਼ ਲਿਆਉਂਦੀਆਂ ਹਨ।"ਉਨ੍ਹਾਂ ਕਿਹਾ, "ਉਨ੍ਹਾਂ ਕੋਲ ਲੋਕਾਂ ਅਤੇ ਪ੍ਰਣਾਲੀਆਂ ਦਾ ਪ੍ਰਬੰਧਨ ਕਰਨ ਅਤੇ ਨਤੀਜੇ ਪ੍ਰਦਾਨ ਕਰਨ ਲਈ ਦੁਨੀਆ ਭਰ ਦੇ ਗਲੋਬਲ ਨੇਤਾਵਾਂ ਨਾਲ ਸਾਂਝੇਦਾਰੀ ਕਰਨ ਦਾ ਚੰਗਾ ਰਿਕਾਰਡ ਹੈ।" ਬੰਗਾ ਨੂੰ 2016 ਵਿੱਚ ਪਦਮ ਸ਼੍ਰੀ ਨਾਲ ਸਨਮਾਨਿਤ ਕੀਤਾ ਗਿਆ ਸੀ।

## ਬਲੋਚ ਮੰਤਰੀ ਦੇ ਘਰੋਂ ਮਿਲੀਆਂ 3 ਲਾਸ਼ਾਂ, ਸਰੀਰ ’ਤੇ ਗੋਲੀਆਂ ਦੇ ਨਿਸ਼ਾਨ

ਇਸਲਾਮਾਬਾਦ, 23 ਫਰਵਰੀ (ਪੋਸਟ ਬਿਊਰੋ): ਪਾਕਿਸਤਾਨ 'ਚ ਬਲੋਚਿਸਤਾਨ ਦੇ ਮੰਤਰੀ ਨੂੰ ਤਿੰਨ ਲੋਕਾਂ ਦੀ ਹੱਤਿਆ ਦੇ ਮਾਮਲੇ 'ਚ ਗ੍ਰਿਫਤਾਰ ਕੀਤਾ ਗਿਆ ਹੈ। ਗ੍ਰਿਫਤਾਰ ਕੀਤੇ ਗਏ ਮੰਤਰੀ ਦਾ ਨਾਂ ਸਰਦਾਰ ਅਬਦੁਲ ਰਹਿਮਾਨ ਖੇਤਾਨ ਹੈ, ਜਿਸ 'ਤੇ ਤਿੰਨ ਲੋਕਾਂ ਦੀ ਹੱਤਿਆ ਦਾ ਦੋਸ਼ ਹੈ।

ਪੁਲਿਸ ਨੇ ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿੱਚ ਵਰਕਸ ਐਂਡ ਕਮਿਊਨੀਕੇਸ਼ਨ ਮੰਤਰੀ ਖੇਤਾਨ ਦੇ ਘਰ ਦੇ ਖੂਹ ਵਿੱਚੋਂ ਗੋਲੀਆਂ ਨਾਲ ਵਿੰਨੀਆਂ ਤਿੰਨ ਲਾਸ਼ਾਂ ਬਰਾਮਦ ਕੀਤੀਆਂ ਹਨ। ਇਹ ਲਾਸ਼ਾਂ ਇਕ ਔਰਤ ਅਤੇ ਦੋ ਬੱਚਿਆਂ ਦੀਆਂ ਸਨ, ਜੋ ਪੂਰੀ ਤਰ੍ਹਾਂ ਸੜ ਚੁੱਕੀਆਂ ਸਨ। ਖੇਤਾਨ 'ਤੇ ਇਹ ਵੀ ਇਲਜ਼ਾਮ ਹਨ ਕਿ ਉਸ ਨੇ ਆਪਣੇ ਘਰ ਵਿੱਚ ਇੱਕ ਨਿੱਜੀ ਜੇਲ੍ਹ ਬਣਾਈ ਹੋਈ ਹੈ, ਜਿੱਥੇ ਉਹ ਲੋਕਾਂ



ਨੂੰ ਅਗਵਾ ਕਰਕੇ ਉਨ੍ਹਾਂ ਨੂੰ ਬੰਦ ਕਰ ਦਿੰਦਾ ਹੈ। ਇਨ੍ਹਾਂ ਲੋਕਾਂ ਨੂੰ ਜੇਲ੍ਹ ਵਿੱਚ ਤਸੀਹੇ ਦਿੱਤੇ ਜਾਂਦੇ ਹਨ। ਇਲਜ਼ਾਮ ਹੈ ਕਿ ਔਰਤ ਅਤੇ ਉਸਦੇ ਦੋ ਬੱਚਿਆਂ ਨੂੰ ਵੀ ਇਸੇ ਜੇਲ੍ਹ ਵਿੱਚ ਬੰਦ ਰੱਖਿਆ ਗਿਆ ਅਤੇ ਤਸੀਹੇ ਦਿੱਤੇ ਗਏ ਅਤੇ ਬਾਅਦ ਵਿੱਚ ਕਤਲ ਕਰਕੇ ਖੂਹ ਵਿੱਚ ਸੁੱਟ ਦਿੱਤਾ ਗਿਆ।

ਘਟਨਾ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ ਬਣਾਈ ਗਈ ਸੀ, ਜਿਸ ਤੋਂ ਬਾਅਦ ਖੇਤਾਨ ਨੂੰ ਗ੍ਰਿਫਤਾਰ ਕਰ ਲਿਆ ਗਿਆ ਸੀ। ਰਿਪੋਰਟ 'ਚ ਕਿਹਾ ਗਿਆ ਹੈ ਕਿ ਪੁਲਸ ਨੂੰ ਸੋਮਵਾਰ ਰਾਤ ਬਰਖਾਨ ਜ਼ਿਲੇ 'ਚ ਉਨ੍ਹਾਂ ਦੇ ਘਰ ਦੇ ਖੂਹ 'ਚੋਂ ਤਿੰਨ ਸੜੀਆਂ ਲਾਸ਼ਾਂ ਮਿਲੀਆਂ।

ਮੰਤਰੀ 'ਤੇ ਲੱਗੇ ਦੋਸ਼ਾਂ ਤੋਂ ਬਾਅਦ ਪ੍ਰਦਰਸ਼ਨਕਾਰੀਆਂ ਨੇ ਪੀੜਤਾਂ ਲਈ ਇਨਸਾਫ ਦੀ ਮੰਗ ਨੂੰ ਲੈ ਕੇ ਲਗਾਤਾਰ ਦੂਜੇ ਦਿਨ ਵੀ ਕਵੇਟਾ 'ਚ ਪ੍ਰਦਰਸ਼ਨ ਕੀਤਾ।

ਇਹ ਲਾਸ਼ਾਂ ਇੱਕ ਸਥਾਨਕ ਵਿਅਕਤੀ ਖਾਨ ਮੁਹੰਮਦ ਮਾਰੀ ਦੇ ਪਰਿਵਾਰਕ ਮੈਂਬਰਾਂ ਦੀਆਂ ਹਨ। ਖਾਨ ਨੇ ਖੇਤਾਨ 'ਤੇ ਆਪਣੀ ਪਤਨੀ ਅਤੇ ਬੱਚਿਆਂ ਦੀ ਹੱਤਿਆ ਦਾ ਦੋਸ਼ ਲਗਾਇਆ ਹੈ। ਖਾਨ ਮੁਹੰਮਦ ਮਾਰੀ ਨੇ ਦੱਸਿਆ ਕਿ 2019 ਵਿੱਚ ਮੇਰੀ ਪਤਨੀ ਅਤੇ ਸੱਤ ਬੱਚੇ ਖੇਤਾਨ ਦੇ ਘਰ ਦੀ ਨਿੱਜੀ ਜੇਲ੍ਹ ਵਿੱਚ ਕੈਦ ਸਨ। ਉਧਰ, ਮੰਤਰੀ ਖੇਤਾਨ ਨੇ ਇਨ੍ਹਾਂ ਦੋਸ਼ਾਂ ਤੋਂ ਇਨਕਾਰ ਕਰਦਿਆਂ ਇਸ ਨੂੰ ਆਪਣੇ ਖ਼ਿਲਾਫ਼ ਸਾਜ਼ਿਸ਼ ਕਰਾਰ ਦਿੱਤਾ।

## ਰੂਸ ਕਦੇ ਵੀ ਯੂਕਰੇਨ ਵਿਚ ਨਹੀਂ ਜਿੱਤੇਗਾ : ਬਾਈਡਨ

ਵਾਰਸਾ, 22 ਫਰਵਰੀ (ਪੋਸਟ ਬਿਊਰੋ) : ਰੂਸ ਅਤੇ ਯੂਕਰੇਨ ਵਿਚਾਲੇ ਚੱਲ ਰਹੀ ਜੰਗ ਦਾ ਇੱਕ ਸਾਲ ਪੂਰਾ ਹੋ ਗਿਆ ਹੈ। ਪੋਲੈਂਡ ’ਚ ਇਸ ਮੁੱਦੇ ’ਤੇ ਬੋਲਦੇ ਹੋਏ ਅਮਰੀਕੀ ਰਾਸਟਰਪਤੀ ਜੋ ਬਾਈਡਨ ਨੇ ਕਿਹਾ ਹੈ ਕਿ ਰੂਸ ਯੂਕਰੇਨ ’ਚ ਕਦੇ ਨਹੀਂ ਜਿੱਤੇਗਾ। ਅਮਰੀਕੀ ਰਾਸਟਰਪਤੀ ਨੇ ਵੀ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਦੇ ਪੱਛਮੀ ਦੇਸ਼ਾਂ ਖਿਲਾਫ ਦਿੱਤੇ ਬਿਆਨ ’ਤੇ ਪ੍ਰਤੀਕਿਰਿਆ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੱਛਮੀ ਦੇਸ਼ ਰੂਸ ’ਤੇ ਹਮਲੇ ਦੀ ਸਾਜਿਸ਼ ਨਹੀਂ ਰਚ ਰਹੇ ਹਨ। ਉਨ੍ਹਾਂ ਕਿਹਾ ਕਿ ਲੱਖਾਂ ਰੂਸੀ ਨਾਗਰਿਕ ਆਪਣੇ ਗੁਆਂਢੀਆਂ ਨਾਲ ਸ਼ਾਂਤੀ ਨਾਲ ਰਹਿਣਾ ਚਾਹੁੰਦੇ ਹਨ, ਉਹ ਦੁਸ਼ਮਣ ਨਹੀਂ ਹਨ।



ਵਾਰਸਾ ਦੇ ਇਤਿਹਾਸਕ ਰਾਇਲ ਕੈਸਲ ਵਿਚ ਪੋਲੈਂਡ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਰਾਸਟਰਪਤੀ ਬਾਈਡਨ ਨੇ ਕਿਹਾ ਕਿ ਇਸ ਵਿਚ ਕੋਈ ਸ਼ੱਕ ਨਹੀਂ ਹੈ ਕਿ ਰੂਸੀ ਫੌਜ ਨੇ ਜੰਗੀ ਅਪਰਾਧ ਕੀਤੇ ਹਨ। ਰੂਸ ਇਸ ਜੰਗ ਨੂੰ ਕਦੇ ਨਹੀਂ ਜਿੱਤ ਸਕੇਗਾ। ਉਸ ਨੇ ਸਾਰੀਆਂ ਹੱਦਾਂ ਪਾਰ ਕਰ ਦਿੱਤੀਆਂ ਹਨ। ਪਰ ਯੂਕਰੇਨ ਪਿੱਛੇ ਹਟਣ ਵਾਲਾ ਨਹੀਂ ਹੈ। ਉਹ ਅਜੇ ਵੀ ਆਜਾਦ ਹੈ।

ਅਮਰੀਕੀ ਰਾਸ਼ਟਰਪਤੀ ਨੇ ਅੱਗੇ ਕਿਹਾ, ‘ਰੂਸ ਨੇ ਯੂਕਰੇਨ ’ਤੇ ਇਹ ਸੋਚ ਕੇ ਹਮਲਾ ਕੀਤਾ ਕਿ ਉਹ ਆਸਾਨੀ ਨਾਲ ਜਿੱਤ ਜਾਵੇਗਾ ਅਤੇ ਨਾਟੋ ਟੁੱਟ ਜਾਵੇਗਾ। ਪੁਤਿਨ ਨੇ ਸੋਚਿਆ ਕਿ ਉਹ ਬਹੁਤ ਸ਼ਕਤੀਸ਼ਾਲੀ ਹੈ। ਪਰ ਰੂਸ ਨੇ ਅਮਰੀਕਾ ਦੇ ਠੋਕਵੇਂ ਇਰਾਦਿਆਂ ਨੂੰ ਦੇਖ ਲਿਆ ਹੈ। ਪੁਤਿਨ ਨੇ ਇਹ ਵੀ ਸਮਝ ਲਿਆ ਹੈ ਕਿ ਯੂਕਰੇਨ, ਅਸੀਂ ਅਤੇ ਨਾਟੋ ਹੁਣ ਹੋਰ ਮਜਬੂਤੀ ਨਾਲ ਖੜ੍ਹੇ ਹਾਂ। ਯੂਕਰੇਨ ਜੰਗ ਵਿਚ ਬਹੁਤ ਬਹਾਦਰੀ ਅਤੇ ਮਜਬੂਤੀ ਨਾਲ ਖੜ੍ਹਾ ਹੈ। ਨਾਟੋ ਪਹਿਲਾਂ ਨਾਲੋਂ ਜ਼ਿਆਦਾ ਮਜਬੂਤ ਹੈ।

## ਆਰਥਿਕ ਸੰਕਟ ’ਚੋਂ ਨਿਕਲਣ ਲਈ ਪਾਕਿਸਤਾਨ ਬੰਦ ਕਰੇਗਾ ਵਿਦੇਸ਼ੀ ਮਿਸ਼ਨ, ਮੁਲਾਜ਼ਮਾਂ ਦੀ ਹੋਵੇਗੀ ਛਾਂਟੀ

ਇਸਲਾਮਾਬਾਦ, 22 ਫਰਵਰੀ (ਪੋਸਟ ਬਿਊਰੋ) : ਪਾਕਿਸਤਾਨ ਗੰਭੀਰ ਆਰਥਿਕ ਸੰਕਟ ਦਾ ਸਾਹ-ਮਣਾ ਕਰ ਰਿਹਾ ਹੈ। ਇਸ ਸਮੱਸਿਆ ਨੂੰ ਦੂਰ ਕਰਨ ਲਈ ਪਾਕਿਸਤਾਨ ਲਗਾਤਾਰ ਆਪਣੇ ਖਰਚਿਆਂ ਵਿਚ ਕਟੌਤੀ ਕਰ ਰਿਹਾ ਹੈ। ਹੁਣ ਪਾਕਿ-ਸਤਾਨ ਨੇ ਆਪਣੇ ਵਿਦੇਸ਼ੀ ਖਰਚਿਆਂ ਨੂੰ ਘਟਾਉਣ ਦਾ ਫੈਸਲਾ ਕੀਤਾ ਹੈ।





ਇਕ ਰਿਪੋਰਟ ਮੁਤਾਬਕ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਵਿਦੇਸ਼ ਮੰਤਰਾਲੇ ਨੂੰ ਨਿਰਦੇਸ਼ ਜਾਰੀ ਕੀਤੇ ਹਨ ਕਿ ਉਹ ਵਿਦੇਸ਼ੀ ਮਿਸ਼ਨਾਂ, ਦਫਤਰਾਂ ਅਤੇ ਕਰਮਚਾਰੀਆਂ ਦੀ ਗਿਣਤੀ ਘੱਟ ਕਰਨ ਅਤੇ ਹੋਰ ਉਪਾਅ ਕਰਨ ਦੇ ਨਾਲ-ਨਾਲ ਖਰਚਿਆਂ ਵਿਚ 15 ਫੀਸਦੀ ਦੀ ਕਟੌਤੀ ਕਰਨ।

ਜਨਵਰੀ ਵਿਚ, ਪਾਕਿਸਤਾਨ ਦੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਵਲੋਂ ਬਣਾਈ ਗਈ ਰਾਸ਼ਟਰੀ ਆਸਟੇਰਿਟੀ ਕਮੇਟੀ ਨੇ ਆਰਥਿਕ ਸੰਕਟ ਨੂੰ ਦੂਰ ਕਰਨ ਲਈ ਸਰਕਾਰੀ ਕਰਮਚਾਰੀਆਂ ਦੀ ਤਨਖਾਹ ਵਿਚ 10% ਕਟੌਤੀ ਕਰਨ ਦਾ ਪ੍ਰਸਤਾਵ ਦਿੱਤਾ ਸੀ। ਇੰਨਾ ਹੀ ਨਹੀਂ ਕਮੇਟੀ ਨੇ ਮੰਤਰਾਲਿਆਂ ਅਤੇ ਵਿਭਾਗਾਂ ਦੇ ਖਰਚਿਆਂ ਵਿਚ 15 ਫੀਸਦੀ ਕਟੌਤੀ ਦਾ ਪ੍ਰਸਤਾਵ ਰੱਖਿਆ ਹੈ। ਮੰਤਰੀਆਂ ਦੀ ਗਿਣਤੀ ਘਟਾਉਣ ਦੀ ਵੀ ਸਲਾਹ ਦਿੱਤੀ। ਕਮੇਟੀ ਨੇ ਸਰਕਾਰ ਨੂੰ ਸਲਾਹਕਾਰਾਂ ਦੀ ਗਿਣਤੀ 78 ਤੋਂ ਘਟਾ ਕੇ 30 ਕਰਨ ਦੀ ਸਿਫਾਰਸ ਕੀਤੀ, ਜਦਕਿ ਬਾਕੀ ਬਿਨਾਂ ਪੈਸੇ ਦੇ ਕੰਮ ਕਰਨਗੇ।

ਪਾਕਿਸਤਾਨ ’ਚ ਮਹਿੰਗਾਈ ਦਰ 30 ਫੀਸਦੀ ਦੇ ਨੇੜੇ ਪਹੁੰਚ ਗਈ ਹੈ। ਆਟਾ-ਦਾਲ-ਚਾਵਲ ਤੋਂ ਲੈ ਕੇ ਪੈਟਰੋਲ-ਡੀਜਲ ਤੱਕ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ। ਮੰਗ ਵਧਣ ਕਾਰਨ ਜਰੂਰੀ ਵਸਤਾਂ ਦੀ ਕਮੀ ਤੇਜੀ ਨਾਲ ਵਧ ਰਹੀ ਹੈ। ਇਸ ਦੇ ਨਾਲ ਹੀ ਪਾਕਿਸਤਾਨ ’ਚ ਵਿਗੜਦੇ ਹਾਲਾਤ ਤੋਂ ਡਰਦੇ ਲੋਕ ਪਾਕਿਸਤਾਨ ਛੱਡ ਕੇ ਭੱਜਣ ਲੱਗੇ ਹਨ।

## ਪਾਕਿਸਤਾਨ ’ਚ ਖੁੱਲ੍ਹੇਆਮ ਘੁੰਮਦਾ ਦਿਸਿਆ ਹਿਜਬੁਲ ਮੁਖੀ ਸਲਾਹੂਦੀਨ

### ਅੱਤਵਾਦੀ ਦੇ ਅੰਤਿਮ ਸਸਕਾਰ ’ਤੇ ਭਾਰਤ ਖਿਲਾਫ ਉਗਾਇਆ ਜਹਿਰ

ਰਾਵਲਪਿੰਡੀ, 22 ਫਰਵਰੀ (ਪੋਸਟ ਬਿਊਰੋ) : ਹਿਜਬੁਲ ਮੁਖੀ ਸਈਅਦ ਸਲਾਹੁਦੀਨ ਪਾਕਿਸਤਾਨ ਵਿਚ ਮਾਰੇ ਗਏ ਹਿਜਬੁਲ ਮੁਜਾਹਿਦੀਨ ਦੇ ਲਾਂਚਿੰਗ ਕਮਾਂਡਰ ਬਸੀਰ ਅਹਿਮਦ ਪੀਰ ਉਰਫ ਇਮਤਿਆਜ ਆਲਮ ਦੇ ਅੰਤਿਮ ਸੰਸਕਾਰ ਵਿਚ ਸ਼ਾਮਲ ਹੋਏ। ਇੰਨਾ ਹੀ ਨਹੀਂ ਉਨ੍ਹਾਂ ਨੇ ਅੰਤਿਮ ਸੰਸਕਾਰ ਦੀ ਅਗਵਾਈ ਕੀਤੀ। ਜਾਣਕਾਰੀ ਮੁਤਾਬਕ ਪਾਕਿਸਤਾਨੀ ਸੈਨਿਕਾਂ ਅਤੇ ਉੱਥੇ ਮੌਜੂਦ ਭੀੜ ਨੇ ਅੱਤਵਾਦੀ ਇਮਤਿਆਜ ਲਈ ਨਾਅਰੇਬਾਜੀ ਕੀਤੀ ਅਤੇ ਭਾਰਤ ਨੂੰ ਤਬਾਹ ਕਰਨ ਦੀ ਸਹੁੰ ਖਾਧੀ। ਇਮਤਿਆਜ ਦੇ ਅੰਤਿਮ ਸੰਸਕਾਰ ਮੌਕੇ ਸਈਅਦ ਸਲਾਹੁਦੀਨ ਨੇ ਵੀ ਨਮਾਜ਼ ਅਦਾ ਕੀਤੀ।

ਹਿਜਬੁਲ ਮੁਖੀ ਸਈਅਦ ਸਲਾਹੁਦੀਨ ਨੂੰ ਪਾਕਿਸਤਾਨ ਦੇ ਰਾਵਲਪਿੰਡੀ ਵਿਚ ਦੇਖਿਆ ਗਿਆ ਹੈ। ਜਾਣਕਾਰੀ ਮੁਤਾ-ਬਕ ਉਸ ਨੂੰ ਰਾਵਲਪਿੰਡੀ ਵਿਚ ਅੱਤਵਾਦੀ ਇਮਤਿਆਜ ਦੇ ਸਸਕਾਰ ਦੌਰਾਨ ਦੇਖਿਆ ਗਿਆ ਸੀ। ਜ਼ਿਕਰਯੋਗ ਹੈ ਕਿ ਹਾਲ ਹੀ ’ਚ ਜੰਮੂ-ਕਸਮੀਰ ਦੇ ਰਹਿਣ ਵਾਲੇ ਅੱਤਵਾਦੀ ਬਸ਼ੀਰ ਅਹਿਮਦ ਪੀਰ ਉਰਫ਼ ਇਮਤਿਆਜ ਆਲਮ ਦੀ ਪਾਕਿਸਤਾਨ ’ਚ ਅਣਪਛਾਤੇ ਹਮਲਾਵਰਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਉਹ ਹਿਜਬੁਲ ਮੁਜਾਹਿਦੀਨ ਨਾਲ ਜੁੜਿਆ ਹੋਇਆ ਸੀ। ਇਮਤਿਆਜ ਆਲਮ ਨੂੰ ਭਾਰਤ ਸਰਕਾਰ ਨੇ ਯੂ.ਏ.ਪੀ.ਏ. ਦੀਆਂ ਧਾਰਾਵਾਂ ਤਹਿਤ ਅੱਤਵਾਦੀ ਐਲਾਨਿਆ ਸੀ।

ਜਾਣਕਾਰੀ ਮੁਤਾਬਕ ਸੋਮਵਾਰ ਨੂੰ



ਪਾਕਿਸਤਾਨ ਦੇ ਰਾਵਲਪਿੰਡੀ ’ਚ ਹਿਜਬੁਲ ਮੁਜਾਹਿਦੀਨ ਦੇ ਲਾਂਚਿੰਗ ਕਮਾਂਡਰ ਬਸ਼ੀਰ ਅਹਿਮਦ ਪੀਰ ਉਰਫ਼ ਇਮਤਿਆਜ ਆਲਮ ’ਤੇ ਹਮਲਾ ਕੀਤਾ ਗਿਆ। ਹਮਲਾਵਰ ਨੇ ਬਸ਼ੀਰ ਅਹਿਮਦ ਪੀਰ ਉਰਫ਼ ਇਮਤਿਆਜ ’ਤੇ ਗੋਲੀਆਂ ਚਲਾ ਦਿੱਤੀਆਂ, ਜਿਸ ਕਾਰਣ ਉਸ ਦੀ ਮੌਤ ਹੋ ਗਈ।

## ਚੀਨ ਨੇ ਸਰਹੱਦ ਪਾਰ ਦਰਿਆਵਾਂ ਦੀ ਵੰਡ ’ਤੇ ਸਹਿਯੋਗ ਦੀ ਕੀਤੀ ਅਪੀਲ

ਬੀਜਿੰਗ, 22 ਫਰਵਰੀ (ਪੋਸਟ ਬਿਊਰੋ) : ਚੀਨ ਆਪਣੇ ਗੁਆਂਢੀ ਦੇਸ਼ਾਂ ਨੂੰ ‘ਅਸਥਿਰ’ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਰੱਖਦਾ ਹੈ। ਉਹ ਅਰੁਣਾਚਲ ਪ੍ਰਦੇਸ਼ ਨੇੜੇ ਬ੍ਰਹਮਪੁੱਤਰ ’ਤੇ ਇਕ ਵੱਡਾ ਡੈਮ ਬਣਾ ਰਿਹਾ ਹੈ। ਭਾਰਤ ਅਤੇ ਬੰਗਲਾਦੇਸ਼ ਨੇ ਇਸ ਦਾ ਸਖਤ ਵਿਰੋਧ ਕੀਤਾ ਹੈ। ਹੁਣ ਚੀਨ ਦੇ ਰਾਸ਼ਟਰਪਤੀ ਸ਼ੀ ਜਿਨਪਿੰਗ ਵਲੋਂ ਦਰਿਆਵਾਂ ਦੀ ਵੰਡ ’ਤੇ ਸਹਿਯੋਗ ਦੀ ਅਪੀਲ ਕੀਤੀ ਜਾ ਰਹੀ ਹੈ।

ਚੀਨੀ ਰਾਸ਼ਟਰਪਤੀ ਜਿਨਪਿੰਗ ਦੁਆਰਾ ਪ੍ਰਸਤਾਵਿਤ ਗਲੋਬਲ ਸੁਰੱਖਿਆ ਪਹਿਲਕਦਮੀ (ਜੀਐਸਆਈ) ਨੇ ਸਰਹੱਦ ਪਾਰ ਦਰਿਆਵਾਂ ਨੂੰ ਸਾਂਝਾ ਕਰਨ ਲਈ ਸਹਿਯੋਗ ਦੀ ਅਪੀਲ ਕੀਤੀ ਹੈ। ਇਹ



ਕਦਮ ਭਾਰਤ ਅਤੇ ਬੰਗਲਾਦੇਸ਼ ਦੁਆਰਾ ਬ੍ਰਹਮਪੁੱਤਰ ਨਦੀ ’ਤੇ ਚੀਨ ਦੁਆਰਾ ਬੰਨ੍ਹਾਂ ਦੇ ਨਿਰਮਾਣ ਨੂੰ ਲੈ ਕੇ ਉਠਾਈਆਂ ਗਈਆਂ ਚਿੰਤਾਵਾਂ ਦੇ ਮੱਦੇਨਜ਼ਰ ਮਹੱਤਵਪੂਰਨ ਮੰਨਿਆ ਜਾਂਦਾ ਹੈ, ਜਿਸ ਨਾਲ ਦੋਵਾਂ ਦੇਸਾਂ ਨੂੰ ਪਾਣੀ ਦੀ ਸਪਲਾਈ ਵਿਚ ਵਿਘਨ ਪੈ ਸਕਦਾ ਹੈ।

## ਇੰਡੋ-ਕੈਨੇਡੀਅਨ ਅਫਸ਼ਾਂ ਖਾਨ ਨੂੰ ਸੰਯੁਕਤ ਰਾਸ਼ਟਰ ਦੇ ਪੋਸ਼ਣ ਕੋਆਰਡੀਨੇਟਰ ਨਿਯੁਕਤ ਕੀਤਾ

ਵਾਸ਼ਿੰਗਟਨ, 21 ਫਰਵਰੀ (ਪੋਸਟ ਬਿਊਰੋ): ਸੰਯੁਕਤ ਰਾਸ਼ਟਰ ਦੇ ਸਕੱਤਰ-ਜਨਰਲ ਐਂਟੋਨੀਉ ਗੁਟੇਰੇਸ ਨੇ ਭਾਰਤ-ਕੈਨੇਡੀਅਨ ਅਫਸ਼ਾਂ ਖਾਨ ਨੂੰ ਪੋਸ਼ਣ ਮੁਹਿੰਮ 'ਸਕੇਲਿੰਗ ਅੱਪ ਨਿਊਟ੍ਰੀਸ਼ਨ ਮੂਵਮੈਂਟ' ਦਾ ਕੋਆਰਡੀਨੇਟਰ ਨਿਯੁਕਤ ਕੀਤਾ ਹੈ। ਨਿਊਯਾਰਕ ਵਿੱਚ ਸੰਯੁਕਤ ਰਾਸ਼ਟਰ ਦੇ ਹੈੱਡਕੁਆਰਟਰ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ 'ਸਕੇਲਿੰਗ ਅੱਪ ਨਿਊਟ੍ਰੀਸ਼ਨ ਮੂਵਮੈਂਟ' 2030 ਤੱਕ ਸਾਰੇ ਤਰ੍ਹਾਂ ਦੇ ਕੁਪੋਸ਼ਣ ਨੂੰ ਖਤਮ ਕਰਨ ਲਈ 65 ਦੇਸ਼ਾਂ ਅਤੇ ਚਾਰ ਭਾਰਤੀ ਰਾਜਾਂ ਦੀ ਅਗਵਾਈ ਵਾਲੀ ਇਕ ਪਹਿਲ ਹੈ।

ਉਨ੍ਹਾਂ ਨੇ ਕਿਹਾ, "ਅਫਸ਼ਾਂ ਖਾਨ ਨੀਦਰਲੈਂਡ ਦੀ ਗਰਦਾ ਵਰਬਰਗ ਦੀ



ਜਗ੍ਹਾ ਲਵੇਗੀ। ਸਕੱਤਰ-ਜਨਰਲ ਪੋਸ਼ਣ ਨੂੰ ਉਤਸ਼ਾਹਿਤ ਕਰਨ ਦੀ ਮੁਹਿੰਮ ਦੀ ਅਗਵਾਈ ਕਰਨ ਲਈ ਉਨ੍ਹਾਂ ਦੇ ਯਤਨਾਂ ਅਤੇ ਸਮਰਪਣ ਲਈ ਧੰਨਵਾਦ ਪ੍ਰਗਟ ਕਰਦਾ ਹੈ।" ਦੁਜ-ਾਰਿਕ ਨੇ ਕਿਹਾ ਕਿ ਭਾਰਤ ਵਿੱਚ ਜਨਮੇ ਖਾਨ 'ਸਕੇਲਿੰਗ ਅੱਪ ਨਿਊਟ੍ਰੀਸ਼ਨ ਮੂਵਮੈਂਟ' ਸਕੱਤਰੇਤ ਦੀ ਅਗਵਾਈ ਕਰਨਗੇ। ਖਾਨ ਕੋਲ ਕੈਨੇਡਾ ਅਤੇ ਬ੍ਰਿਟੇਨ ਦੀ ਦੋਹਰੀ ਨਾਗਰਿਕਤਾ ਹੈ। ਖਾਨ ਕੋਲ ਪਬਲਿਕ ਪਾਲਿਸੀ ਵਿੱਚ ਮਾਸਟਰ ਡਿਗਰੀ ਅਤੇ ਮੈਕਗਿਲ ਯੂਨੀਵਰਸਿਟੀ ਤੋਂ ਰਾਜਨੀਤੀ ਸ਼ਾਸਤਰ ਵਿਚ ਬੈਚਲਰ ਦੀ ਡਿਗਰੀ ਹੈ।

ਸੰਯੁਕਤ ਰਾਸ਼ਟਰ ਦੇ ਇੱਕ ਬਿਆਨ ਅਨੁਸਾਰ, ਆਪਣੀ ਨਵੀਂ ਜ਼ਿੰਮੇਵਾਰੀ ਵਿੱਚ, ਖਾਨ ਸਾਂਝੇਦਾਰੀ ਬਣਾ ਕੇ, ਸੰਵਾਦ ਨੂੰ ਵਧਾਵਾ ਦੇਣ ਅਤੇ ਕੁਪੋਸ਼ਣ ਦੇ ਸਾਰੇ ਰੂਪਾਂ ਨੂੰ ਖਤਮ ਕਰਨ ਦੀ ਵਚਨਬੱਧਤਾ ਦੁਆਰਾ ਗਲੋਬਲ ਪੋਸ਼ਣ ਰਣਨੀਤੀ ਨੂੰ ਲਾਗੂ ਕਰਨਾ ਯਕੀਨੀ ਬਣਾਏਗੀ। ਖਾਨ ਨੇ 1989 ਵਿੱਚ ਮੋਜ਼ਾਮਬੀਕ ਵਿੱਚ ਸੰਯੁਕਤ ਰਾਸ਼ਟਰ ਬਾਲ ਫੰਡ (ਯੂਨੀਸੇਫ) ਲਈ ਕੰਮ ਕਰਨਾ ਸ਼ੁਰੂ ਕੀਤਾ ਅਤੇ ਵਰਤਮਾਨ ਵਿੱਚ ਪੂਰਬੀ ਯੂਰਪ ਅਤੇ ਮੱਧ ਏਸ਼ੀਆ ਲਈ ਖੇਤਰੀ ਨਿਰਦੇਸ਼ਕ ਵਜੋਂ ਕੰਮ ਕਰਦਾ ਹੈ।

## ਪਾਕਿਸਤਾਨ ਦੇ ਮੰਤਰੀ ਦਾ ਵੱਡਾ ਬਿਆਨ ਕਿਹਾ ‘ਅਸੀਂ ਦੀਵਾਲੀਆ ਹੋ ਗਏ ਹਾਂ’

ਇਸਲਾਮਾਬਾਦ, 20 ਫਰਵਰੀ (ਪੋਸਟ ਬਿਊਰੋ): ਪਾਕਿਸਤਾਨ ਦੇ ਵਿਗੜਦੇ ਆਰਥਿਕ ਹਾਲਾਤ ਦਰਮਿਆਨ ਰੱਖਿਆ ਮੰਤਰੀ ਖਵਾਜਾ ਆਸਿਫ਼ ਨੇ ਵੱਡਾ ਬਿਆਨ ਦਿੱਤਾ ਹੈ। ਆਸਿਫ਼ ਨੇ ਐਤਵਾਰ ਨੂੰ ਕਿਹਾ ਕਿ ਉਨ੍ਹਾਂ ਦਾ ਦੇਸ਼ ਦੀਵਾਲੀਆ ਹੋ ਗਿਆ ਹੈ। ਉਨ੍ਹਾਂ ਦਾ ਇਹ ਬਿਆਨ ਅਜਿਹੇ ਸਮੇਂ 'ਚ ਆਇਆ ਹੈ ਜਦੋਂ ਪਾਕਿਸਤਾਨ ਨੂੰ ਆਈਐਮਐਫ ਤੋਂ 7 ਅਰਬ ਡਾਲਰ ਦੇ ਰਾਹਤ ਪੈਕੇਜ ਦੀ ਉਮੀਦ ਹੁਣ ਨਾਂਹ ਦੇ ਬਰਾਬਰ ਹੈ। ਆਸਿਫ਼ ਨੇ ਸਿਆਲਕੋਟ ਵਿੱਚ ਇੱਕ ਰੈਲੀ ਦੌਰਾਨ ਕਿਹਾ ਕਿ ਪਾਕਿਸਤਾਨ ਪਹਿਲਾਂ ਹੀ ਡਿਫਾਲਟਰ ਹੋ ਚੁੱਕਾ ਹੈ। ਹੁਣ ਇਸ ਆਰਥਿਕ ਸੰਕਟ ਲਈ ਸਿਆਸਤਦਾਨਾਂ ਅਤੇ ਅਫ਼ਸਰਸ਼ਾਹੀ ਨੂੰ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ।

ਇੱਕ ਬਿਆਨ ਵਿੱਚ ਆਸਿਫ਼ ਨੇ ਕਿਹਾ ਕਿ ਤੁਸੀਂ ਸਾਰਿਆਂ ਨੇ ਸੁਣਿਆ ਹੋਵੇਗਾ ਕਿ ਪਾਕਿਸਤਾਨ ਦੀਵਾਲੀਆ ਹੋਣ ਜਾ ਰਿਹਾ ਹੈ ਅਤੇ ਇਸਦੀ ਸ਼ੁਰੂਆਤ ਹੋ ਚੁੱਕੀ ਹੈ। ਪਰ ਤੁਹਾਨੂੰ ਦੱਸ ਦਈਏ ਕਿ ਪਾਕਿਸਤਾਨ ਡਿਫਾਲਟਰ ਨਹੀਂ ਹੋ ਰਿਹਾ ਸਗੋਂ ਪਹਿਲਾਂ ਹੀ ਡਿਫਾਲਟਰ ਹੋ ਚੁੱਕਾ ਹੈ। ਸਾਡੇ ਦੇਸ਼ ਵਿੱਚ ਸਮੱਸਿਆ ਦਾ ਹੱਲ ਵੀ



ਦੇਸ਼ ਦੇ ਅੰਦਰ ਹੀ ਹੈ। ਆਈਐਮਐਫ ਕੋਲ ਸਾਡੇ ਦੇਸ਼ ਦੀਆਂ ਸਮੱਸਿਆਵਾਂ ਦਾ ਹੱਲ ਨਹੀਂ ਹੈ। ਅੱਜ ਹਰ ਕੋਈ ਦੇਸ਼ ਦੀ ਇਸ ਹਾਲਤ ਲਈ ਸਰਕਾਰ, ਅਫਸਰਸ਼ਾਹੀ ਅਤੇ ਸਿਆਸਤਦਾਨਾਂ ਨੂੰ ਜ਼ਿੰਮੇਵਾਰ ਠਹਿਰਾ ਰਿਹਾ ਹੈ। ਕਿਹਾ ਜਾ ਰਿਹਾ ਹੈ ਕਿ ਅਜਿਹਾ ਇਸ ਲਈ ਹੋਇਆ ਕਿਉਂਕਿ ਪਾਕਿਸਤਾਨ 'ਚ ਕੋਈ ਵੀ ਕਾਨੂੰਨ ਅਤੇ ਸੰਵਿਧਾਨ ਦੀ ਪਾਲਣਾ ਨਹੀਂ ਕਰਦਾ।

ਤੁਹਾਨੂੰ ਦੱਸ ਦੇਈਏ ਕਿ ਨਕਦੀ ਦੀ ਭਾਰੀ ਕਿੱਲਤ ਦਾ ਸਾਹਮਣਾ ਕਰ ਰਹੇ ਪਾਕਿਸਤਾਨ ਵਿੱਚ ਸਾਲਾਨਾ ਮਹਿੰਗਾਈ ਦਰ ਇਸ ਹਫਤੇ ਵਧ ਕੇ ਰਿਕਾਰਡ 38.42 ਫੀਸਦੀ ਹੋ ਗਈ ਹੈ। ਪਾਕਿਸਤਾਨ 'ਚ ਜ਼ਰੂਰੀ ਵਸਤਾਂ ਦੀਆਂ ਕੀਮਤਾਂ 'ਚ ਲਗਾਤਾਰ ਵਾਧੇ ਕਾਰਨ ਮਹਿੰਗਾਈ ਇਸ ਪੱਧਰ 'ਤੇ ਪਹੁੰਚ ਗਈ ਹੈ।

ਪਾਕਿਸਤਾਨ ਬਿਊਰੋ ਆਫ ਸਟੈਟਿਸਟਿਕਸ ਦੇ ਤਾਜ਼ਾ ਅੰਕੜਿਆਂ ਦਾ ਹਵਾਲਾ ਦਿੰਦੇ ਹੋਏ, 'ਦਿ ਐਕਸਪ੍ਰੈਸ ਟ੍ਰਿਬਿਊਨ' ਨੇ ਸ਼ਨੀਵਾਰ ਨੂੰ ਇੱਕ ਰਿਪੋਰਟ ਵਿੱਚ ਕਿਹਾ ਕਿ ਸੰਵੇਦੀ ਕੀਮਤ ਸੂਚਕ ਅੰਕ (ਐਸਪੀਆਈ) ਜੋ ਕਿ ਛੋਟੀ ਮਿਆਦ ਦੀ ਮਹਿੰਗਾਈ ਨੂੰ ਮਾਪਦਾ ਹੈ, ਇਸ ਹਫਤੇ ਸਾਲ ਦਰ ਸਾਲ ਦੇ ਮੁਕਾ-ਬਲੇ 38.42 ਫੀਸਦੀ ਹੋ ਗਿਆ ਹੈ। ਹਫਤਾਵਾਰੀ ਪੱਧਰ 'ਤੇ, ਐਸਪੀਆਈ 2.89 ਪ੍ਰਤੀਸ਼ਤ ਵਧਿਆ ਹੈ, ਜਦੋਂ ਕਿ ਪਿਛਲੇ ਹਫ਼ਤੇ ਵਿੱਚ 0.17 ਪ੍ਰਤੀਸ਼ਤ ਦਾ ਵਾਧਾ ਹੋਇਆ ਸੀ। ਪਿਛਲੇ ਹਫ਼ਤੇ, ਸਾਲਾਨਾ ਐਸਪੀਆਈ ਮਹਿੰਗਾਈ ਦਰ 34.83 ਪ੍ਰਤੀਸ਼ਤ ਦਰਜ ਕੀਤੀ ਗਈ ਸੀ। ਮਹਿੰਗਾਈ ਵਿੱਚ ਇਹ ਵਾਧਾ ਪਾਕਿਸਤਾਨ ਸਰਕਾਰ ਵੱਲੋਂ ਨਵੇਂ ਟੈਕਸ ਲਗਾਉਣ ਅਤੇ ਪੈਟਰੋਲੀਅਮ ਪਦਾਰਥਾਂ ਦੀਆਂ ਕੀਮਤਾਂ ਵਿੱਚ ਵਾਧੇ ਕਾਰਨ ਹੋਇਆ ਹੈ। ਸਰਕਾਰ ਨੇ ਇਹ ਕਦਮ ਅੰਤਰਰਾਸ਼ਟਰੀ ਮੁਦਰਾ ਫੰਡ ਤੋਂ 1.1 ਬਿਲੀਅਨ ਡਾਲਰ ਦੀ ਮਦਦ ਲੈਣ ਦੀ ਸ਼ਰਤ ਵਜੋਂ ਚੁੱਕਿਆ ਹੈ।

## ਪਾਕਿਸਤਾਨ ਦੀ ਯੂਨੀਵਰਸਿਟੀ ਨੇ ਪ੍ਰੀਖਿਆ ’ਚ ‘ਭਰਾ-ਭੈਣ’ ’ਤੇ ਪੁੱਛਿਆ ਸ਼ਰਮਨਾਕ ਸਵਾਲ, ਸੋਸ਼ਲ ਮੀਡੀਆ ’ਤੇ ਭੜਕਿਆ ਲੋਕਾਂ ਦਾ ਗੁੱਸਾ

ਇਸਲਾਮਾਬਾਦ, 22 ਫਰਵਰੀ (ਪੋਸਟ ਬਿਊਰੋ) : ਪਾਕਿਸਤਾਨ ਦੀ ਇਕ ਯੂਨੀਵਰਸਿਟੀ ਵਲੋਂ ਵਿਦਿਆਰਥੀਆਂ ਨੂੰ ਭੈਣ-ਭਰਾ ਦੇ ਸਰੀਰਕ ਸਬੰਧਾਂ ਬਾਰੇ ਉਨ੍ਹਾਂ ਦੇ ਵਿਚਾਰ ਪੁੱਛੇ ਜਾਣ ਤੋਂ ਬਾਅਦ ਸੋਸ਼ਲ ਮੀਡੀਆ ’ਤੇ ਹੰਗਾਮਾ ਹੋ ਗਿਆ ਹੈ। ਕਈ ਮਸ਼ਹੂਰ ਹਸਤੀਆਂ ਅਤੇ ਵਿਦਿਆਰਥੀ ਸੰਗਠਨਾਂ ਨੇ ਇਸਲਾਮਾਬਾਦ ਸਥਿਤ ਯੂਨੀਵਰਸਿਟੀ ਦੇ ਪ੍ਰਸਨ ਪੱਤਰ ਵਿਚ “ਅਸ਼ਲੀਲ ਸਮੱਗਰੀ“ ਦੀ ਨਿੰਦਾ



ਕੀਤੀ ਹੈ। ਹੁਣ ਮੰਗ ਕੀਤੀ ਜਾ ਰਹੀ ਹੈ ਕਿ ਇਸ ਪ੍ਰਸ਼ਨ ਪੱਤਰ ਸਬੰਧੀ ਵਾਈਸ ਚਾਂਸਲਰ ਅਤੇ ਚਾਂਸਲਰ ਤੋਂ ਜਵਾਬ ਤਲਬ ਕੀਤਾ ਜਾਵੇ। ਪ੍ਰਸ਼ਨ ਪੱਤਰ ਦੇ ਸਕਰੀਨਸ਼ਾਟ ਟਵਿਟਰ ਸਮੇਤ ਕਈ ਸੋਸ਼ਲ ਮੀਡੀਆ ਪਲੇਟਫਾਰਮਾਂ ’ਤੇ ਵਾਇਰਲ ਹੋ ਰਹੇ ਹਨ। ਇਸ ਸਵਾਲ ਵਿਚ ਵਿਦਿਆਰਥੀਆਂ ਨੂੰ ਹਵਾਲੇ ਪੜ੍ਹ ਕੇ ਲੇਖ ਲਿਖਣ ਲਈ ਕਿਹਾ ਗਿਆ ਹੈ। ਇਸ ਦੇ ਨਾਲ ਹੀ ਇਸ ਪਾਸ ਨਾਲ ਸਬੰਧਤ ਕੁਝ ਸਵਾਲ ਵੀ ਵਿਦਿਆਰਥੀਆਂ ਤੋਂ ਪੁੱਛੇ ਗਏ ਹਨ।

## ਵੈਸਟ ਬੈਂਕ ਵਿਚ ਇਜਰਾਈਲੀ ਸੈਨਿਕਾਂ ਦੇ ਹਮਲੇ ਵਿਚ 10 ਫਲਸਤੀਨੀ ਮਰੇ



ਜੇਰੂਸ਼ਲਮ, 22 ਫਰਵਰੀ (ਪੋਸਟ ਬਿਊਰੋ) : ਵੈਸਟ ਬੈਂਕ ਵਿਚ ਇਜਰਾਇਲੀ ਸੈਨਿਕਾਂ ਦੇ ਹਮਲੇ ਵਿੱਚ 10 ਫਲਸਤੀਨੀਆਂ ਦੀ ਮੌਤ ਹੋ ਗਈ ਹੈ। ਜਦਕਿ ਦਰਜਨਾਂ ਲੋਕ ਜਖਮੀ ਹੋਏ ਹਨ। ਇਸ ਘਟਨਾ ਤੋਂ ਬਾਅਦ ਹਮਾਸ ਦੇ ਕੱਟੜਪੰਥੀਆਂ ਨੇ ਸਖਤ ਪ੍ਰਤੀਕਿਰਿਆ ਦਿੱਤੀ ਹੈ। ਹਮਾਸ ਦੇ ਕੱਟੜਪੰਥੀ ਸਮੂਹ ਨੇ ਕਿਹਾ ਹੈ ਕਿ ਹੁਣ ਸਬਰ ਦਾ ਮੁੱਲ ਪੈ ਰਿਹਾ ਹੈ। ਤੁਹਾਨੂੰ ਦੱਸ ਦੇਈਏ ਕਿ ਪੱਛਮੀ ਕੰਢੇ ਦੇ ਇੱਕ ਵੱਡੇ ਫਲਸਤੀਨੀ ਸਹਿਰ ਵਿੱਚ ਇਜਰਾਈਲੀ ਫੌਜਾਂ ਦੇ ਦਾਖਲ ਹੋਣ ਕਾਰਨ ਹੋਈ ਲੜਾਈ ਵਿੱਚ ਘੱਟੋ-ਘੱਟ 10 ਲੋਕ ਮਾਰੇ ਗਏ ਸਨ ਅਤੇ 100 ਤੋਂ ਵੱਧ ਜਖਮੀ ਹੋ ਗਏ ਸਨ। ਇਜਰਾਈਲੀ ਸੈਨਿਕਾਂ ਨੂੰ ਗ੍ਰਿਫਤਾਰ ਕਰਨ ਲਈ ਛਾਪੇਮਾਰੀ ਨੇ ਇਕ ਇਮ-ਾਰਤ ਨੂੰ ਮਲਬੇ ਵਿਚ ਤਬਦੀਲ ਕਰ ਦਿੱਤਾ ਅਤੇ ਕਈ ਦੁਕਾਨਾਂ ਦੀਆਂ ਕੰਧਾਂ ਗੋਲੀਆਂ ਨਾਲ ਛਲਣੀ ਹੋ ਗਈਆਂ। ਇਸ ਨੂੰ ਵੈਸਟ ਬੈਂਕ ਅਤੇ ਪੂਰਬੀ ਯੇਰੂਸਲਮ ’ਚ ਕਰੀਬ ਇਕ ਸਾਲ ’ਚ ਸਭ ਤੋਂ ਭਿਆਨਕ ਲੜਾਈ ਦੱਸਿਆ ਜਾ ਰਿਹਾ ਹੈ। ਫਲਸਤੀਨੀ ਅਧਿਕਾਰੀਆਂ ਨੇ ਦੱਸਿਆ ਕਿ ਮਾਰੇ ਗਏ 10 ਲੋਕਾਂ ਵਿਚ ਇਕ 72 ਸਾਲਾ ਵਿਅਕਤੀ ਵੀ ਸ਼ਾਮਲ ਹੈ, ਜਦਕਿ 102 ਜਖਮੀ ਹੋਏ ਹਨ।

ਇਸੇ ਤਰ੍ਹਾਂ ਦੀ ਮੁਹਿੰਮ ਪਿਛਲੇ ਮਹੀਨੇ ਇਕ ਯਹੂਦੀ ਪ੍ਰਾਰਥਨਾ ਸਥਾਨ ‘ਤੇ ਹੋਏ ਘਾਤਕ ਫਲਸਤੀਨੀ ਹਮਲੇ ਤੋਂ ਬਾਅਦ ਸੁਰੂ ਕੀਤੀ ਗਈ ਸੀ। ਇਸ ਦੌਰਾਨ, ਹਮਾਸ ਦੇ ਕੱਟੜਪੰਥੀ ਸਮੂਹ ਨੇ ਚੇਤਾਵਨੀ ਦਿੱਤੀ ਹੈ ਕਿ “ਉਸ ਦੇ ਸਬਰ ਦਾ ਭੁਗਤਾਨ ਹੋ ਰਿਹਾ ਹੈ।” ਇਜਰਾਈਲੀ ਫੌਜ ਨੇ ਕਿਹਾ ਕਿ ਉਹ ਤਿੰਨ ਲੋੜੀਂਦੇ ਕੱਟੜਪੰਥੀਆਂ ਨੂੰ ਗ੍ਰਿਫਤਾਰ ਕਰਨ ਲਈ ਸ਼ਹਿਰ ਵਿੱਚ ਦਾਖਲ ਹੋਈ। ਇਹ ਤਿੰਨੋਂ ਵੈਸਟ ਬੈਂਕ ਵਿੱਚ ਹੋਈ ਗੋਲੀਬਾਰੀ ਦੀ ਪਿਛਲੀ ਘਟਨਾ ਵਿਚ ਸ਼ੱਕੀ ਸਨ। ਇਜਰਾਈਲੀ ਫੌਜ ਨੇ ਕਿਹਾ ਕਿ ਉਸ ਨੇ ਇਮਾਰਤ ਨੂੰ ਘੇਰ ਲਿਆ ਅਤੇ ਇਨ੍ਹਾਂ ਵਿਅਕਤੀਆਂ ਨੂੰ ਆਤਮ ਸਮਰਪਣ ਕਰਨ ਲਈ ਕਿਹਾ, ਪਰ ਇਸ ਦੀ ਬਜਾਏ ਉਨ੍ਹਾਂ ਨੇ ਗੋਲੀਆਂ ਚਲਾ ਦਿੱਤੀਆਂ। ਜਵਾਬੀ ਗੋਲੀਬਾਰੀ ਵਿਚ ਤਿੰਨੋਂ ਮਾਰੇ ਗਏ।

## ਅਮਰੀਕਾ ਯੂਕਰੇਨ ਨੂੰ ਦੇਵੇਗਾ 10 ਬਿਲੀਅਨ ਡਾਲਰ ਦੀ ਮਦਦ, ਰੂਸ ਖਿਲਾਫ ਜੰਗ ’ਚ ਮਿਲੇਗੀ ਤਾਕਤ

ਵਾਸ਼ਿੰਗਟਨ, 23 ਫਰਵਰੀ (ਪੋਸਟ ਬਿਊਰੋ): ਸੰਯੁਕਤ ਰਾਜ ਦੇ ਖਜ਼ਾਨਾ ਸਕੱਤਰ ਜੈਨੇਟ ਯੇਲੇਨ ਨੇ ਯੁੱਧ ਪ੍ਰਭਾਵਿਤ ਯੂਕਰੇਨ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਦੀ ਗੱਲ ਕੀਤੀ ਹੈ। ਉਨ੍ਹਾਂ ਕਿਹਾ ਕਿ ਅਮਰੀਕਾ ਯੂਕਰੇਨ ਲਈ 10 ਬਿਲੀਅਨ ਡਾਲਰ ਦੀ ਵਾਧੂ ਆਰਥਿਕ ਸਹਾਇਤਾ ਲਈ ਤਿਆਰ ਹੈ।

ਯੇਲੇਨ ਨੇ ਕਿਹਾ ਕਿ ਆਉਣ ਵਾਲੇ ਮਹੀਨਿਆਂ ਵਿੱਚ, ਅਸੀਂ ਯੂਕਰੇਨ ਨੂੰ ਲਗਭਗ 10 ਬਿਲੀਅਨ ਡਾਲਰ ਦੀ ਵਾਧੂ ਆਰਥਿਕ ਸਹਾਇਤਾ ਪ੍ਰਦਾਨ ਕਰਨ ਦੀ ਉਮੀਦ ਕਰਦੇ ਹਾਂ।

ਇਸ ਤੋਂ ਇਲਾਵਾ ਜੈਨੇਟ ਯੇਲੇਨ ਨੇ ਵੀ ਵੀਰਵਾਰ ਨੂੰ ਕਿਹਾ ਕਿ ਅਮਰੀਕਾ ਰੂਸ ਦੇ ਖਿਲਾਫ ਪਾਬੰਦੀਆਂ ਨੂੰ ਮਜ਼ਬੂਤ ਕਰਨਾ ਚਾਹੁੰਦਾ ਹੈ ਅਤੇ ਯੂਕਰੇਨ ਦੇ ਖਿਲਾਫ ਆਪਣੀ ਜੰਗ ਦੀ ਸਖਤ ਨਿੰਦਾ ਅਤੇ ਵਿਸ਼ਵ ਅਰਥਵਿਵਸਥਾ 'ਤੇ ਇਸ ਦੇ ਪ੍ਰਭਾਵ ਨੂੰ ਦੇਖਣਾ ਚਾਹੁੰਦਾ ਹੈ। ਜੀ-20 ਦੀ ਮਹੱਤਵਪੂਰਨ ਬੈਠਕ 'ਚ ਹਿੱਸਾ ਲੈਣ ਪਹੁੰਚੇ ਯੇਲੇਨ ਨੇ ਯੁੱਧ ਪ੍ਰਭਾਵਿਤ ਯੂਕਰੇਨ ਨੂੰ ਵਾਧੂ ਸਹਾਇਤਾ ਦੇਣ 'ਤੇ ਵੀ ਜ਼ੋਰ ਦਿੱਤਾ।

ਉਨ੍ਹਾਂ ਕਿਹਾ, 'ਮੇਰਾ ਮੰਨਣਾ ਹੈ ਕਿ ਚਰਚਾ ਅਜੇ ਵੀ ਚੱਲ ਰਹੀ ਹੈ, ਬੇਸ਼ੱਕ ਅਸੀਂ ਜੰਗ ਦੀ ਸਖ਼ਤ ਨਿੰਦਾ ਦੇਖਣਾ ਚਾਹਾਂਗੇ। ਯੂਕਰੇਨ 'ਤੇ ਇਸਦਾ ਪ੍ਰਭਾਵ ਅਤੇ ਗਲੋਬਲ ਆਰਥਿਕ ਦ੍ਰਿਸ਼ਟੀਕੋਣ ਸਭ ਤੋਂ ਮਹੱਤਵਪੂਰਨ ਕਾਰਕਾਂ ਵਿੱਚੋਂ ਇੱਕ ਹੈ ਜੋ ਵਿਕਾਸ ਨੂੰ ਘਟਾਉਂਦਾ ਹੈ ਅਤੇ ਬਹੁਤ ਮਾੜਾ ਪ੍ਰਭਾਵ ਪੈਦਾ ਕਰਦਾ ਹੈ, ਖਾਸ ਕਰਕੇ ਘੱਟ ਆਮਦਨੀ ਵਾਲੇ ਦੇਸ਼ਾਂ ਲਈ।

## ਪਾਕਿਸਤਾਨ ਦੀ ਮਦਦ ਲਈ ਅੱਗੇ ਆਇਆ ਚੀਨ, ਦੇਵੇਗਾ 70 ਕਰੋੜ ਡਾਲਰ ਦਾ ਕਰਜ਼ਾ

ਇਸਲਾਮਾਬਾਦ, 23 ਫਰਵਰੀ (ਪੋਸਟ ਬਿਊਰੋ): ਚੀਨ ਨੇ ਪਾਕਿਸਤਾਨ ਨੂੰ 70 ਕਰੋੜ ਡਾਲਰ ਦਾ ਕਰਜ਼ਾ ਮਨਜ਼ੂਰ ਕਰ ਦਿੱਤਾ ਹੈ। ਇਹ ਰਕਮ ਇਸ ਹਫਤੇ ਸੈਂਟਰਲ ਬੈਂਕ ਆਫ ਪਾਕਿਸਤਾਨ ਨੂੰ ਟਰਾਂਸਫਰ ਕਰ ਦਿੱਤੀ ਜਾਵੇਗੀ। ਪਾਕਿ-ਸਤਾਨ ਦੇ ਵਿੱਤ ਮੰਤਰੀ ਇਸਹਾਕ ਡਾਰ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੱਤੀ। ਚਾਈਨਾ ਡਿਵੈਲਪਮੈਂਟ ਬੈਂਕ ਦੇ ਬੋਰਡ ਆਫ਼ ਡਾਇਰੈਕਟਰਜ਼ ਨੇ ਇਹ ਐਲਾਨ ਪਾਕਿਸਤਾਨ ਦੀ ਸੰਸਦ ਨੈਸ਼ਨਲ ਅਸੈਂਬਲੀ ਵਿੱਚ ਸਹਿਮਤੀ ਨਾਲ ਮਨੀ ਬਿੱਲ ਪਾਸ ਹੋਣ ਤੋਂ ਇੱਕ ਦਿਨ ਬਾਅਦ ਕੀਤਾ। ਟੈਕਸ ਮਾਲੀਆ ਵਧਾਉਣ ਦੇ ਇਰਾਦੇ ਨਾਲ ਮਨੀ ਬਿੱਲ ਲਿਆਂਦਾ



ਗਿਆ ਸੀ। ਇਹ ਵਿੱਤੀ ਮਦਦ ਸੰਬੰਧੀ ਅੰਤਰਰਾਸ਼ਟਰੀ ਮੁਦਰਾ ਫੰਡ ਦੀਆਂ ਵੱਖ-ਵੱਖ ਸ਼ਰਤਾਂ ਵਿੱਚ ਵੀ ਸ਼ਾਮਲ ਹੈ। ਡਾਰ ਨੇ ਕਿਹਾ ਕਿ ਚਾਈਨਾ ਡਿਵੈਲਪਮੈਂਟ ਬੈਂਕ ਨਾਲ ਸਾਰੀਆਂ ਰਸਮਾਂ ਪੂਰੀਆਂ ਹੋ ਗਈਆਂ ਹਨ ਅਤੇ ਫੰਡ ਸਟੇਟ ਬੈਂਕ ਆਫ ਪਾਕਿਸਤਾਨ ਨੂੰ ਟਰਾਂਸਫਰ ਕਰ ਦਿੱਤੇ ਜਾਣਗੇ। ਉਸਨੇ ਟਵਿੱਟਰ 'ਤੇ ਲਿਖਿਆ, "ਚਾਈਨਾ ਡਿਵੈਲਪਮੈਂਟ ਬੈਂਕ ਦੇ ਨਿਰਦੇਸ਼ਕ ਮੰਡਲ ਨੇ 700 ਮਿਲੀਅਨ ਡਾਲਰ ਦੇ ਕਰਜ਼ੇ ਨੂੰ ਮਨਜ਼ੂਰੀ ਦਿੱਤੀ ਹੈ। ਸਟੇਟ ਬੈਂਕ ਆਫ ਪਾਕਿਸਤਾਨ ਨੂੰ ਇਸ ਹਫਤੇ ਇਹ ਰਕਮ ਮਿਲਣ ਦੀ ਉਮੀਦ ਹੈ। ਇਸ ਨਾਲ ਦੇਸ਼ ਦੇ ਵਿਦੇਸ਼ੀ ਮੁਦਰਾ ਭੰਡਾਰ ਵਿੱਚ ਵਾਧਾ ਹੋਵੇਗਾ।

ਇਕ ਰਿਪੋਰਟ ਮੁਤਾਬਕ ਪਾਕਿਸਤਾਨ 'ਤੇ ਚੀਨ ਦਾ ਸਭ ਤੋਂ ਜ਼ਿਆਦਾ ਕਰਜ਼ਾ ਹੈ। ਪਾਕਿਸਤਾਨ 'ਤੇ ਮੌਜੂਦਾ ਕਰਜ਼ੇ ਦਾ 30 ਫੀਸਦੀ ਹਿੱਸਾ ਇਕੱਲੇ ਚੀਨ ਦਾ ਹੈ। ਅਜਿਹੇ 'ਚ ਚੀਨ ਤੋਂ ਨਵੇਂ ਕਰਜ਼ੇ ਕਾਰਨ ਪਾਕਿਸਤਾਨ ਦੀਆਂ ਮੁਸ਼ਕਲਾਂ ਥੋੜ੍ਹੇ ਸਮੇਂ ਲਈ ਦੂਰ ਹੋ ਸਕਦੀਆਂ ਹਨ। ਹਾਲਾਂਕਿ ਕੁਝ ਦਿਨਾਂ ਬਾਅਦ ਪਾਕਿਸਤਾਨ ਦੇ ਸਾਹਮਣੇ ਫਿਰ ਤੋਂ ਦੀਵਾਲੀਆਪਨ ਦਾ ਸੰਕਟ ਖੜ੍ਹਾ ਹੋ ਸਕਦਾ ਹੈ। ਅਜਿਹੇ 'ਚ ਉਸ ਨੂੰ ਲੰਬੇ ਸਮੇਂ ਤੱਕ ਸੁਰੱਖਿਅਤ ਰਹਿਣ ਦਾ ਕੋਈ ਹੋਰ ਤਰੀਕਾ ਲੱਭਣਾ ਹੋਵੇਗਾ।

# ਭਾਰਤ ਤੋਂ ਪ੍ਰੇਰਿਤ ਹੋ ਕੇ ਲੰਡਨ ’ਚ ਚਲਾਈ ਜਾਵੇਗੀ ‘ਮਿਡ-ਡੇ-ਮੀਲ’ ਸਕੀਮ



ਲੰਡਨ, 21 ਫਰਵਰੀ (ਪੋਸਟ ਬਿਊਰੋ): ਲੰਡਨ ਦੇ ਮੇਅਰ ਸਾਦਿਕ ਖਾਨ ਨੇ ਸਕੂਲੀ ਬੱਚਿਆਂ ਨੂੰ ਮੁਫਤ ਖਾਣਾ ਮੁਹੱਈਆ ਕਰਵਾਉਣ ਲਈ ਨਵੀਂ ਸਕੀਮ ਦਾ ਐਲਾਨ ਕੀਤਾ ਹੈ। ਇਹ ਯੂਕੇ ਵਿੱਚ ਰਹਿਣ-ਸਹਿਣ ਦੇ ਖਰਚੇ ਦੇ ਸੰਕਟ ਨਾਲ ਨਜਿੱਠਣ ਵਿੱਚ ਮਦਦ ਕਰੇਗਾ। ਇਹ ਭਾਰਤ ਦੀ ਮਿਡ-ਡੇ-ਮੀਲ ਸਕੀਮ ਵਰਗੀ ਹੈ, ਜੋ ਦਹਾਕਿਆਂ ਤੋਂ ਚਲੀ ਆ ਰਹੀ ਹੈ।

ਇਹ 130 ਮਿਲੀਅਨ ਪਾਊਂਡ ਪਾਇਲਟ ਸਕੀਮ ਸਤੰਬਰ 2023 ਤੋਂ ਇੱਕ ਸਾਲ ਲਈ ਚੱਲੇਗੀ। ਇੱਕ ਸਥਾਨਕ ਆਈਟੀ ਪੇਸ਼ੇਵਰ, ਸੁਹਾਸ ਬਰਹਾਤੇ ਨੇ ਕਿਹਾ, “ਹੁਣ ਇੱਥੇ ਰਹਿਣ-ਸਹਿਣ ਦੀ ਲਾਗਤ ਵੱਧ ਰਹੀ ਹੈ, ਇਸ ਲਈ ਸਰਕਾਰ ਵੱਲੋਂ ਸਹਾਇਤਾ ਦਾ ਹੱਥ ਹੈ। ਤਕਨੀਕੀ ਤੌਰ 'ਤੇ ਬ੍ਰਿਟੇਨ ਮੰਦੀ ਵਿੱਚੋਂ ਗੁਜ਼ਰ ਰਿਹਾ ਹੈ ਅਤੇ ਜੋ ਵੀ ਉਵਰਹੈੱਡਾਂ ਵਿੱਚ ਕਟੌਤੀ ਕਰਦਾ ਹੈ, ਉਸਦਾ ਸਵਾਗਤ ਹੈ।

ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਤਨੀ ਨੇ ਕੋਵਿਡ ਦੌਰਾਨ ਡੋਸਾ-ਇਡਲੀ ਬੈਟਰ ਹੋਮ ਦਾ ਕਾਰੋਬਾਰ ਸ਼ੁਰੂ ਕੀਤਾ ਸੀ। ਇਸ ਕਾਰਨ ਉਸ ਦੇ ਦੋਵੇਂ ਬੱਚੇ ਇਸ ਸਕੀਮ ਦਾ ਲਾਭ ਨਹੀਂ ਲੈ ਸਕਣਗੇ। ਉਸਦਾ ਇੱਕ ਬੱਚਾ ਸੈਕੰਡਰੀ ਸਕੂਲ ਵਿੱਚ ਹੈ ਅਤੇ ਦੂਜਾ ਬੱਚਿਆਂ ਦੇ ਸਕੂਲ ਵਿੱਚ ਹੈ।

ਇਸ ਤੋਂ ਇਲਾਵਾ ਸਥਾਨਕ ਨਿਵਾਸੀ ਸਿਲਵੀਆ ਦਾ ਕਹਿਣਾ ਹੈ ਕਿ ਉਸ ਦੇ ਬੱਚੇ ਨੂੰ ਇਸ ਸਕੀਮ ਦਾ ਲਾਭ ਮਿਲੇਗਾ। ਉਹ ਮੰਨਦਾ ਹੈ ਕਿ ਇਹ ਇੱਕ ਚੰਗਾ ਵਿਚਾਰ ਹੈ। ਹਾਲਾਂਕਿ ਸਿਲਵੀਆ ਇਸ ਗੱਲ ਤੋਂ ਥੋੜ੍ਹੀ ਨਾਰਾਜ਼ ਹੈ ਕਿ ਸਰਕਾਰ ਦੀ ਇਹ ਸਕੀਮ ਸਿਰਫ ਇਕ ਸਾਲ ਲਈ ਹੈ। ਸਰਕਾਰ ਬੱਚਿਆਂ ਦੀ ਗੱਲ ਕਰ ਰਹੀ ਹੈ, ਉਹ ਸਾਡੇ ਦੇਸ਼ ਦਾ ਭਵਿੱਖ ਹਨ।

# ਗਾਜ਼ੀਪੁਰ ’ਚ ਬੋਰਡ ਪ੍ਰੀਖਿਆਵਾਂ ’ਚ ਧੋਖਾਧੜੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼, 13 ਗ੍ਰਿਫਤਾਰ

ਗਾਜ਼ੀਪੁਰ, 21 ਫਰਵਰੀ (ਪੋਸਟ ਬਿਊਰੋ): ਗਾਜ਼ੀਪੁਰ ਵਿੱਚ ਨਕਲਾਂ ਕਰਨ ਵਾਲੇ ਇੱਕ ਗਰੋਹ ਦਾ ਪਰਦਾਫਾਸ਼ ਹੋਇਆ ਹੈ। ਡੀਐਮ ਅਤੇ ਐਸਪੀ ਨੇ ਸਾਂਝੀ ਪ੍ਰੈਸ ਕਾਨਫਰੰਸ ਕਰਕੇ ਇਸ ਬਾਰੇ ਜਾਣਕਾਰੀ ਦਿੱਤੀ। ਅਧਿਕਾਰੀਆਂ ਨੇ ਪ੍ਰੈਸ ਕਾਨਫਰੰਸ ਦੌਰਾਨ ਦੱਸਿਆ ਕਿ ਸਰਕਾਰ ਦੀਆਂ ਹਦਾਇਤਾਂ 'ਤੇ ਜ਼ਿਲੇ 'ਚ ਯੂਪੀ ਬੋਰਡ ਦੀ ਪ੍ਰੀਖਿਆ ਨੂੰ ਲੈ ਕੇ ਪੂਰੀ ਚੌਕਸੀ ਵਰਤੀ ਜਾ ਰਹੀ ਹੈ, ਜਿਸ ਕਾਰਨ ਸਥਾਨਕ ਪੁਲਸ ਅਤੇ ਸਵੈਟ ਟੀਮਾਂ ਵਲੋਂ ਸਾਰੇ ਕੇਂਦਰਾਂ 'ਤੇ ਗੜਬੜ ਕਰਨ ਵਾਲੇ ਅਣਚਾਹੇ ਤੱਤਾਂ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।

ਇਸੇ ਦੌਰਾਨ ਪੁਲਿਸ ਨੇ ਮੁਖਬਰ ਦੀ ਸੂਚਨਾ 'ਤੇ ਜ਼ਿਲ੍ਹੇ ਦੇ ਵੱਖ-ਵੱਖ ਕੇਂਦਰਾਂ 'ਤੇ ਜਾ ਕੇ ਗਲਤ ਤਰੀਕੇ ਨਾਲ ਪਰਾਕਸੀ ਬਣ ਕੇ ਪ੍ਰੀਖਿਆ ਦੇਣ ਵਾਲੇ ਕੁੱਲ 13 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ । ਜਦੋਂਕਿ ਮਾਸਟਰਮਾਈਂਡ ਪ੍ਰਿੰਸੀਪਲ ਫਰਾਰ ਹੋ ਗਿਆ ਹੈ, ਪੁਲਿਸ ਉਸ ਦੀ ਭਾਲ ਕਰ ਰਹੀ ਹੈ। ਅੱਜ ਡੀਐਮ ਐਸਪੀ ਨੇ ਸਾਂਝੇ ਤੌਰ ’ਤੇ ਪ੍ਰੈਸ ਕਾਨਫਰੰਸ ਕਰਕੇ ਨਕਲ ਮਾਫੀਆ ਦੇ ਗਰੋਹ ਦਾ ਪਰਦਾਫਾਸ਼ ਕੀਤਾ ਅਤੇ ਉਨ੍ਹਾਂ ਦੀਆਂ ਕਰਤੂਤਾਂ ਦਾ ਪਰਦਾਫਾਸ਼ ਕੀਤਾ।

ਫਿਲਹਾਲ ਥਾਣਾ ਦੁੱਲਾਪੁਰ ਵਿਖੇ ਪ੍ਰਿੰਸੀਪਲ, ਮੈਨੇਜਰ ਅਤੇ ਫਰਜ਼ੀ ਪ੍ਰੀਖਿਆਰਥੀਆਂ ਸਮੇਤ 14 ਖਿਲਾਫ ਧੋਖਾਧੜੀ ਐਕਟ ਦੀ ਧਾਰਾ 419/420/467/468/471/120ਬੀ ਦਾ ਪਰਚਾ ਦਰਜ ਕੀਤਾ ਗਿਆ ਹੈ।

# ਆਨਲਾਈਨ ਪੇਮੈਂਟ ਸਿਸਟਮ ਨਾਲ ਭਾਰਤ ਤੇ ਸਿੰਗਾਪੁਰ ਜੁੜੇ, ਇਕ ਦਿਨ ਵਿਚ ਭੇਜ ਸਕੋਗੇ 60 ਹਜ਼ਾਰ ਰੁਪਏ



ਨਵੀਂ ਦਿੱਲੀ, 21 ਫਰਵਰੀ (ਪੋਸਟ ਬਿਊਰੋ): ਭਾਰਤ ਅਤੇ ਸਿੰਗਾਪੁਰ ਆਨਲਾਈਨ ਭੁਗਤਾਨ ਪ੍ਰਣਾਲੀ ਵਿੱਚ ਸ਼ਾਮਲ ਹੋ ਗਏ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਮੰਗਲਵਾਰ ਨੂੰ ਯੂਨੀਫਾਈਡ ਪੇਮੈਂਟਸ ਇੰਟਰਫੇਸ (ਯੂਪੀਆਈ) ਨੂੰ ਭਾਰਤ ਦੀ ਸਭ ਤੋਂ ਪਸੰਦੀਦਾ ਭੁਗਤਾਨ ਪ੍ਰਣਾਲੀ ਦੱਸਿਆ ਅਤੇ ਕਿਹਾ ਕਿ ਇਹ ਛੇਤੀ ਹੀ ਨਕਦ ਲੈਣ-ਦੇਣ ਨੂੰ ਪਛਾੜ ਦੇਵੇਗਾ। ਆਪਣੇ ਸਿੰਗਾਪੁਰ ਦੇ ਹਮਰੁਤਬਾ ਲੀ ਹਸੀਨ ਲੂੰਗ ਦੀ ਮੌਜੂਦਗੀ ਵਿੱਚ ਯੂਪੀਆਈ ਅਤੇ ਸਿੰਗਾਪੁਰ ਦੀ ‘ਪੇ ਨਾਉ’ਪ੍ਰਣਾਲੀ ਦਰਮਿਆਨ ਕਨੈਕਟੀਵਿਟੀ ਦੀ ਸ਼ੁਰੂਆਤ ਮੌਕੇ ਬੋਲਦਿਆਂ, ਪੀਐਮ ਮੋਦੀ ਨੇ ਕਿਹਾ ਕਿ ਭਾਰਤ ਦੀ ਭੁਗਤਾਨ ਸੇਵਾ ਯੂਪੀਆਈ ਅਤੇ ਸਿੰਗਾਪੁਰ ਦੇ ਪੇਅ ਨਾਉ ਪ੍ਰਣਾਲੀ ਵਿਚਕਾਰ ਕਨੈਕਟੀਵਿਟੀ ਦੋਵਾਂ ਦੇ ਸਬੰਧਾਂ ਲਈ ਇੱਕ ਨਵਾਂ ਮੀਲ ਪੱਥਰ ਹੈ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਸਾਲ 2022 ਵਿੱਚ ਯੂਪੀਆਈ ਰਾਹੀਂ 12,6,000 ਅਰਬ ਰੁਪਏ ਤੋਂ ਵੱਧ ਦੇ 74 ਅਰਬ ਲੈਣ-ਦੇਣ ਹੋਏ ਹਨ। ਉਨ੍ਹਾਂ ਕਿਹਾ ਕਿ ਯੂਪੀਆਈ ਹੁਣ ਦੂਜੇ ਦੇਸ਼ਾਂ ਵਿੱਚ ਵੀ ਆਪਣੇ ਪੈਰ ਪਸਾਰ ਰਿਹਾ ਹੈ। ਭਾਰਤੀ ਰਿਜ਼ਰਵ ਬੈਂਕ (ਆਰਬੀਆਈ) ਦੇ ਗਵਰਨਰ ਸ਼ਕਤੀਕਾਂਤ ਦਾਸ ਅਤੇ ਸਿੰਗਾਪੁਰ ਮੁਦਰਾ ਅਥਾਰਟੀ ਦੇ ਪ੍ਰਬੰਧ ਨਿਰਦੇਸ਼ਕ ਰਵੀ ਮੈਨਨ ਨੇ ਇਸ ਸਹੂਲਤ ਦੀ ਸ਼ੁਰੂਆਤ ਕੀਤੀ। ਦਾਸ ਨੇ ਇਸ ਸਹੂਲਤ ਰਾਹੀਂ ਪਹਿਲਾ ਲੈਣ-ਦੇਣ ਵੀ ਕੀਤਾ।

ਭਾਰਤ ਵਿੱਚ ਸ਼ੁਰੂ ਵਿੱਚ, ਸਟੇਟ ਬੈਂਕ ਆਫ਼ ਇੰਡੀਆ, ਇੰਡੀਅਨ ਉਵਰਸੀਜ਼ ਬੈਂਕ, ਇੰਡੀਅਨ ਬੈਂਕ ਅਤੇ ਆਈਸੀਆਈਸੀਆਈ ਬੈਂਕ ਦੋਵੇਂ ਲੈਣ-ਦੇਣ (ਅੰਦਰੂਨੀ ਅਤੇ ਪੈਸੇ ਭੇਜਣ) ਦੀ ਸਹੂਲਤ ਪ੍ਰਦਾਨ ਕਰਨਗੇ, ਜਦੋਂ ਕਿ ਐਕਸਿਸ ਬੈਂਕ ਅਤੇ ਡੀਬੀਐਸ ਇੰਡੀਆ ਸਿਰਫ਼ ਫੰਡਾਂ ਨੂੰ ਹੀ ਅੰਦਰ ਜਾਣ ਦੀ ਸਹੂਲਤ ਪ੍ਰਦਾਨ ਕਰਨਗੇ। ਸਿੰਗਾਪੁਰ ਵਿੱਚ ਉਪਭੋਗਤਾਵਾਂ ਲਈ, ਸੇਵਾ ਡੀਬੀਐਸ-ਸਿੰਗਾਪੁਰ ਅਤੇ ਤਰਲ ਸਮੂਹ (ਇੱਕ ਗੈਰ-ਬੈਂਕ ਵਿੱਤੀ ਸੰਸਥਾ) ਦੁਆਰਾ ਪ੍ਰਦਾਨ ਕੀਤੀ ਜਾਵੇਗੀ। ਆਉਣ ਵਾਲੇ ਸਮੇਂ ਵਿੱਚ ਹੋਰ ਬੈਂਕਾਂ ਨੂੰ ਇਸ ਲਿੰਕੇਜ ਵਿੱਚ ਸ਼ਾਮਲ ਕੀਤਾ ਜਾਵੇਗਾ। ਸਿੰਗਾਪੁਰ ਵਿੱਚ ਰਹਿਣ ਵਾਲੇ ਗਾਹਕ ਵੀ ਬੈਂਕ ਦੀ ਮੋਬਾਈਲ ਬੈਂਕਿੰਗ ਐਪ ਜਾਂ ਇੰਟਰਨੈੱਟ ਬੈਂਕਿੰਗ ਰਾਹੀਂ ਇਸ ਸਹੂਲਤ ਦਾ ਲਾਭ ਉਠਾ ਸਕਣਗੇ।

ਸ਼ੁਰੂ ਵਿੱਚ, ਇੱਕ ਭਾਰਤੀ ਉਪਭੋਗਤਾ ਇੱਕ ਦਿਨ ਵਿੱਚ 60,000 ਰੁਪਏ (ਲਗਭਗ 1,000 ਸਿੰਗਾਪੁਰ ਡਾਲਰ ਦੇ ਬਰਾਬਰ) ਤੱਕ ਪੈਸੇ ਭੇਜ ਸਕਦਾ ਹੈ। ਇਹ ਜਾਣਕਾਰੀ ਦਿੱਤੀ ਗਈ ਕਿ ਟ੍ਰਾਂਜੈਕਸ਼ਨ ਕਰਦੇ ਸਮੇਂ ਉਪਭੋਗਤਾ ਦੀ ਸਹੂਲਤ ਲਈ ਸਿਸਟਮ ਦੋਵਾਂ ਮੁਦਰਾਵਾਂ ਵਿੱਚ ਰਕਮ ਪ੍ਰਦਰਸ਼ਿਤ ਕਰੇਗਾ। 'ਯੂਪੀਆਈ-ਪੇ ਨਾਉ ਲਿੰਕੇਜ' ਨੂੰ ਰਿਜ਼ਰਵ ਬੈਂਕ ਆਫ਼ ਇੰਡੀਆ (ਆਰਬੀਆਈ), ਸਿੰਗਾਪੁਰ ਦੀ ਮੁਦਰਾ ਅਥਾਰਟੀ (ਐਮਏਐਸ) ਅਤੇ ਦੋਵਾਂ ਦੇਸ਼ਾਂ ਵਿੱਚ ਭੁਗਤਾਨ ਪ੍ਰਣਾਲੀ ਆਪਰੇਟਰਾਂ ਜਿਵੇਂ ਕਿ ਐਨਪੀਸੀਆਈ ਇੰਟਰਨੈਸ਼ਨਲ ਪੇਮੈਂਟਸ ਲਿਮਿਟੇਡ (ਐਨਆਈਪੀਐਲ) ਅਤੇ ਬੈਂਕਿੰਗ ਕੰਪਿਊਟਰ ਸਰਵਿਸਿਜ਼ ਪ੍ਰਾਈਵੇਟ ਲਿਮਟਿਡ ਦੁਆਰਾ ਸਮਰਥਤ ਹੈ। ਲਿਮਟਿਡ (ਬੀਸੀਐਸ) ਅਤੇ ਭਾਗ ਲੈਣ ਵਾਲੇ ਬੈਂਕ/ ਗੈਰ-ਬੈਂਕ ਵਿੱਤੀ ਸੰਸਥਾਵਾਂ ਵਿਚਕਾਰ ਵਿਆਪਕ ਸਹਿਯੋਗ ਕਾਰਨ ਇਹ ਸੰਭਵ ਹੋਇਆ ਹੈ।

# ਯੂਪੀ ਦੇ ਸੈਰ-ਸਪਾਟਾ ਵਿਭਾਗ ਦੇ ਅਧਿਕਾਰੀ ਨੇ ਮੁੰਬਈ ’ਚ ਇਮਾਰਤ ਤੋਂ ਛਾਲ ਮਾਰ ਕੇ ਕੀਤੀ ਖੁਦਕੁਸ਼ੀ



ਮੁੰਬਈ, 21 ਫਰਵਰੀ (ਪੋਸਟ ਬਿਊਰੋ): ਯੂਪੀ ਟੂਰਿਜ਼ਮ ਵਿਭਾਗ ਦੇ ਡਿਪਟੀ ਡਾਇਰੈਕਟਰ ਨੇ ਮਹਾਨਗਰ ਮੁੰਬਈ ਵਿੱਚ ਖੁਦਕੁਸ਼ੀ ਕਰ ਲਈ। ਉਸ ਨੇ ਤਿਲਕ ਨਗਰ ਇਲਾਕੇ 'ਚ ਆਪਣੀ ਇਮਾਰਤ ਦੀ ਦੂਜੀ ਮੰਜ਼ਿਲ ਤੋਂ ਛਾਲ ਮਾਰ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲਈ। ਡਿਪਟੀ ਡਾਇਰੈਕਟਰ ਵਿਮਲੇਸ਼ ਕੁਮਾਰ ਦਾ ਕੁਝ ਮਹੀਨੇ ਪਹਿਲਾਂ ਮੁੰਬਈ ਤੋਂ ਲਖਨਊ ਤਬਾਦਲਾ ਕੀਤਾ ਗਿਆ ਸੀ। ਤਿਲਕਨਗਰ ਪੁਲਿਸ ਅਨੁਸਾਰ ਵਿਮਲੇਸ਼ ਕੁਮਾਰ ਨੇ ਸਵੇਰੇ 8 ਵਜੇ ਦੇ ਕਰੀਬ ਇਮਾਰਤ ਤੋਂ ਛਾਲ ਮਾਰ ਦਿੱਤੀ ਸੀ। ਉਸ ਨੂੰ ਤੁਰੰਤ ਰਾਜਾਵਾੜੀ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲੀਸ ਅਨੁਸਾਰ ਵਿਮਲੇਸ਼ ਕੁਮਾਰ ਦੀ ਪਤਨੀ ਰਮਾ ਨੇ ਦੱਸਿਆ ਕਿ ਉਸ ਦੇ ਪਤੀ ਨੇ ਦੋ ਮਹੀਨੇ ਪਹਿਲਾਂ ਅਸਤੀਫ਼ਾ ਦੇ ਦਿੱਤਾ ਸੀ ਪਰ ਲਖਨਊ ਦਫ਼ਤਰ ਵੱਲੋਂ ਉਸ ਨੂੰ ਮਾਰਚ ਮਹੀਨੇ ਤੱਕ ਕੰਮ ਕਰਨ ਲਈ ਕਿਹਾ ਗਿਆ ਸੀ। ਪਤਨੀ ਨੇ ਕਿਸੇ ਕਿਸਮ ਦੀ ਕੋਈ ਸ਼ਿਕਾਇਤ ਜਾਂ ਸ਼ੱਕ ਪ੍ਰਗਟ ਨਹੀਂ ਕੀਤਾ ਹੈ।

# ਕਾਂਸਟੇਬਲ ਸੰਦੀਪ ਕੁਮਾਰ ਨੇ ਕੀਤੀ ਖ਼ੁਦਕੁਸ਼ੀ



ਚੰਡੀਗੜ੍ਹ, 21 ਫ਼ਰਵਰੀ (ਪੋਸਟ ਬਿਊਰੋ): ਨਵਜੋਤ ਸਿੰਘ ਸਿੱਧੂ ਵੱਲੋਂ ਚੋਣਾਂ ਤੋਂ ਪਹਿਲਾਂ ਪੈਂਟ ਗਿੱਲੀ ਕਰਨ ਦੇ ਬਿਆਨ ਦਾ ਵਿਰੋਧ ਕਰਨ ਵਾਲੇ ਅੰਮ੍ਰਿਤਸਰ ਵਿੱਚ ਤਾਇਨਾਤ ਕਾਂਸਟੇਬਲ ਸੰਦੀਪ ਕੁਮਾਰ ਨੇ ਸੋਮਵਾਰ ਦੇਰ ਸ਼ਾਮ ਅਚਾਨਕ ਖੁਦਕੁਸ਼ੀ ਕਰ ਲਈ। ਸੰਦੀਪ ਕੁਮਾਰ ਚੌਕੀ ਸ੍ਰੀ ਗੁਰੂ ਤੇਗ ਬਹਾਦਰ ਨਗਰ ਦੇ ਅਧੀਨ ਪੈਂਦੇ ਪੁਲਿਸ ਕੁਆਟਰ ਵਿੱਚ ਰਹਿ ਰਿਹਾ ਸੀ। ਦੱਸਿਆ ਜਾ ਰਿਹਾ ਹੈ ਕਿ ਸ਼ਾਮ ਨੂੰ ਬਾਹਰੋਂ ਕਿਸੇ ਨੇ ਸੰਦੀਪ ਕੁਮਾਰ ਦੀ ਲਾਸ਼ ਪੱਖੇ ਨਾਲ ਲਟਕਦੀ ਦੇਖੀ। ਜਿਸ ਤੋਂ ਬਾਅਦ ਪੁਲਿਸ ਨੂੰ ਸੂਚਨਾ ਦਿੱਤੀ ਗਈ। ਸੰਦੀਪ ਦੀ ਲਾਸ਼ ਨੂੰ ਗਵਾਹਾਂ ਦੀ ਮੌਜੂਦਗੀ ਵਿਚ ਉਤਾਰਿਆ ਗਿਆ। ਇਸ ਦੌਰਾਨ ਸੰਦੀਪ ਸਿੰਘ ਕੋਲੋਂ ਇਕ ਸੁਸਾਈਡ ਨੋਟ ਵੀ ਬਰਾਮਦ ਹੋਇਆ, ਜਿਸ ਬਾਰੇ ਪੁਲਿਸ ਅਜੇ ਕੋਈ ਜਾਣਕਾਰੀ ਸਾਂਝੀ ਨਹੀਂ ਕੀਤੀ। ਪੁਲਿਸ ਨੇ ਲਾਸ਼ ਨੂੰ ਕਬਜ਼ੇ ਵਿਚ ਲੈ ਕੇ ਸਿਵਲ ਹਸਪਤਾਲ ਵਿਚ ਰੱਖਵਾ ਦਿੱਤਾ ਹੈ।

# ਹਰੇਕ ਸਰਕਾਰੀ ਸਕੂਲ ਵਿੱਚ ਸਥਾਪਿਤ ਕਰਵਾਏ ਜਾਣਗੇ ਬਾਲ ਸੰਸਦ

## ਪਿਰਾਮਿਲ ਫਾਊਂਡੇਸ਼ਨ ਨੇ 227 ਸਕੂਲਾਂ ਦੇ 393 ਅਧਿਆਪਕਾਂ ਨੂੰ ਦਿੱਤੀ ਬਾਲ ਸੰਸਦ ਸਥਾਪਿਤ ਕਰਨ ਦੀ ਸਿਖਲਾਈ



ਚੰਡੀਗੜ੍ਹ, 21 ਫ਼ਰਵਰੀ (ਗਿਆਨ ਸਿੰਘ): ਐਸਪੀਰੇਸ਼ਨ ਜ਼ਿਲ੍ਹਾ ਮੋਗਾ ਵਿੱਚ ਕੰਮ ਕਰ ਰਹੀ ਪਿਰਾਮਿਲ ਫਾਊਂਡੇਸ਼ਨ ਦੇ ਜ਼ਿਲ੍ਹਾ ਮੁਖੀ ਅਨੁਜ ਢੁੱਲ ਨੇ ਦੱਸਿਆ ਕਿ ਬਹੁਤ ਜਲਦ ਜ਼ਿਲ੍ਹਾ ਦੇ ਸਰਕਾਰੀ ਸਕੂਲਾਂ ਵਿੱਚ ਬਾਲ ਸੰਸਦ ਸਥਾਪਿਤ ਕਰਵਾਏ ਜਾਣਗੇ ਤਾਂ ਕਿ ਬੱਚਿਆਂ ਵਿੱਚ ਕਾਨੂੰਨ, ਜਿੰਮੇਵਾਰੀ, ਮਿਲੇ ਕੇ ਕੰਮ ਕਰਨ ਦੀ ਚੇਤਨਤਾ ਪੈਦਾ ਕੀਤੀ ਜਾ ਸਕੇ ਅਤੇ ਬੱਚਿਆਂ ਦੇ ਬੌਧਿਕ ਵਿਕਾਸ ਵਿੱਚ ਵੀ ਵਾਧਾ ਹੋ ਸਕੇ।

ਉਨ੍ਹਾਂ ਬਾਲ ਸੰਸਦ ਸਥਾਪਿਤ ਕਰਨ ਦੇ ਤਰੀਕੇ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਿਵੇਂ ਸਰਕਾਰੀ ਲੋਕਤੰਤਰ ਪ੍ਰਣਾਲੀ ਵਿੱਚ ਵੱਖ ਵੱਖ ਮੰਤਰੀਆਂ ਆਦਿ ਨੂੰ ਆਪਣੀਆਂ ਜਿੰਮੇਵਾਰੀਆਂ ਸੌਂਪੀਆਂ ਜਾਂਦੀਆਂ ਹਨ ਉਸੇ ਤਰ੍ਹਾਂ ਹੀ ਸਕੂਲ ਦੀਆਂ ਛੋਟੀਆਂ ਛੋਟੀਆਂ ਜਿੰਮੇਵਾਰੀਆਂ ਵਿਦਿਆਰਥੀਆਂ ਨੂੰ ਸੌਂਪੀਆਂ ਜਾਣਗੀਆਂ ਤਾਂ ਕਿ ਉਨ੍ਹਾਂ ਵਿੱਚ ਜਿੰਮੇਵਾਰੀ ਦੀ ਭਾਵਨਾ ਪੈਦਾ ਹੋ ਸਕੇ ਅਤੇ ਉਨ੍ਹਾਂ ਵਿੱਚ ਲੋਕਤੰਤਰ ਅਤੇ ਕਾਨੂੰਨੀ ਪ੍ਰਣਾਲੀ ਦੀ ਸਮਝ ਆ ਸਕੇ।

ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵਿੱਚ ਸਰਕਾਰੀ ਤੰਤਰ ਦੀ ਚੇਤਨਤਾ ਨਾਲ ਹੀ ਉਹ ਇੱਕ ਚੰਗੇ ਨਾਗਰਿਕ ਵਜੋਂ ਸਮਾਜ ਵਿੱਚ ਵਿਚਰ ਸਕਣਗੇ।

ਉਨ੍ਹਾਂ ਦੱਸਿਆ ਕਿ ਬਾਲ ਸੰਸਦ ਸਥਾਪਿਤ ਕਰਨ ਦੇ ਮਨੋਰਥ ਅਤੇ ਵਿਧੀ ਤੋਂ ਜਾਣੂ ਕਰਵਾਉਣ ਲਈ ਜ਼ਿਲ੍ਹੇ ਦੇ 227 ਸਕੂਲਾਂ ਦੇ 393 ਅਧਿਆਪਕਾਂ ਨੂੰ ਵਰਕਸ਼ਾਪ ਦਾ ਆਯੋਜਨ ਕਰਕੇ ਟ੍ਰੇਨਿੰਗ ਵੀ ਮੁਹੱਈਆ ਕਰਵਾ ਦਿੱਤੀ ਗਈ ਹੈ ਤਾਂ ਕਿ ਬਾਲ ਸੰਸਦ ਪ੍ਰਭਾਵਸ਼ਾਲੀ ਢੰਗ ਨਾਲ ਸਥਾਪਿਤ ਕਰਵਾਏ ਜਾ ਸਕਣ।

ਉਨ੍ਹਾਂ ਦੱਸਿਆ ਕਿ ਬਾਲ ਸੰਸਦ ਸਥਾਪਿਤ ਕਰਨ ਨਾਲ ਸਕੂਲੀ ਬੱਚਿਆਂ ਵਿੱਚ ਲੋਕਤਾਂਤਰਿਕ ਕਦਰਾਂ ਕੀਮਤਾਂ ਨੂੰ ਉਭਾਰਿਆ ਜਾ ਸਕੇਗਾ। ਇਸ ਨਾਲ ਬੱਚੇ ਸਕੂਲਾਂ ਦੇ ਸੁਚੱਜੇ ਪ੍ਰਬੰਧਨ ਵਿੱਚ ਵੀ ਆਪਣੀ ਅਹਿਮ ਭੂਮਿਕਾ ਨਿਭਾਅ ਸਕਣਗੇ। ਬੱਚਿਆਂ ਵਿੱਚ ਗਿਆਨ, ਹੁਨਰ, ਰੁਚੀ ਅਤੇ ਸਾਕਾਰਤਮਕ ਮਾਨਸਿਕਤਾ ਬਾਲ ਸੰਸਦ ਸਥਾਪਿਤ ਕਰਕੇ ਪੈਦਾ ਕੀਤੀ ਜਾ ਸਕਦੀ ਹੈ। ਇਸ ਨਾਲ ਬੱਚਿਆਂ ਵਿੱਚ ਲੋਕਤੰਤਰੀ ਪ੍ਰਣਾਲੀ ਦੀ ਸਮਝ ਉਜਾਗਰ ਹੋਵੇਗੀ ਅਤੇ ਇਸਦੇ ਨਾਲ ਨਾਲ ਚੰਗੇ ਗੁਣਾਂ ਦਾ ਵਿਕਾਸ ਸੰਭਵ ਹੋਵੇਗਾ। ਇਸ ਨਾਲ ਬੱਚੇ ਚੰਗੇ ਨਾਗਰਿਕ ਬਣ ਕੇ ਆਪਣੇ ਸਮਾਜ ਅਤੇ ਦੇਸ਼ ਦੀ ਸੇਵਾ ਕਰ ਸਕਣ ਦੇ ਸਮਰੱਥ ਬਣਨਗੇ।

# ਬਰਡ ਫਲੂ ਦੀ ਪੁਸ਼ਟੀ ਨਾਲ ਝਾਰਖੰਡ ’ਚ ਮਚਿਆ ਹੜਕੰਪ, ਮੁਰਗੇ ਮਾਰਨ ਦੇ ਦਿੱਤੇ ਗਏ ਹੁਕਮ



ਝਾਰਖੰਡ, 21 ਫਰਵਰੀ (ਪੋਸਟ ਬਿਊਰੋ): ਝਾਰਖੰਡ ਦੇ ਬੋਕਾਰੋ ਵਿੱਚ ਬਰਡ ਫਲੂ ਦੀ ਪੁਸ਼ਟੀ ਹੋਈ ਹੈ। ਇਸ ਮਾਮਲੇ ਦੀ ਜਾਂਚ ਰਿਪੋਰਟ ਸਾਹਮਣੇ ਆਉਣ ਤੋਂ ਬਾਅਦ ਮਾਮਲੇ ਦੀ ਪੁਸ਼ਟੀ ਹੁੰਦੇ ਹੀ ਪ੍ਰਸ਼ਾਸਨ 'ਚ ਹੜਕੰਪ ਮਚ ਗਿਆ। ਦੱਸ ਦੇਈਏ ਕਿ ਬੋਕਾਰੋ ਦੇ ਰਾਜ ਪੋਲਟਰੀ ਫਾਰਮ ਵਿੱਚ ਮੁਰਗੇ ਲਗਾਤਾਰ ਮਰ ਰਹੇ ਸਨ। ਇਸ ਤੋਂ ਬਾਅਦ ਜਾਂਚ ਲਈ ਸੈਂਪਲ ਲਏ ਗਏ। ਬਰਡ ਫਲੂ ਕਾਰਨ ਇੱਥੇ ਹੁਣ ਤੱਕ 700 ਮੁਰਗੀਆਂ ਦੀ ਮੌਤ ਹੋ ਚੁੱਕੀ ਹੈ। ਜਾਣਕਾਰੀ ਅਨੁਸਾਰ ਬਰਡ ਫਲੂ ਦੀ ਪੁਸ਼ਟੀ ਹੋਣ ਤੋਂ ਬਾਅਦ ਅਧਿਕਾਰੀਆਂ ਨੇ ਬਾਕੀ ਮੁਰਗੀਆਂ ਨੂੰ ਮਾਰਨ ਦੇ ਹੁਕਮ ਦਿੱਤੇ ਹਨ। ਇਸ ਦੇ ਨਾਲ ਹੀ ਚਿਕਨ ਫਾਰਮ ਤੋਂ ਇੱਕ ਕਿਲੋਮੀਟਰ ਦੇ ਦਾਇਰੇ ਵਿੱਚ ਚਿਕਨ ਵੇਚਣ 'ਤੇ ਪਾਬੰਦੀ ਲਗਾ ਦਿੱਤੀ ਗਈ ਹੈ।

ਤੁਹਾਨੂੰ ਦੱਸ ਦੇਈਏ ਕਿ ਬੋਕਾਰੋ ਦੇ ਰਾਜ ਪੋਲਟਰੀ ਫਾਰਮ ਵਿੱਚ ਅਚਾਨਕ ਮੁਰਗੇ ਮਰਨ ਲੱਗੇ। ਪਿਛਲੇ 18 ਦਿਨਾਂ ਵਿੱਚ ਇੱਥੇ ਸੈਂਕੜੇ ਮੁਰਗੀਆਂ ਦੀ ਮੌਤ ਹੋ ਗਈ ਹੈ। ਉਦੋਂ ਤੋਂ ਹੀ ਬਰਡ ਫਲੂ ਨੂੰ ਲੈ ਕੇ ਸਾਵਧਾਨੀ ਵਰਤੀ ਜਾ ਰਹੀ ਸੀ। ਸਿਹਤ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਚੌਕਸ ਸੀ। ਮੁਰਗੀਆਂ ਦੀ ਮੌਤ ਤੋਂ ਬਾਅਦ ਪੋਸਟਮਾਰਟਮ ਕੀਤਾ ਗਿਆ, ਜਿਸ ਵਿੱਚ ਮੁਰਗੀਆਂ ਵਿਚ ਹੈਜ਼ੇ ਦਾ ਮਾਮਲਾ ਸਾਹਮਣੇ ਆਇਆ। ਹੁਣ ਇਸ ਦੇ ਬਰਡ ਫਲੂ ਹੋਣ ਦੀ ਪੁਸ਼ਟੀ ਹੋ ਗਈ ਹੈ।

# ਲੜਕਿਆਂ ਦੇ ਬਾਲ ਘਰ ਦੀ ਉਸਾਰੀ ਲਈ 55.65 ਲੱਖ ਰੁਪਏ ਦੀ ਰਾਸ਼ੀ ਜ਼ਾਰੀ : ਡਾ. ਬਲਜੀਤ ਕੌਰ



ਚੰਡੀਗੜ੍ਹ, 21 ਫ਼ਰਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਬੱਚਿਆਂ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ। ਇਸੇ ਤਹਿਤ ਜਿਲ੍ਹਾ ਤਰਨਤਾਰਨ ਦੇ ਪਿੰਡ ਉਸਮਾਂ ਵਿਖੇ ਲੜਕਿਆਂ ਦੇ ਬਾਲ ਘਰ ਦੀ ਉਸਾਰੀ ਲਈ ਪਹਿਲੀ ਕਿਸ਼ਤ ਵਜੋਂ 55.65 ਲੱਖ ਰੁਪਏ ਦੀ ਰਾਸ਼ੀ ਜ਼ਾਰੀ ਕੀਤੀ ਗਈ ਹੈ।

ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ.ਬਲਜੀਤ ਕੌਰ ਨੇ ਦੱਸਿਆ ਕਿ ਲੋੜਵੰਦ ਬੱਚਿਆਂ ਲਈ ਬਾਲ ਘਰ ਦੀ ਉਸਾਰੀ ਨਾਲ ਜ਼ਿਲ੍ਹੇ ਅਤੇ ਆਲੇ-ਦੁਆਲੇ ਦੇ ਜ਼ਿਲ੍ਹਿਆ ਦੇ ਲੋੜਵੰਦ ਬੱਚਿਆਂ ਨੂੰ ਆਸਰਾ ਮਿਲੇਗਾ। ਤਰਨ-ਤਾਰਨ ਜ਼ਿਲ੍ਹੇ ਵਿੱਚ ਬਾਲ ਘਰ ਨਾ ਹੋਣ ਕਾਰਣ ਲੋੜਵੰਦ ਬੱਚਿਆਂ ਦੀ ਦੇਖ-ਰੇਖ ਵਿੱਚ ਔਕੜਾਂ ਆ ਰਹੀਆਂ ਸਨ।

ਕੈਬਨਿਟ ਮੰਤਰੀ ਨੇ ਪਿੰਡ ਉਸਮਾਂ ਵਿਖੇ ਲੜਕਿਆਂ ਦੇ ਬਾਲ ਘਰ ਦੀ ਉਸਾਰੀ ਵਿੱਚ ਤੇਜ਼ੀ ਲਿਆਉਣ ਲਈ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਰਕਾਰੀ ਕੰਮਾਂ ਵਿੱਚ ਪਾਰਦਰਸ਼ਤਾ ਅਤੇ ਗੁਣਵੱਤਾ ਨੂੰ ਯਕੀਨੀ ਬਣਾਉਣ ਅਤੇ ਵਿੱਤੀ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ ਕੀਤੀ ਜਾਵੇ।

# ਸ਼ਹੀਦ ਭਗਤ ਸਿੰਘ ਨਗਰ ਐੱਨ.ਆਰ. ਆਈ. ਸ਼ਿਕਾਇਤਾਂ ਵਿੱਚ ਜ਼ੀਰੋ ਲੰਬਿਤ ਅਰਜ਼ੀਆਂ ਵਾਲਾ ਇੱਕੋ ਇੱਕ ਜ਼ਿਲ੍ਹਾ ਬਣ ਕੇ ਉਭਰਿਆ



ਨਵਾਂਸ਼ਹਿਰ, 21 ਫਰਵਰੀ (ਗਿਆਨ ਸਿੰਘ): ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹਾ ਰਾਜ ਦਾ ਇਕਲੌਤਾ ਅਜਿਹਾ ਜ਼ਿਲ੍ਹਾ ਬਣ ਗਿਆ ਹੈ ਜਿੱਥੇ ਲੰਬਿਤ ਐਨ ਆਰ ਆਈ ਸ਼ਿਕਾਇਤਾਂ ਦੀ ਗਿਣਤੀ ਸਿਫ਼ਰ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਨੇ ਦੱਸਿਆ ਕਿ ਦੋ ਮਹੀਨੇ ਪਹਿਲਾਂ ਪੰਜਾਬ ਦੇ ਐਨ.ਆਰ.ਆਈ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ ਜਲੰਧਰ ਵਿਖੇ ਕਰਵਾਈ ਗਈ ਐਨ.ਆਰ.ਆਈ ਮਿਲਣੀ ਵਾਲੇ ਦਿਨ ਜ਼ਿਲ੍ਹੇ 'ਚ 12 ਸ਼ਿਕਾਇਤਾਂ ਲੰਬਿਤ ਸਨ।

ਰੰਧਾਵਾ ਨੇ ਕਿਹਾ ਕਿ ਐਨ.ਆਰ.ਆਈ ਮੀਟ ਵਿਚ ਸ਼ਾਮਲ ਹੋਣ ਤੋਂ ਬਾਅਦ, ਪਹਿਲ ਦੇ ਆਧਾਰ 'ਤੇ ਮੁੱਦਿਆਂ ਨੂੰ ਹੱਲ ਕਰਨ ਲਈ ਲਗਾਤਾਰ ' ਫਾਲੋ-ਅਪ ' ਮੀਟਿੰਗਾਂ ਕੀਤੀਆਂ ਗਈਆਂ, ਜਿਨ੍ਹਾਂ ਦੇ ਫਲਦਾਇਕ ਨਤੀਜੇ ਨੇ ਕੋਈ ਵੀ ਬਕਾਇਆ ਸ਼ਿਕਾਇਤ ਨਹੀਂ ਰਹਿਣ ਦਿੱਤੀ।

ਜ਼ਿਕਰਯੋਗ ਹੈ ਕਿ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਮੰਤਰੀ ਕੁਲਦੀਪ ਸਿੰਘ ਨੇ ਅੱਜ ਸਬੰਧਤ ਜ਼ਿਲ੍ਹਿਆਂ ਨਾਲ ਪੰਜਾਬੀ ਪਰਵਾਸੀ ਭਾਰਤੀਆਂ ਦੀਆਂ ਸ਼ਿਕਾਇਤਾਂ ਦਾ ਜਾਇਜ਼ਾ ਲੈਣ ਲਈ ਇੱਕ ਆਨਲਾਈਨ ਮੀਟਿੰਗ ਦੀ ਪ੍ਰਧਾਨਗੀ ਕੀਤੀ, ਜਿਸ ਵਿੱਚ ਜ਼ਿਲ੍ਹੇ ਵਲੋਂ ਇਹ ਧਿਆਨ 'ਚ ਲਿਆਂਦਾ ਕਿ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੇ ਸਾਰੀਆਂ ਬਕਾਇਆ ਸ਼ਿਕਾਇਤਾਂ ਦਾ ਸਫਲਤਾਪੂਰਵਕ ਨਿਪਟਾਰਾ ਕਰ ਦਿੱਤਾ ਹੈ।

ਇਸ ਆਨਲਾਈਨ ਮੀਟਿੰਗ ਵਿੱਚ ਪੁਲਿਸ ਵਿਭਾਗ ਤੋਂ ਐਸ.ਪੀ.(ਐਚ) ਗੁਰਮੀਤ ਕੌਰ ਨੇ ਸ਼ਿਰਕਤ ਕੀਤੀ।

# ਉਤਰੀ ਕੋਰੀਆ ਦੇ ਮਿਜ਼ਾਈਲ ਪ੍ਰੀਖਣ ਤੋਂ ਚੀਨ, ਜਾਪਾਨ ਦੇ ਹਜ਼ਾਰਾਂ ਲੋਕਾਂ ਨੂੰ ਰੇਡੀਏਸ਼ਨ ਦਾ ਖ਼ਤਰਾ



ਸਿਉਲ, 21 ਫਰਵਰੀ (ਪੋਸਟ ਬਿਊਰੋ): ਉੱਤਰੀ ਕੋਰੀਆ ਨੇ ਹਾਲ ਹੀ ਵਿੱਚ ਇੱਕ ਇੰਟਰਕੌਂਟੀਨੈਂਟਲ ਬੈਲਿਸਟਿਕ ਮਿਜ਼ਾਈਲ ਦਾ ਪ੍ਰੀਖਣ ਕੀਤਾ ਹੈ। ਜੋ ਪਿਉਂਗਯਾਂਗ ਦੀ 'ਘਾਤਕ ਪ੍ਰਮਾਣੂ ਹਮਲੇ ਦੀ ਸਮਰੱਥਾ' ਨੂੰ ਦਰਸਾਉਂਦਾ ਹੈ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਉੱਤਰੀ ਕੋਰੀਆ ਮਿਜ਼ਾਈਲ ਪ੍ਰੀਖਣ ਨੂੰ ਲੈ ਕੇ ਸੁਰਖੀਆਂ ਵਿੱਚ ਹੈ। ਪਰ ਹੁਣ ਸਿਉਲ ਸਥਿਤ ਇਕ ਮਨੁੱਖੀ ਅਧਿਕਾਰ ਸਮੂਹ ਨੇ ਮੰਗਲਵਾਰ ਨੂੰ ਇਕ ਰਿਪੋਰਟ ਵਿਚ ਕਿਹਾ ਕਿ ਉੱਤਰੀ ਕੋਰੀਆ ਦੇ ਹਜ਼ਾਰਾਂ ਲੋਕ ਅਤੇ ਦੱਖਣੀ ਕੋਰੀਆ, ਜਾਪਾਨ ਅਤੇ ਚੀਨ ਦੇ ਲੋਕ ਧਰਤੀ ਹੇਠਲੇ ਪਾਣੀ ਵਿਚ ਫੈਲਣ ਵਾਲੇ ਰੇਡੀਓ ਐਕਟਿਵ ਪਦਾਰਥਾਂ ਦੇ ਸੰਪਰਕ ਵਿਚ ਆ ਸਕਦੇ ਹਨ।

ਅਮਰੀਕਾ ਅਤੇ ਦੱਖਣੀ ਕੋਰੀਆ ਦੀਆਂ ਸਰਕਾਰਾਂ ਦੇ ਅਨੁਸਾਰ, ਉੱਤਰੀ ਕੋਰੀਆ ਨੇ ਪਹਾੜੀ ਉੱਤਰੀ ਹੈਮਗਯੋਂਗ ਸੂਬੇ ਦੇ ਪੁੰਗਗੇ-ਰੀ ਸਾਈਟ 'ਤੇ 2006 ਤੋਂ 2017 ਦਰਮਿਆਨ ਗੁਪਤ ਤੌਰ 'ਤੇ ਛੇ ਪ੍ਰਮਾਣੂ ਹਥਿਆਰਾਂ ਦੇ ਪ੍ਰੀਖਣ ਕੀਤੇ। ਟਰਾਂਜ਼ਿਸ਼ਨਲ ਜਸਟਿਸ ਵਰਕਿੰਗ ਗਰੁੱਪ ਦੇ ਅਧਿਐਨ ਵਿੱਚ ਕਿਹਾ ਗਿਆ ਹੈ ਕਿ ਰੇਡੀਓ ਐਕਟਿਵ ਸਮੱਗਰੀ ਸਾਈਟ ਦੇ ਨੇੜੇ ਅੱਠ ਸ਼ਹਿਰਾਂ ਅਤੇ ਕਾਉਂਟੀਆਂ ਵਿੱਚ ਫੈਲ ਸਕਦੀ ਹੈ। ਇਸ ਸਥਾਨ 'ਤੇ ਧਰਤੀ ਹੇਠਲੇ ਪਾਣੀ ਦੀ ਵਰਤੋਂ ਪੀਣ ਸਮੇਤ ਰੋਜ਼ਾਨਾ ਜੀਵਨ ਵਿੱਚ ਕੀਤੀ ਜਾਂਦੀ ਹੈ।

ਇਸ ਦੇ ਨਾਲ ਹੀ ਇਹ ਵੀ ਕਿਹਾ ਗਿਆ ਹੈ ਕਿ ਉੱਤਰ ਤੋਂ ਤਸਕਰੀ ਕੀਤੇ ਜਾਣ ਵਾਲੇ ਖੇਤੀਬਾੜੀ ਅਤੇ ਮੱਛੀ ਉਤਪਾਦਾਂ ਦੇ ਕਾਰਨ ਗੁਆਂਢੀ ਦੇਸ਼ ਦੱਖਣੀ ਕੋਰੀਆ, ਚੀਨ ਅਤੇ ਜਾਪਾਨ ਨੂੰ ਅੰਸ਼ਕ ਤੌਰ 'ਤੇ ਖਤਰਾ ਹੋ ਸਕਦਾ ਹੈ। 2014 ਵਿੱਚ ਬਣਾਏ ਗਏ ਸਮੂਹ ਨੇ ਪਰਮਾਣੂ ਅਤੇ ਮੈਡੀਕਲ ਮਾਹਿਰਾਂ ਅਤੇ ਡਿਫੈਕਟਰਾਂ ਨਾਲ ਕੰਮ ਕੀਤਾ ਅਤੇ ਅਧਿਐਨ ਲਈ ਉਪਨ ਸੋਰਸ ਇੰਟੈਲੀਜੈਂਸ ਅਤੇ ਜਨਤਕ ਤੌਰ 'ਤੇ ਉਪਲਬਧ ਸਰਕਾਰ ਅਤੇ ਸੰਯੁਕਤ ਰਾਸ਼ਟਰ ਦੀਆਂ ਰਿਪੋਰਟਾਂ ਦੀ ਵਰਤੋਂ ਕੀਤੀ, ਜਿਸ ਨੂੰ ਅਮਰੀਕੀ ਕਾਂਗਰਸ ਦੁਆਰਾ ਨੈਸ਼ਨਲ ਐਂਡੋਮੈਂਟ ਫਾਰ ਡੈਮੋਕਰੇਸੀ, ਇੱਕ ਗੈਰ-ਮੁਨਾਫ਼ਾ ਕਾਰਪੋਰੇਸ਼ਨ ਦੁਆਰਾ ਮਨਜ਼ੂਰ ਕੀਤਾ ਗਿਆ ਸੀ।

ਗਰੁੱਪ ਦੇ ਹਿਊਬਰਟ ਯੰਗ-ਹਵਾਨ ਲੀ ਨੇ ਕਿਹਾ, "ਇਹ ਰਿਪੋਰਟ ਇਹ ਦਰਸਾਉਣ ਵਿੱਚ ਮਹੱਤਵਪੂਰਨ ਹੈ ਕਿ ਉੱਤਰੀ ਕੋਰੀਆ ਦੇ ਪ੍ਰਮਾਣੂ ਪ੍ਰੀਖਣਾਂ ਨਾਲ ਨਾ ਸਿਰਫ਼ ਉੱਤਰੀ ਕੋਰੀਆ ਦੇ ਲੋਕਾਂ ਦੇ ਜੀਵਨ ਅਤੇ ਸਿਹਤ ਦੇ ਅਧਿਕਾਰ ਨੂੰ ਖ਼ਤਰਾ ਹੋ ਸਕਦਾ ਹੈ, ਸਗੋਂ ਦੱਖਣੀ ਕੋਰੀਆ ਅਤੇ ਹੋਰ ਗੁਆਂਢੀ ਦੇਸ਼ਾਂ ਦੇ ਲੋਕਾਂ ਨੂੰ ਵੀ ਖ਼ਤਰਾ ਹੋ ਸਕਦਾ ਹੈ।"

# ਜ਼ਿਲ੍ਹਾ ਭਾਸ਼ਾ ਦਫ਼ਤਰ ਪਠਾਨਕੋਟ ਵੱਲੋਂ ਕੌਮਾਂਤਰੀ ਮਾਂ ਬੋਲੀ ਦਿਹਾੜਾ ਮਨਾਇਆ





ਪਠਾਨਕੋਟ, 23 ਫਰਵਰੀ (ਰਾਜਿੰਦਰ ਸਿੰਘ ਰਜਨ): ਪੰਜਾਬ ਸਰਕਾਰ ਦੇ ਆਦੇਸ਼ ਅਤੇ ਭਾਸ਼ਾ ਵਿਭਾਗ ਪੰਜਾਬ ਦੀ ਰਹਿਨੁਮਾਈ ਅਧੀਨ ਜ਼ਿਲ੍ਹਾ ਭਾਸ਼ਾ ਦਫ਼ਤਰ ਪਠਾਨਕੋਟ ਵੱਲੋਂ ਕੌਮਾਂਤਰੀ ਮਾਂ ਬੋਲੀ ਦਿਹਾੜਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਪਠਾਨਕੋਟ ਵਿਖੇ ਮਨਾਇਆ ਗਿਆ ਜਿਸ ਵਿੱਚ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ਼੍ਰੀ ਰੋਹਿਤ ਸਿਆਲ ਜੀ ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ ਅਤੇ ਪੰਜਾਬੀ ਦੇ ਪ੍ਰਸਿੱਧ ਸਾਹਿਤਕਾਰ ਅਤੇ ਅਦਾਰਾ ‘ਰੂਪਾਂਤਰ’ ਦੇ ਸੰਪਾਦਕ ਸ। ਧਿਆਨ ਸਿੰਘ ਸ਼ਾਹ ਸਿਕੰਦਰ ਜੀ ਵਿਸ਼ੇਸ਼ ਮਹਿਮਾਨ ਰਹੇ । ਸਭ ਤੋਂ ਪਹਿਲਾਂ ਪ੍ਰੋਗਰਾਮ ਦਾ ਆਗਾਜ਼ ਵਿਭਾਗੀ ਧੁਨੀ ਨਾਲ ਕੀਤਾ ਗਿਆ ਤੇ ਉਪਰੰਤ ਹਾਜ਼ਰੀਨ ਵੱਲੋਂ ਮਾਂ ਬੋਲੀ ਦੀ ਪ੍ਰਗਤੀ ਲਈ ਅਹਿਦ ਲਿਆ ਗਿਆ । ਇਸ ਉਪਰੰਤ ਕਾਲਜ ਦੇ ਵਿਦਿਆਰਥੀਆਂ ਦੇ ਕਾਵਿ ਉਚਾਰਨ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਉਨ੍ਹਾਂ ਵੱਲੋਂ ਮਾਂ ਬੋਲੀ ਨੂੰ ਸਮਰਪਿਤ ਬਹੁਤ ਸੋਹਣੀਆਂ ਕਾਵਿ ਰਚਨਾਵਾਂ ਪ੍ਰਸਤੁਤ ਕੀਤੀਆਂ । ਮਾਂ ਬੋਲੀ ਦਿਹਾੜੇ ਨੂੰ ਸਮਰਪਿਤ ਵਿਚਾਰ-ਗੋਸ਼ਟੀ ਤਹਿਤ ਵੱਖ ਵੱਖ ਕਾਲਜਾਂ ਦੇ ਪ੍ਰਬੁੱਧ ਵਿਦਵਾਨਾਂ ਵੱਲੋਂ ਖੋਜ ਪੇਪਰ ਪ੍ਰਸਤੁਤ ਕੀਤੇ ਗਏ ਜਿਸ ਤਹਿਤ ਡਾ। ਜਸਪ੍ਰੀਤ ਕੌਰ ਨੇ ‘ਮਾਤ ਭਾਸ਼ਾ ਦਾ ਮਹੱਤਵ, ਡਾ। ਰੁਪਿੰਦਰਜੀਤ ਗਿੱਲ ਨੇ’ ਪੰਜਾਬੀ ਜ਼ੁਬਾਨ : ਦਰਪੇਸ਼ ਸਮੱਸਿਆਵਾਂ ਤੇ ਡਾ। ਸੁਖਵਿੰਦਰ ਸਿੰਘ ਹੋਰਾਂ ਨੇ ‘ਪੰਜਾਬੀ ਭਾਸ਼ਾ ਦੀ ਸਥਿਤੀ : ਇਤਿਹਾਸਕ ਪਿਛੋਕੜ’ ਵਿਸ਼ੇ ’ਤੇ ਪੇਪਰ ਪੜ੍ਹਿਆ । ਤਿੰਨੋਂ ਹੀ ਵਿਦਵਾਨਾਂ ਦੇ ਖੋਜ ਪੇਪਰ ਬਹੁਤ ਭਾਵਪੂਰਤ ਤੇ ਵਿਦਵਤਾ ਭਰਪੂਰ ਸਨ । ਇਸ ਉਪਰੰਤ ਕਵੀ ਦਰਬਾਰ ’ਚ ਹਾਜ਼ਰ ਕਵੀਆਂ ਵੱਲੋਂ ਆਪਣੇ ਆਪਣੇ ਕਲਾਮ ਪੇਸ਼ ਕੀਤੇ । ਸੁਭਾਸ਼ ਸੂਫੀ ਦੇ ਗੀਤ, ਸ਼ਾਹ ਸਿੰਕਦਰ ਜੀ ਦੀ ਨਜ਼ਮ, ਬਿਸ਼ਨ ਦਾਸ ਜੀ ਦੀ ਤਰਨੁੰਮ ’ਚ ਪੇਸ਼ ਰਚਨਾ ਗੁਰਦੀਪ ਸਫ਼ਰੀ ਦੀ ਕਵਿਤਾ ਦੀ ਪੇਸ਼ਕਾਰੀ ਕਮਾਲ ਦੀ ਰਹੀ । ਸ਼ਾਹ ਸਿਕੰਦਰ ਜੀ ਵੱਲੋਂ ਪੰਜਾਬੀ ਭਾਸ਼ਾ ਦੀਆਂ ਸਮੱਸਿਆਵਾਂ ’ਤੇ ਨਿੱਠ ਕੇ ਗੱਲ ਕੀਤੀ । ਕਾਲਜ ਦੇ ਪ੍ਰਿੰਸੀਪਲ ਡਾ। ਅਰਪਣਾ ਚੰਦੇਲ ਜੀ ਵੱਲੋਂ ਆਏ ਮਹਿਮਾਨਾਂ ਨੂੰ ਜੀ ਆਇਆਂ ਨੂੰ ਕਿਹਾ ਤੇ ਭਾਸ਼ਾ ਵਿਭਾਗ ਦੇ ਉਪਰਾਲੇ ਦੀ ਰੱਜ ਕੇ ਸ਼ਲਾਘਾ ਕੀਤੀ । ਜ਼ਿਲ੍ਹਾ ਭਾਸ਼ਾ ਅਫ਼ਸਰ ਡਾ। ਸੁਰੇਸ਼ ਮਹਿਤਾ ਨੇ ਮਾਂ ਬੋਲੀ ਦੇ ਦਿਹਾੜੇ ਦੀ ਮੁਬਾਰਕਬਾਦ ਕਹਿੰਦਿਆਂ ਮਾਂ ਬੋਲੀ ਦੇ ਪ੍ਰਚਾਰ, ਪ੍ਰਸਾਰ, ਸੰਚਾਰ ਲਈ ਵਿਭਾਗ ਵੱਲੋਂ ਕੀਤੇ ਜਾ ਰਹੇ ਯਤਨਾਂ ਅਤੇ ਸਕੀਮਾਂ ਦੀ ਜਾਣਕਾਰੀ ਸਾਂਝੀ ਕੀਤੀ ਤੇ ਜ਼ਿਲ੍ਹੇ ਅੰਦਰ ਪੰਜਾਬੀ ਭਾਸ਼ਾ ਤੇ ਹੋਰ ਭਾਸ਼ਾਵਾਂ ਦੇ ਵਿਕਾਸ ਲਈ ਤੇ ਜ਼ਿਲ੍ਹੇ ਅੰਦਰ ਸਾਹਿਤਕ ਮਾਹੌਲ ਸਿਰਜਣ ਲਈ ਵਚਨਵੱਧਤਾ ਦੁਹਰਾਈ । ਇਸ ਮੌਕੇ ਪ੍ਰਿੰਸੀਪਲ ਸਨੇਹ ਸਰਿਤਾ ਜੋਸ਼ੀ ਜੀ ਵੱਲੋਂ ਵੀ ਸ਼ਬਦਾਂ ਦੀ ਸਾਂਝ ਪਾਈ ਗਈ । ਰੋਹਿਤ ਸਿਆਲ ਜੀ ਨੇ ਪ੍ਰਧਾਨਗੀ ਭਾਸ਼ਣ ’ਚ ਆਪਣੀ ਸਰਕਾਰ ਵੱਲੋਂ ਪੰਜਾਬੀ ਮਾਂ ਬੋਲੀ ਲਈ ਕੀਤੇ ਜਾ ਰਹੇ ਸੁਹਿਰਦ ਯਤਨਾਂ ਅਤੇ ਕੋਸ਼ਿਸ਼ਾਂ ਸੰਬੰਧੀ ਰੋਸ਼ਨੀ ਪਾਈ ਤੇ ਮਾਂ ਬੋਲੀ ਦੇ ਵਿਕਾਸ ਲਈ ਹਮੇਸ਼ਾ ਹਾਜ਼ਰ ਰਹਿਣ ਦੀ ਗੱਲ ਆਖੀ । ਸਮਾਰੋਹ ਦੇ ਅੰਤ ’ਤੇ ਜੇਤੂ ਵਿਦਿਆਰਥੀਆਂ ਅਤੇ ਆਏ ਸਾਹਿਤਕਾਰਾਂ ਤੇ ਮਹਿਮਾਨਾਂ ਨੂੰ ਸਨਮਾਨ ਪੱਤਰ ਤੇ ਸਨਮਾਨ ਚਿੰਨ੍ਹ ਭੇਟ ਕੀਤੇ ਗਏ । ਇਸ ਸਮੇਂ ਵਿਭਾਗ ਵੱਲੋਂ ਪੁਸਤਕ ਪ੍ਰਦਰਸ਼ਨੀ ਵੀ ਲਗਾਈ ਗਈ । ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਰਾਜੇਸ਼ ਕੁਮਾਰ ਖੋਜ ਅਫ਼ਸਰ ਵੱਲੋਂ ਬਹੁਤ ਅਹਿਮ ਭੂਮਿਕਾ ਨਿਭਾਈ ਤੇ ਪੁਸਤਕ ਪ੍ਰਦਰਸ਼ਨੀ ਲਈ ਸਾਹਿਲ ਸ਼ਰਮਾ, ਕਮਲ ਕਿਸ਼ੋਰ ਅਤੇ ਅਨੀਤਾ ਦੇਵੀ ਦੀ ਭੂਮਿਕਾ ਰਹੀ ।

# ਰੋਡਵੇਜ਼ ਬੱਸ ’ਚ ਸ਼ਰਾਬੀ ਵਿਅਕਤੀ ਨੇ ਔਰਤ ਦੀ ਸੀਟ ’ਤੇ ਕੀਤਾ ਪਿਸ਼ਾਬ




ਬੈਂਗਲੁਰੂ, 23 ਫਰਵਰੀ (ਪੋਸਟ ਬਿਊਰੋ):ਕਰਨਾਟਕ ਸਟੇਟ ਰੋਡ ਟਰਾਂਸਪੋਰਟ ਕਾਰਪੋਰੇਸ਼ਨ (ਕੇਐਸਆਰਟੀਸੀ) ਨੇ ਵੀਰਵਾਰ ਨੂੰ ਪੁਸ਼ਟੀ ਕੀਤੀ ਕਿ ਮੰਗਲੌਰ ਜਾ ਰਹੀ ਬੱਸ ਵਿੱਚ ਇੱਕ ਸ਼ਰਾਬੀ ਯਾਤਰੀ ਨੇ ਇੱਕ ਮਹਿਲਾ ਦੀ ਸੀਟ ਉੱਤੇ ਪਿਸ਼ਾਬ ਕਰ ਦਿੱਤਾ। ਬੁੱਧਵਾਰ ਰਾਤ ਕਰੀਬ 10 ਵਜੇ ਔਰਤ ਨੇ ਬੱਸ ਵਿਚ ਸਵਾਰ ਹੁੰਦੇ ਹੀ ਉਸ ਵਿਅਕਤੀ ਨੂੰ ਗੰਦਾ ਕੰਮ ਕਰਦੇ ਫੜ੍ਹ ਲਿਆ। ਔਰਤ ਨੇ ਜਿਵੇਂ ਹੀ ਬੱਸ ਡਰਾਈਵਰ ਅਤੇ ਕੰਡਕਟਰ ਨੂੰ ਘਟਨਾ ਦੀ ਸੂਚਨਾ ਦਿੱਤੀ ਤਾਂ ਬੱਸ ਦਾ ਸਟਾਫ ਹਰਕਤ ਵਿੱਚ ਆ ਗਿਆ। ਜਿਸ ਤੋਂ ਬਾਅਦ ਨਸ਼ੇ 'ਚ ਧੁੱਤ ਯਾਤਰੀ ਨੂੰ ਵਿਜੇਪੁਰ-ਮੈਂਗਲੋਰ ਬੱਸ 'ਚੋਂ ਇਕ ਹੋਟਲ ਨੇੜੇ ਉਤਾਰ ਦਿੱਤਾ ਗਿਆ। ਗੰਦੀ ਸੀਟ ਨੂੰ ਸਾਫ਼ ਕਰ ਦਿੱਤਾ ਗਿਆ ਅਤੇ ਬਾਕੀ ਦੇ ਸਫ਼ਰ ਲਈ ਔਰਤ ਨੂੰ ਦੂਜੀ ਸੀਟ 'ਤੇ ਬਿਠਾਇਆ ਗਿਆ।

ਇੱਕ ਬਿਆਨ ਵਿੱਚ, ਕੇਐਸਆਰਟੀਸੀ ਨੇ ਸਪੱਸ਼ਟ ਕੀਤਾ ਕਿ ਆਦਮੀ ਨੇ ਔਰਤ 'ਤੇ ਪਿਸ਼ਾਬ ਨਹੀਂ ਕੀਤਾ ਸੀ ਅਤੇ ਘਟਨਾ ਲਈ ਮੁਆਫੀ ਮੰਗੀ ਸੀ। ਇਸ ਤੋਂ ਇਲਾਵਾ, ਪੀੜਤ ਔਰਤ ਨੇ ਸ਼ਰਾਬੀ ਯਾਤਰੀ ਦੇ ਖਿਲਾਫ ਪੁਲਿਸ ਸ਼ਿਕਾਇਤ ਦਰਜ ਨਹੀਂ ਕਰਵਾਈ ਅਤੇ ਬੱਸ ਆਪਣੀ ਨਿਰਧਾਰਤ ਯਾਤਰਾ ਨਾਲ ਜਾਰੀ ਰਹੀ।

ਜ਼ਿਕਰਯੋਗ ਹੈ ਕਿ ਹਾਲ ਹੀ 'ਚ ਏਅਰ ਇੰਡੀਆ ਦੀਆਂ ਉਡਾਣਾਂ 'ਚ ਵੀ ਪਿਸ਼ਾਬ ਕਰਨ ਦੀਆਂ ਕਈ ਘਟਨਾਵਾਂ ਸਾਹਮਣੇ ਆਈਆਂ ਹਨ। ਜਿਸ ਲਈ ਡੀਜੀਸੀਏ ਨੇ ਏਅਰਲਾਈਨ 'ਤੇ 30 ਲੱਖ ਦਾ ਜੁਰਮਾਨਾ ਲਗਾਇਆ ਸੀ। ਡੀਜੀਸੀਏ ਨੇ ਪਾਇਲਟ ਦਾ ਲਾਇਸੈਂਸ 3 ਮਹੀਨਿਆਂ ਲਈ ਮੁਅੱਤਲ ਕਰ ਦਿੱਤਾ ਹੈ। ਏਅਰ ਇੰਡੀਆ ਨੇ ਬਜ਼ੁਰਗ ਔਰਤ 'ਤੇ ਪਿਸ਼ਾਬ ਕਰਨ ਦੇ ਦੋਸ਼ 'ਚ ਚਾਰ ਮਹੀਨਿਆਂ ਲਈ ਉਡਾਣ ਭਰਨ 'ਤੇ ਪਾਬੰਦੀ ਲਗਾ ਦਿੱਤੀ ਸੀ।

# 23 ਮਾਰਚ ਨੂੰ ਹੁਸੈਨੀਵਾਲਾ ਵਿਖੇ ਸ਼ਹੀਦਾਂ ਦੀ ਯਾਦ ਵਿੱਚ ਹੋਵੇਗਾ ਰਾਜ ਪੱਧਰੀ ਸ਼ਹੀਦੀ ਸਮਾਗਮ : ਧੀਮਾਨ

ਫ਼ਿਰੋਜ਼ਪੁਰ, 22 ਫਰਵਰੀ (ਗਿਆਨ ਸਿੰਘ): ਸ਼ਹੀਦੀ ਸਮਾਰਕ ਹੁਸੈਨੀਵਾਲਾ ਵਿਖੇ 23 ਮਾਰਚ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦੇ ਹੋਣ ਵਾਲੇ ਸ਼ਹੀਦੀ ਸਮਾਗਮ ਲਈ ਲੋੜੀਂਦੇ ਪ੍ਰਬੰਧ ਕਰਨ ਲਈ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਦੀ ਪ੍ਰਧਾਨਗੀ ਹੇਠ ਵਿਸ਼ੇਸ਼ ਮੀਟਿੰਗ ਹੋਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਰੁਣ ਕੁਮਾਰ ਸ਼ਰਮਾ, ਐੱਸ.ਡੀ.ਐੱਮ. ਫ਼ਿਰੋਜ਼ਪੁਰ ਸ੍ਰੀ ਅਰਵਿੰਦ ਪ੍ਰਕਾਸ਼ ਵਰਮਾ, ਸਹਾਇਕ ਕਮਿਸ਼ਨਰ ਸੂਰਜ ਕੁਮਾਰ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਜਸਵੰਤ ਸਿੰਘ ਬੜੈਚ ਵੀ ਹਾਜ਼ਰ ਸਨ।



ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 23 ਮਾਰਚ ਨੂੰ ਹੁਸੈਨੀਵਾਲਾ ਵਿਖੇ ਸ਼ਹੀਦ-ਏ-ਆਜ਼ਮ ਸ੍ਰ. ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਜੀ ਦਾ ਸ਼ਹੀਦੀ ਦਿਹਾੜਾ ਰਾਜ ਪੱਧਰ ਮਨਾਇਆ ਜਾਵੇਗਾ ਅਤੇ ਇਸ ਸਮਾਗਮ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਤੋਂ ਇਲਾਵਾ ਵੱਡੀ ਪੱਧਰ ਤੇ ਕੈਬਨਿਟ ਮੰਤਰੀ, ਵਿਧਾਇਕ ਆਦਿ ਸ਼ਿਰਕਤ ਕਰਨਗੇ। ਉਨ੍ਹਾਂ ਸੰਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਸ ਸ਼ਹੀਦੀ ਸਮਾਗਮ ਨੂੰ ਮਨਾਉਣ ਸਬੰਧੀ ਆਪਣੇ-ਆਪਣੇ ਵਿਭਾਗਾਂ ਦੇ ਸਾਰੇ ਪ੍ਰਬੰਧ ਮੁਕੰਮਲ ਕਰ ਲੈਣ ਤਾਂ ਜੋ ਇਸ ਸਮਾਗਮ ਨੂੰ ਮਨਾਉਣ ਸਬੰਧੀ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਸਮੂਹ ਵਿਭਾਗੀ ਅਧਿਕਾਰੀਆਂ ਵੱਲੋਂ ਆਪੋ-ਆਪਣੀ ਡਿਊਟੀ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਈ ਜਾਵੇ ਤਾਂ ਜੋ ਸ਼ਹੀਦੀ ਸਮਾਰੋਹ ਨੂੰ ਪੂਰੀ ਸ਼ਰਧਾ 'ਤੇ ਉਤਸ਼ਾਹ ਨਾਲ ਮਨਾਇਆ ਜਾ ਸਕੇ।

ਮੀਟਿੰਗ ਦੌਰਾਨ ਉਨ੍ਹਾਂ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸਮਾਗਮ ਵਾਲੀ ਥਾਂ 'ਤੇ ਲੋੜੀਂਦੀਆਂ ਸਿਹਤ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਪੁਲਿਸ ਵਿਭਾਗ ਨੂੰ ਕਿਹਾ ਕਿ ਸਮਾਗਮ ਵਾਲੇ ਰੂਟ 'ਤੇ ਟਰੈਫ਼ਿਕ ਨੂੰ ਨਿਰਵਿਘਨ ਚਲਾਉਣ ਲਈ ਪੁਖ਼ਤਾ ਪ੍ਰਬੰਧ ਕੀਤੇ ਜਾਣ। ਉਨ੍ਹਾਂ ਨੇ ਪੰਜਾਬ ਰੋਡਵੇਜ਼ ਦੇ ਜੀ.ਐਮ. ਅਤੇ ਰੇਲਵੇ ਦੇ ਅਧਿਕਾਰੀਆਂ ਨੂੰ ਕਿਹਾ ਕਿ ਸਮਾਗਮ ਵਾਲੇ ਸਥਾਨ 'ਤੇ ਰਿਕਵਰੀ ਵੈਨ ਦਾ ਪ੍ਰਬੰਧ ਕੀਤਾ ਜਾਵੇ ਅਤੇ ਲੋਕਾਂ ਨੂੰ ਲਿਆਉਣ ਅਤੇ ਛੱਡਣ ਲਈ ਲੋੜ ਅਨੁਸਾਰ ਬੱਸਾਂ ਅਤੇ ਰੇਲ ਗੱਡੀਆਂ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਜ਼ਿਲ੍ਹਾ ਮੰਡੀ ਅਫ਼ਸਰ ਅਤੇ ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਇਸ ਸਮਾਗਮ ਵਿਚ ਆਉਣ ਵਾਲੇ ਲੋਕਾਂ ਲਈ ਪੀਣ ਵਾਲੇ ਸਾਫ਼ ਸੁਥਰੇ ਪਾਣੀ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹਾ ਜੰਗਲਾਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਦਰੱਖਤਾਂ ਦੀ ਛੰਗਾਈ ਅਤੇ ਦਰਖਤਾਂ ਦੇ ਮੁੱਢਾਂ 'ਤੇ ਕਲੀ ਕੀਤੀ ਜਾਵੇ ਅਤੇ ਸਬੰਧਿਤ ਵਿਭਾਗ ਵੱਲੋਂ ਸੜਕਾਂ ਤੇ ਆਲੇ-ਦੁਆਲੇ ਦੀ ਸਫ਼ਾਈ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਫਾਇਰ ਬ੍ਰਿਗੇਡ ਦੇ ਅਧਿਕਾਰੀਆਂ ਨੂੰ ਕਿਹਾ ਕਿ ਸਮਾਗਮ ਵਾਲੀ ਥਾਂ 'ਤੇ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਅਤੇ ਟੀਮਾਂ ਤਾਇਨਾਤ ਕੀਤੀਆਂ ਜਾਣ।

ਇਸ ਮੌਕੇ ਤਹਿਸੀਲਦਾਰ ਸੁਖਬੀਰ ਕੌਰ, ਬੀ.ਐਸ.ਐਫ. ਕਮਾਂਡੈਂਟ ਕ੍ਰਿਸ਼ਨ ਕਾਂਤ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

Tri-City
Professional Realty Inc., Brokerage.
The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Tel: 905.793.5777
Avtar Singh Tiwana
Sales Representative
416.802.5866
31 Melanie Dr. Unit #4 Brampton, ON L6T 5H8
SOLD $1,399,999 CASTLEMORE/GOREWAY
SOLD $1,749,900 8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜ਼ਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866
SOLD $1,950,000 26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਚ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਉਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਚ ਸੈਪਰੇਟ ਐਂਟਰੈਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਊਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ

## ਕੁਈਨਜ਼ਵੁੱਡ ਕਾਲਜ ਆਫ਼ ਬਿਜ਼ਨਸ ਹੈਲਥ ਐਂਡ ਟੈਕਨਾਲੋਜੀ ਡਿਪਲੋਮਾ ਅਤੇ ਛੋਟੇ ਕੋਰਸ ਪੇਸ਼ ਕਰਦਾ ਹੈ

ਡਿਪਲੋਮਾ ਪ੍ਰੋਗਰਾਮਾਂ ਵਿੱਚ ਅਸੀਂ **Medical Office Assistant** ਪ੍ਰੋਗਰਾਮ ਪੇਸ਼ ਕਰ ਰਹੇ ਹਾਂ । ਇਹ ਪ੍ਰੋਗਰਾਮ ਉਹਨਾਂ ਸਾਰਿਆਂ ਲਈ ਢੁਕਵਾਂ ਹੈ ਜੋ ਡਾਕਟਰ ਦੇ ਦਫ਼ਤਰ ਵਿੱਚ ਕੰਮ ਕਰਨਾ ਚਾਹੁੰਦੇ ਹਨ। ਤੁਸੀਂ ਇਸ ਕੋਰਸ ਨੂੰ ਪੂਰਾ ਕਰਨ ਤੋਂ ਬਾਅਦ ਡਾਕਟਰ ਦੇ ਦਫਤਰ ਵਿੱਚ ਇੱਕ ਚੰਗੀ ਸਫੈਦ ਕਾਲਰ ਦੀ ਨੌਕਰੀ ਪ੍ਰਾਪਤ ਕਰ ਸਕਦੇ ਹੋ। ਇਹ ਪ੍ਰੋਗਰਾਮ 47 ਹਫ਼ਤਿਆਂ ਦਾ ਹੈ। ਇਸ ਪ੍ਰੋਗਰਾਮ ਵਿੱਚ ਡਾਕਟਰ ਦੇ ਦਫ਼ਤਰ ਵਿੱਚ 240 **Hours** ਦੀ ਵਿਹਾਰਕ ਸਿਖਲਾਈ ਸ਼ਾਮਲ ਹੈ ਜੋ ਕਿ ਗਿਆਨ ਪ੍ਰਾਪਤ ਕਰਨ ਵਿੱਚ ਮਦਦਗਾਰ ਹੈ।

ਇਹ ਪ੍ਰੋਗਰਾਮ ਕਿਸੇ ਵੀ ਕੰਪਨੀ ਦੇ ਪ੍ਰਸ਼ਾਸਕੀ ਖੇਤਰ, ਫਰੰਟ ਡੈਸਕ ਨੌਕਰੀਆਂ, ਰਿਸੈਪਸ਼ਨਿਸਟ, ਆਫਿਸ ਐਡਮਿਨਿਸਟ੍ਰੇਟੋ ਵਿੱਚ ਨੌਕਰੀ ਪ੍ਰਾਪਤ ਕਰਨ ਵਿੱਚ ਮਦਦ ਕਰਦਾ ਹੈ।

ਇਸ ਕੋਰਸ ਲਈ ਪੂਰਵ ਸ਼ਰਤ ਹੈ, ਪ੍ਰੋਗਰਾਮ ਵਿੱਚ ਦਾਖਲਾ ਲੈਣ ਲਈ ਕਿਸੇ ਵੀ ਦੇਸ਼ ਤੋਂ ਘੱਟੋ-ਘੱਟ ਬਾਰ੍ਹਵੀਂ ਜਮਾਤ ਜਾਂ ਤੁਹਾਡੀ ਉਮਰ 18 ਸਾਲ ਤੋਂ ਵੱਧ ਹੋਣੀ ਚਾਹੀਦੀ ਹੈ।

ਇਸ ਤੋਂ ਇਲਾਵਾ, Office Administration ਡਿਪਲੋਮਾ ਪ੍ਰੋਗਰਾਮ ਅਤੇ Personal Support Worker, Food Service Worker, ਪ੍ਰੋਗਰਾਮ ਵੀ ਪੇਸ਼ ਕੀਤੇ ਜਾਂਦੇ ਹਨ। ਛੋਟੇ ਕੋਰਸਾਂ ਵਿੱਚ, ਬੇਸਿਕ ਤੋਂ ਐਡਵਾਂਸ ਕੰਪਿਊਟਰ ਕੋਰਸ, ਅੰਗਰੇਜ਼ੀ ਭਾਸ਼ਾ ਦੇ ਕੋਰਸ, Accounting, ਆਈਲੈਟਸ, ਸੇਲਪਪ, ਡੇਟਾ ਐਂਟਰੀ ਅਤੇ ਫਰੈਂਚ ਕਲਾਸਾਂ ਵੀ ਇੱਥੇ ਦਿੱਤੀਆਂ ਜਾ ਰਹੀਆਂ ਹਨ। ਕਲਾਸਾਂ ਹਫ਼ਤੇ ਦੇ ਦਿਨ ਅਤੇ ਸ਼ਨੀਵਾਰ ਲਈ ਉਪਲਬਧ ਹਨ। Flexible schedule.

ਵਧੇਰੇ ਜਾਣਕਾਰੀ ਲਈ, ਤੁਸੀਂ 905-872-0088 ਤੇ ਕਾਲ ਕਰ ਸਕਦੇ ਹੋ।

Website: www.queenswood.com

Address: 2023 William, Pkwy, Unit 3, Brampton, ON, L6S 5N1

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

Marriage
Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

June 24 1990, Height: 5 feet 7inches, Study: Bachelor of Nursing, Occupation: Registered Nurse (RN) Job: Employed at Brampton Civic Hospital, Boy should be preferably in Ludhiana district and Brampton, Jatt Sikh, No drugs or alcohol, Contact : 647-388-1992

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com
ਹਰਜੀਤ ਧਨੋਆ

ਸੈਲ ਐਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

# ਕੌਮਾਂਤਰੀ ਮਾਂ-ਬੋਲੀ ਦਿਵਸ ਤੇ ਭਵਨਦੀਪ ਸਿੰਘ ਪੁਰਬਾ, ਡਾ. ਸਰਬਜੀਤ ਕੌਰ ਬਰਾੜ ਅਤੇ ਲੇਖਕ ਬਲਦੇਵ ਸਿੰਘ ਆਜਾਦ ਦਾ ਵਿਸ਼ੇਸ਼ ਸਨਮਾਨ

## ਯੂਨੀਵਰਸਲ ਮਨੁੱਖੀ ਅਧਿਕਾਰ ਫਰੰਟ ਪੰਜਾਬੀ ਵਿਰਾਸਤ ਦੀਆਂ ਮਾਣਮੱਤੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕਰਕੇ ਮਾਣ ਮਹਿਸੂਸ ਕਰਦਾ ਹੈ ਤੇਜਿੰਦਰਪਾਲ ਸਿੰਘ ਚੀਮਾ



ਮੋਗਾ, 23 ਫਰਬਰੀ (ਗਿਆਨ ਸਿੰਘ): ਕੌਮਾਂਤਰੀ ਮਾਂ-ਬੋਲੀ ਦਿਵਸ ਤੇ ਯੂਨੀਵਰਸਲ ਮਨੁੱਖੀ ਅਧਿਕਾਰ ਫਰੰਟ ਵੱਲੋਂ ਗੁਰਦੁਆਰਾ ਬੀਬੀ ਕਾਹਨ ਕੌਰ ਮੋਗਾ ਵਿਖੇ ਹੋਏ ਇਕ ਪ੍ਰੋਗਰਾਮ ਦੌਰਾਨ ਪੰਜਾਬੀ ਭਾਸ਼ਾ ਦੇ ਪ੍ਰਚਾਰ ਤੇ ਪ੍ਰਸਾਰ ਵਿੱਚ ਯੋਗਦਾਨ ਪਾਉਣ ਵਾਲੀਆਂ ਸ਼ਖਸੀਅਤਾਂ 'ਮਹਿਕ ਵਤਨ ਦੀ ਲਾਈਵ' ਬਿਓਰੋ ਦੇ ਮੁੱਖ ਸੰਪਾਦਕ ਭਵਨਦੀਪ ਸਿੰਘ ਪੁਰਬਾ, ਸਮਾਜ ਸੇਵੀ ਡਾ. ਸਰਬਜੀਤ ਕੌਰ ਬਰਾੜ ਅਤੇ ਪ੍ਰਸਿੱਧ ਲੇਖਕ ਸ. ਬਲਦੇਵ ਸਿੰਘ ਆਜਾਦ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ।

ਇਸ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ ਤੇ ਹਾਜਰ ਹੋਏ ਸੰਤ ਬਾਬਾ ਰੇਸ਼ਮ ਸਿੰਘ ਜੀ ਖੁਖਰਾਣਾ ਨੇ ਆਪਣੇ ਕਰਕਮਲਾਂ ਨਾਲ ਉਪਰੋਕਤ ਤਿੰਨਾਂ ਸ਼ਖਸੀਅਤਾਂ ਨੂੰ ਵਿਸ਼ੇਸ਼ ਸਨਮਾਨ ਪੱਤਰ ਅਤੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹਾਜਰ ਹੋਏ ਸਾਰੇ ਹੀ ਪਤਵੰਤੇ ਸੱਜਣਾਂ ਨੂੰ ਵੀ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬੋਲਦਿਆਂ ਯੂਨੀਵਰਸਲ ਮਨੁੱਖੀ ਅਧਿਕਾਰ ਫਰੰਟ ਦੇ ਕੌਮੀ ਚੇਅਰਮੈਨ ਅਤੇ ਅਦਾਰਾ 'ਲੋਕ ਸੇਵਕ' ਦੇ ਪ੍ਰਬੰਧਕ ਸੰਪਾਦਕ ਸ. ਤੇਜਿੰਦਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਾਡੀ ਸੰਸਥਾਂ ਪੰਜਾਬੀ ਵਿਰਾਸਤ ਦੀਆਂ ਮਾਣਮੱਤੀਆਂ ਸ਼ਖਸੀਅਤਾਂ ਨੂੰ ਸਨਮਾਨਿਤ ਕਰਕੇ ਮਾਣ ਮਹਿਸੂਸ ਕਰਦੀ ਹੈ।

ਇਸ ਮੌਕੇ ਬਹੁੱਤ ਸਾਰੀਆਂ ਧਾਰਮਿਕ, ਸਮਾਜ ਸੇਵੀ ਸ਼ਖਸੀਅਤਾਂ ਸਮੇਤ ਬਲਜਿੰਦਰ ਸਿੰਘ 'ਗੋਰਾ' ਖੁਖਰਾਣਾ (ਜੁਆਇੰਟ ਸਕੱਤਰ: ਆਮ ਆਦਮੀ ਪਾਰਟੀ ਜਿਲ੍ਹਾ ਮੋਗਾ), ਭਾਈ ਹਰਪ੍ਰੀਤ ਸਿੰਘ ਖੁਖਰਾਣਾ, ਭਾਈ ਰਜਿੰਦਰ ਸਿੰਘ ਕੋਟਲਾ, ਹਰਪ੍ਰੀਤ ਸਿੰਘ ਹੈਪੀ, ਸਮਾਜ ਸੇਵੀ ਲੱਕੀ ਗਿੱਲ ਆਦਿ ਮੁੱਖ ਤੌਰ ਤੇ ਹਾਜਰ ਸਨ।

# ਵਿਧਾਇਕ ਸੁਖਾਨੰਦ ਨੇ ਹਲਕਾ ਬਾਘਾਪੁਰਾਣਾ ਨਾਲ ਸਬੰਧਤ ਐੱਨ.ਆਰ. ਆਈ. ਪਰਿਵਾਰਾਂ ਲਈ ਧੰਨਵਾਦੀ ਸੰਮੇਲਨ ਕਰਵਾਇਆ

ਬਾਘਾਪੁਰਾਣਾ, 23 ਫਰਵਰੀ (ਗਿਆਨ ਸਿੰਘ): ਪ੍ਰਵਾਸੀ ਪੰਜਾਬੀਆਂ ਦਾ ਪੰਜਾਬ ਦੀ ਖੁਸ਼ਹਾਲੀ ਵਿੱਚ ਵਿਸ਼ੇਸ਼ ਯੋਗਦਾਨ ਹੈ। ਰੰਗਲੇ ਪੰਜਾਬ ਦੀ ਸਹੀ ਅਰਥਾਂ ਵਿੱਚ ਕਲਪਨਾ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਤੋਂ ਬਿਨਾ ਨਹੀਂ ਕੀਤੀ ਜਾ ਸਕਦੀ। ਇਹ ਪ੍ਰਗਟਾਵਾ ਹਲਕਾ ਬਾਘਾਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਵੱਲੋਂ ਅੱਜ ਇਥੇ ਕਰਵਾਏ ਗਏ "ਐਨ.ਆਰ.ਆਈ.ਪੰਜਾਬੀਆਂ ਦਾ ਧੰਨਵਾਦ ਸੰਮੇਲਨ" ਪ੍ਰੋਗਰਾਮ ਦੌਰਾਨ ਐਨ.ਆਰ.ਆਈ ਪੰਜਾਬੀਆਂ ਨੂੰ ਸੰਬੋਧਨ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਦਾ ਮਾਹੌਲ ਬਹੁਤ ਹੀ ਵਧੀਆ ਹੈ।ਐੱਨ.ਆਰ.ਆਈ ਪੰਜਾਬੀਆਂ ਨੂੰ ਵਿਰੋਧੀ ਪਾਰਟੀਆਂ ਦੀਆਂ ਗੱਲਾਂ ਵਿਚ ਨਹੀਂ ਆਉਣਾ ਚਾਹੀਦਾ ਹੈ। ਤੁਹਾਡੀਆਂ ਜਾਇਦਾਦਾਂ ਉੱਤੇ ਕੋਈ ਵੀ ਮਾੜੀ ਅੱਖ ਨਹੀਂ ਰੱਖ ਸਕਦਾ।

ਵਿਧਾਇਕ ਨੇ ਭਰੋਸੇ ਨਾਲ ਕਿਹਾ ਕਿ ਜੇਕਰ ਪ੍ਰਵਾਸੀ ਪੰਜਾਬੀ ਆਪਣੇ ਪਿੰਡ ਵਿੱਚ ਇੱਕ ਹਿੱਸਾ ਲਗਾਉਣਗੇ ਤਾਂ ਉਹ ਤਿੰਨ ਗੁਣਾ ਆਪਣੇ ਵਸੀਲਿਆਂ ਨਾਲ ਲਗਾਉਣਗੇ।

ਉਨ੍ਹਾਂ ਕਿਹਾ ਕਿ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਹਲਕੇ ਵਿੱਚ ਅਗਲੇ 4



ਮਹੀਨੇ ਦੌਰਾਨ 250 ਕਰੋੜ ਰੁਪਏ ਦਾ ਨਿਵੇਸ਼ ਹੋਵੇਗਾ। ਉਹਨਾਂ ਸੱਦਾ ਦਿੱਤਾ ਕਿ ਪ੍ਰਵਾਸੀ ਪੰਜਾਬੀ ਨਿਵੇਸ਼ ਲਈ ਅੱਗੇ ਆਉਣ, ਐਨ ਓ ਸੀਜ਼ ਉਹ ਖੁਦ ਲੈ ਕੇ ਦੇਣਗੇ। ਇਸ ਮੌਕੇ ਗਿੱਲ ਪਿੰਡ ਦੇ ਸੁੱਖ ਬਰਾੜ ਵੱਲੋਂ 100 ਕਰੋੜ ਰੁਪਏ ਅਤੇ ਹਲਕੇ ਨਾਲ ਹੀ ਸਬੰਧਤ ਕੁਲਦੀਪ ਸ਼ਰਮਾ ਦੇ ਪਰਿਵਾਰ ਵਲੋਂ 150 ਕਰੋੜ ਰੁਪਏ ਦਾ ਨਿਵੇਸ਼ ਕਰਨ ਦਾ ਐਲਾਨ ਕੀਤਾ।

ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕਿਹਾ ਕਿ ਇਹ ਦੋਵੇਂ ਪ੍ਰੋਜੈਕਟ ਲੱਗਣ ਨਾਲ ਹੀ ਇਲਾਕੇ ਦੇ 1700 ਤੋਂ ਵਧੇਰੇ ਨੌਜਵਾਨਾਂ ਨੂੰ ਰੋਜ਼ਗਾਰ ਦਾ ਰਾਹ ਖੁੱਲ੍ਹ ਜਾਵੇਗਾ।

ਉਹਨਾਂ ਕਿਹਾ ਕਿ ਪ੍ਰਵਾਸੀ ਪੰਜਾਬੀਆਂ ਦੀਆਂ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਮਾਮਲਿਆਂ ਨਾਲ ਜੁੜੀਆਂ ਸਾਰੀਆਂ ਸਮੱਸਿਆਵਾਂ ਦਾ ਮਿੱਥੇ ਸਮੇਂ ਵਿੱਚ ਨਿਪਟਾਰਾ ਕਰਨ ਲਈ ਪੰਜਾਬ ਸਰਕਾਰ ਵਿਸ਼ੇਸ਼ ਪਾਲਿਸੀ ਤਿਆਰ ਕਰ ਰਹੀ ਹੈ। ਐਨ.ਆਰ.ਆਈ. ਪੰਜਾਬੀਆਂ ਦੀਆਂ ਸਮੱਸਿਆਵਾਂ ਨੂੰ ਸੁਣਨ ਲਈ ਤੇ ਉਸ ਦੇ ਹੱਲ ਲਈ ਪੰਜਾਬ ਸਰਕਾਰ ਹਰ ਸਾਲ ਦਸੰਬਰ ਤੇ ਅਪ੍ਰੈਲ ਦੇ ਮਹੀਨੇ ਵਿੱਚ ਦੋ ਵਾਰ ਐਨ.ਆਰ.ਆਈ. ਮਿਲਣੀਆਂ ਆਯੋਜਿਤ ਕਰਿਆ ਕਰੇਗੀ। ਉਹਨਾਂ ਦੁਨੀਆ ਭਰ ਦੇ ਦੇਸ਼ਾਂ ਵਿੱਚ ਵਸ ਰਹੇ ਪੰਜਾਬੀਆਂ ਨੂੰ ਇਹ ਸੱਦਾ ਦਿੱਤਾ ਕਿ ਹਲਕਾ ਬਾਘਾਪੁਰਾਣਾ ਤੁਹਾਡਾ ਹੈ, ਤੁਸੀਂ ਏਥੇ ਆਓ, ਪੰਜਾਬ ਸਰਕਾਰ ਤੁਹਾਡੀਆਂ ਜ਼ਮੀਨਾਂ ਦੀ ਰਾਖੀ, ਤੁਹਾਡੇ ਜਾਨ ਮਾਲ ਦੀ ਰਾਖੀ ਅਤੇ ਤੁਹਾਡੇ ਕਾਰੋਬਾਰ ਦੀ ਰਾਖੀ ਲਈ ਵਚਨਵੱਧ ਹੈ।

ਇਸ ਮੌਕੇ ਡਿਪਟੀ ਕਮਿਸ਼ਨਰ ਕੁਲਵੰਤ ਸਿੰਘ, ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਹਰਮਨਦੀਪ ਸਿੰਘ ਬਰਾੜ, ਵੱਖ-ਵੱਖ ਮੁਲਕਾਂ ਤੋਂ ਆਏ ਐਨ.ਆਰ.ਆਈਜ਼ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ ਮੌਜੂਦ ਸਨ।

# ਭਗਵੰਤ ਮਾਨ ਸਰਕਾਰ 10 ਮਾਰਚ ਨੂੰ ਪੇਸ਼ ਕਰੇਗੀ ਸਾਲਾਨਾ ਬਜਟ

## 16ਵੀਂ ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ 3 ਤੋਂ 24 ਮਾਰਚ ਤੱਕ ਹੋਵੇਗਾ

ਚੰਡੀਗੜ੍ਹ, 23 ਫਰਵਰੀ (ਗਿਆਨ ਸਿੰਘ): ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਿੱਤੀ ਸਾਲ 2023-24 ਲਈ ਆਪਣਾ ਬਜਟ 10 ਮਾਰਚ ਨੂੰ ਪੇਸ਼ ਕਰੇਗੀ। ਦੱਸਣਯੋਗ ਹੈ ਕਿ 16ਵੀਂ ਪੰਜਾਬ ਵਿਧਾਨ ਸਭਾ ਦਾ ਬਜਟ ਇਜਲਾਸ 3 ਮਾਰਚ ਤੋਂ 24 ਮਾਰਚ ਤੱਕ ਚੱਲੇਗਾ।

ਇਹ ਫੈਸਲਾ ਅੱਜ ਇੱਥੇ ਮੁੱਖ ਮੰਤਰੀ ਦੀ ਪ੍ਰਧਾਨਗੀ ਹੇਠ ਉਨ੍ਹਾਂ ਦੇ ਪੰਜਾਬ ਸਿਵਲ ਸਕੱਤਰੇਤ-1 ਸਥਿਤ ਦਫਤਰ ਵਿਖੇ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਿਆ ਗਿਆ।

ਇਸ ਸੰਬਧੀ ਜਾਣਕਾਰੀ ਦਿੰਦਿਆਂ ਮੁੱਖ ਮੰਤਰੀ ਦਫਤਰ ਦੇ ਬੁਲਾਰੇ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਭਾਰਤ ਦੇ ਸੰਵਿਧਾਨ ਦੀ ਧਾਰਾ 174 ਅਨੁਸਾਰ ਰਾਜਪਾਲ ਨੂੰ ਸੈਸ਼ਨ ਬੁਲਾਉਣ ਲਈ ਅਧਿਕਾਰਤ ਕੀਤਾ ਹੈ।

ਪ੍ਰੋਗਰਾਮ ਮੁਤਾਬਕ ਬਜਟ ਸੈਸ਼ਨ 3 ਮਾਰਚ ਨੂੰ ਸਵੇਰੇ 10 ਵਜੇ ਰਾਜਪਾਲ ਦੇ ਭਾਸਣ ਨਾਲ ਸੁਰੂ ਹੋਵੇਗਾ ਅਤੇ ਬਾਅਦ ਦੁਪਹਿਰ 2 ਵਜੇ ਵਿਛੜੀਆਂ ਸਖ਼ਸ਼ੀਅਤਾਂ ਨੂੰ ਸ਼ਰਧਾਂਜਲੀ ਦਿੱਤੀ ਜਾਵੇਗੀ। 6 ਮਾਰਚ ਨੂੰ ਧੰਨਵਾਦ ਮਤਾ ਪੇਸ਼ ਕੀਤਾ ਜਾਵੇਗਾ ਅਤੇ ਸਵੇਰੇ 10 ਵਜੇ ਰਾਜਪਾਲ ਦੇ ਭਾਸ਼ਣ 'ਤੇ ਚਰਚਾ ਸ਼ੁਰੂ ਹੋਵੇਗੀ ਅਤੇ ਖਤਮ ਹੋਣ ਤੱਕ ਚਲਦੀ ਰਹੇਗੀ।

7 ਮਾਰਚ ਨੂੰ ਸਾਲ 2021-22 ਲਈ ਭਾਰਤ ਦੇ ਕੰਪਟਰੋਲਰ ਅਤੇ ਆਡੀਟਰ ਜਨਰਲ ਦੀਆਂ ਰਿਪੋਰਟਾਂ, ਸਾਲ 2022-23 ਲਈ ਗ੍ਰਾਂਟਾਂ ਲਈ ਅਨੁਪੂਰਕ ਮੰਗਾਂ ਅਤੇ ਸਾਲ 2022-23 ਲਈ ਗ੍ਰਾਂਟਾਂ ਵਾਸਤੇ ਅਨੁਪੂਰਕ ਮੰਗਾਂ ਅਤੇ ਨਮਿੱਤਣ ਬਿੱਲ ਪੇਸ਼ ਕੀਤੇ ਜਾਣਗੇ ਜਿਸ ਤੋਂ ਬਾਅਦ ਵਿਧਾਨਕ ਕੰਮਕਾਜ ਹੋਵੇਗਾ।

9 ਮਾਰਚ ਨੂੰ ਗੈਰ-ਸਰਕਾਰੀ ਕੰਮਕਾਜ ਹੋਵੇਗਾ ਅਤੇ 10 ਮਾਰਚ ਨੂੰ ਸਾਲ 2023-24 ਲਈ ਬਜਟ ਅਨੁਮਾਨ ਸਦਨ ਦੇ ਸਾਹਮਣੇ ਪੇਸ਼ ਕੀਤੇ ਜਾਣਗੇ ਅਤੇ ਇਸ ਤੋਂ ਬਾਅਦ ਬਜਟ 'ਤੇ ਆਮ ਬਹਿਸ ਹੋਵੇਗੀ। ਸਾਲ 2023-24 ਦੇ ਬਜਟ ਅਨੁਮਾਨਾਂ 'ਤੇ ਬਹਿਸ 11 ਮਾਰਚ ਨੂੰ ਸਵੇਰੇ 10 ਵਜੇ ਸ਼ੁਰੂ ਹੋ ਕੇ ਇਸ ਦੇ ਖਤਮ ਹੋਣ ਅਤੇ ਵੋਟਿੰਗ ਤੱਕ ਚੱਲੇਗੀ। ਇਸ ਤੋਂ ਬਾਅਦ 22 ਮਾਰਚ ਨੂੰ ਸਵੇਰੇ 10 ਵਜੇ ਗੈਰ-ਸਰਕਾਰੀ ਕੰਮਕਾਜ ਹੋਵੇਗਾ। ਇਸ ਉਪਰੰਤ 24 ਮਾਰਚ ਨੂੰ ਵਿਧਾਨ ਸਭਾ ਦਾ ਕੰਮਕਾਜ ਹੋਵੇਗਾ, ਜਿਸ ਤੋਂ ਬਾਅਦ ਸਦਨ ਦੀ ਕਾਰਵਾਈ ਅਣਮਿੱਥੇ ਸਮੇਂ ਲਈ ਮੁਲਤਵੀ ਕਰ ਦਿੱਤੀ ਜਾਵੇਗੀ।

ਪੁਰਾਣੀ ਪੈਨਸ਼ਨ ਸਕੀਮ ਦੇ ਲਾਗੂ ਕਰਨ ਲਈ ਲਈ ਐੱਸ.ਓ.ਪੀ. ਤਿਆਰ ਕਰਨ ਵਾਸਤੇ ਅਫਸਰਾਂ ਦੀ ਕਮੇਟੀ ਨੂੰ ਕਾਰਜ-ਬਾਅਦ ਪ੍ਰਵਾਨਗੀ

ਮੰਤਰੀ ਮੰਡਲ ਨੇ ਪੰਜਾਬ ਵਿੱਚ ਪੁਰਾਣੀ ਪੈਨਸਨ ਸਕੀਮ ਨੂੰ ਲਾਗੂ ਕਰਨ ਲਈ ਨਿਰਧਾਰਤ ਸੰਚਾਲਨ ਵਿਧੀ (ਐੱਸ.ਓ.ਪੀ.) ਬਣਾਉਣ ਵਾਸਤੇ ਵਿੱਤ ਵਿਭਾਗ ਵਲੋਂ ਗਠਿਤ ਅਧਿਕਾਰੀਆਂ ਦੀ ਕਮੇਟੀ ਨੂੰ ਕਾਰਜ-ਬਾਅਦ ਪ੍ਰਵਾਨਗੀ ਦੇ ਦਿੱਤੀ ਹੈ। ਵਿੱਤ ਵਿਭਾਗ, ਪੰਜਾਬ ਨੇ ਆਪਣੇ ਨੋਟੀਫਿਕੇਸਨ ਨੰਬਰ 02/01/2022-2/153-159, ਮਿਤੀ 18.11.2022 ਰਾਹੀਂ, ਡਿਫਾਈਂਡ ਕੰਟਰੀਬਿਊਟਰੀ ਪੈਨਸ਼ਨ ਸਕੀਮ (ਐੱਨ.ਪੀ.ਐੱਸ.) ਅਧੀਨ ਆਉਂਦੇ ਪੰਜਾਬ ਸਰਕਾਰ ਦੇ ਸਾਰੇ ਕਰਮਚਾਰੀਆਂ ਲਈ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਹੈ।

ਇਸ ਨੋਟੀਫਿਕੇਸ਼ਨ ਦੀ ਲਗਾਤਾਰਤਾ ਵਿਚ ਵਿੱਤ ਵਿਭਾਗ ਦੇ ਨੋਟੀਫਿਕੇਸ਼ਨ ਨੰਬਰ 02/01/2020-22/09 ਮਿਤੀ 27.01.2023 ਰਾਹੀਂ ਗਠਿਤ ਅਫਸਰਾਂ ਦੀ ਕਮੇਟੀ ਨੂੰ ਪੰਜਾਬ ਵਿਚ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਲਈ ਕਾਰਜ-ਬਾਅਦ ਪ੍ਰਵਾਨਗੀ ਦਿੱਤੀ ਗਈ ਹੈ। ਅਫਸਰਾਂ ਦੀ ਕਮੇਟੀ ਦੀਆਂ ਸਿਫਾਰਸਾਂ 'ਤੇ ਵਿਚਾਰ ਕਰਨ ਲਈ ਆਮ ਰਾਜ ਪ੍ਰਬੰਧ ਵਿਭਾਗ (ਕੈਬਨਿਟ ਮਾਮਲੇ ਬ੍ਰਾਂਚ) ਵਲੋਂ ਜਾਰੀ ਨੋਟੀਫਿਕੇਸ਼ਨ ਨੰਬਰ 1/196/2022-1/530 ਮਿਤੀ 31.01.2023 ਅਤੇ ਮੁੱਖ ਮੰਤਰੀ ਵਲੋਂ 13.02.2023 ਨੂੰ ਜਾਰੀ ਹੁਕਮਾਂ ਤੋਂ ਬਾਅਦ ਕੈਬਨਿਟ ਸਬ-ਕਮੇਟੀ ਦਾ ਗਠਨ ਕੀਤਾ ਗਿਆ।

ਕਿਫਾਇਤੀ ਕਲੋਨੀ ਨੀਤੀ, 2023 ਨੂੰ ਨੋਟੀਫਾਈ ਕਰਨ ਲਈ ਹਰੀ ਝੰਡੀ

ਸੂਬੇ ਵਿਚ ਘੱਟ ਆਮਦਨੀ ਵਾਲੇ ਵਰਗ ਨੂੰ ਸਸਤੇ ਭਾਅ 'ਤੇ ਮਕਾਨ ਮੁਹੱਈਆ ਕਰਵਾਉਣ ਦੇ ਮੱਦੇਨਜ਼ਰ ਮੰਤਰੀ ਮੰਡਲ ਨੇ ਕਿਫਾਇਤੀ ਕਲੋਨੀ ਨੀਤੀ, 2023 ਨੂੰ ਨੋਟੀਫਾਈ ਕਰਨ ਲਈ ਹਰੀ ਝੰਡੀ ਦੇ ਦਿੱਤੀ ਹੈ। ਨੀਤੀ ਵਿਚ ਵਿਕਰੀਯੋਗ ਖੇਤਰ ਨੂੰ 62% ਤੋਂ ਵਧਾ ਕੇ 65% ਕਰਨ ਅਤੇ ਸੀ.ਐੱਲ.ਯੂ./ਈ.ਡੀ.ਸੀ./ਐੱਲ.ਐੱਫ./ਐੱਸ.ਆਈ.ਐੱਫ./ਯੂ.ਡੀ.ਐੱਫ. ਖਰਚਿਆਂ ਨੂੰ ਪੰਜਾਬ ਰਾਜ ਵਿਚ ਸਬੰਧਤ ਜੋਨਾਂ (ਗਮਾਡਾ ਖੇਤਰੀ ਯੋਜਨਾ ਅਤੇ ਗਮਾਡਾ ਖੇਤਰ ਵਿਚ ਮਾਸਟਰ ਪਲਾਨ/ਪ੍ਰਸਤਾਵਿਤ ਲੈਂਡ ਯੂਜ਼ ਪਲਾਨ ਲਾਲੜੂ ਨੂੰ ਛੱਡ ਕੇ, ਜਿੱਥੇ ਖਰਚਿਆਂ ਵਿਚ ਕੋਈ ਕਟੌਤੀ ਨਹੀਂ ਕੀਤੀ ਜਾਵੇਗੀ) 'ਚ ਲਾਗੂ ਖਰਚਿਆਂ ਦੇ 50% ਤੱਕ ਘਟਾਉਣ ਦਾ ਪ੍ਰਸਤਾਵ ਹੈ।

ਇਸ ਤੋਂ ਇਲਾਵਾ ਪ੍ਰਾਜੈਕਟ ਦੀ ਤੁਰੰਤ ਪ੍ਰਵਾਨਗੀ ਲਈ, ਸੀ.ਐੱਲ.ਯੂ., ਲਾਈਸੈਂਸ ਅਤੇ ਬਿਲਡਿੰਗ ਪਲਾਨ ਦੀ ਪ੍ਰਵਾਨਗੀ ਦੀਆਂ ਸਕਤੀਆਂ ਵੀ ਇੱਕ ਸਿੰਗਲ ਏਜੰਸੀ ਵਜੋਂ ਸਬੰਧਤ ਵਿਕਾਸ ਅਥਾਰਟੀ (ਸਥਾਨਕ ਪੱਧਰ 'ਤੇ) ਦੇ ਮੁੱਖ ਪ੍ਰਸਾਸਕ ਨੂੰ ਸੌਂਪੀਆਂ ਜਾਣਗੀਆਂ।

'ਇੰਟੇਗ੍ਰੇਟਿਡ ਲੌਜਿਸਟਿਕਸ ਐਂਡ ਲੌਜਿਸਟਿਕ ਪਾਰਕ ਪਾਲਿਸੀ' ਨੂੰ ਵੀ ਪ੍ਰਵਾਨਗੀ

ਸੂਬੇ ਦੇ ਲੌਜਿਸਟਿਕ ਸੈਕਟਰ ਦੇ ਸਰਵਪੱਖੀ ਵਿਕਾਸ ਦੇ ਉਦੇਸ ਨਾਲ ਮੰਤਰੀ ਮੰਡਲ ਨੇ 'ਇੰਟੇਗ੍ਰੇਟਿਡ ਲੌਜਿਸਟਿਕਸ ਐਂਡ ਲੌਜਿਸਟਿਕ ਪਾਰਕ ਪਾਲਿਸੀ' ਨੂੰ ਵੀ ਪ੍ਰਵਾਨਗੀ ਦਿੱਤੀ ਹੈ। ਪੰਜਾਬ ਨੇ ਇੱਕ ਮਜ਼ਬੂਤ ਲੌਜਿਸਟਿਕਸ ਬੁਨਿਆਦੀ ਢਾਂਚੇ ਦਾ ਨਿਰਮਾਣ ਕੀਤਾ ਹੈ ਅਤੇ ਵੱਖ-ਵੱਖ ਰੈਗੂਲੇਟਰੀ ਅਤੇ ਢਾਂਚਾਗਤ ਸੁਧਾਰ ਕੀਤੇ ਹਨ ਅਤੇ ਲੌਜਿਸਟਿਕਸ ਨੂੰ ਪ੍ਰਮੁੱਖ ਸੈਕਟਰ ਵਜੋਂ ਵੀ ਮਨੋਨੀਤ ਕੀਤਾ ਹੈ। ਇਸ ਤੋਂ ਇਲਾਵਾ, ਖੇਤਰ ਨੂੰ ਕਾਰਬਨ ਮੁਕਤ ਬਣਾਉਣ ਲਈ ਇਹ ਪਾਲਿਸੀ ਐੱਮ.ਐੱਮ.ਐੱਲ.ਪੀਜ਼, ਲੌਜਿਸਟਿਕ ਪਾਰਕਸ ਅਤੇ ਟਰੱਕਰ ਪਾਰਕਸ/ਵੇਅਸਾਈਡ ਸਹੂਲਤਾਂ ਵਰਗੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਕਈ ਪ੍ਰੋਤਸਾਹਨ ਦੀ ਪੇਸਕਸ ਕਰਦੀ ਹੈ। ਇਹ ਪਾਲਿਸੀ ਲੌਜਿਸਟਿਕਸ ਅਤੇ ਗੈਰ-ਈਵੀ ਰੈਫ੍ਰਿਜਰੇਟਿਡ ਵਾਹਨਾਂ (ਰੀਫਰ



ਵਾਹਨਾਂ) ਲਈ ਕਮਰਸ਼ੀਅਲ ਈਵੀਜ਼ ਦੀ ਵਰਤੋਂ ਨੂੰ ਉਤਸ਼ਾਹਿਤ ਕਰਦੀ ਹੈ। ਇਕਸਾਰ ਖੇਤਰੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਸਰਹੱਦੀ ਜ਼ਿਲਿਆਂ ਵਿਚ ਵਿਸ਼ੇਸ਼ ਸੇਵਾਵਾਂ ਅਤੇ ਵੇਅਰਹਾਊਸਾਂ ਨੂੰ ਵੀ ਪ੍ਰੋਤਸ਼ਾਹਿਤ ਕੀਤਾ ਗਿਆ ਹੈ। ਇਹ ਪਾਲਿਸੀ ਤਹਿਤ ਲੌਜਿਸਟਿਕ ਸੈਕਟਰ ਵਿੱਚ ਯੂਨਿਟਾਂ ਦੀ ਸਥਾਪਨਾ ਲਈ ਸਿੰਗਲ ਇੰਟੀਗ੍ਰੇਟਿਡ ਅਪਰੂਵਲ ਸਿਸਟਮ ਸਥਾਪਤ ਕੀਤੇ ਜਾਣਗੇ, ਜੋ ਲੌਜਿਸਟਿਕ ਸੈਕਟਰ ਦੇ ਵਿਕਾਸ ਦੇ ਇੱਕ ਨਵੇਂ ਯੁੱਗ ਦੀ ਸੁਰੂਆਤ ਹੋਵੇਗੀ ਜਿਸ ਦੇ ਨਤੀਜੇ ਵਜੋਂ ਪੰਜਾਬ ਦੀ ਆਰਥਿਕਤਾ ਨੂੰ ਖੇਤੀ-ਕੇਂਦ੍ਰਿਤ ਤੋਂ ਨਿਰਮਾਣ ਅਧਾਰਤ ਵਿਚ ਤਬਦੀਲ ਕੀਤਾ ਜਾ ਸਕੇਗਾ, ਜਿਸ ਨਾਲ ਐੱਮ.ਐੱਸ.ਐੱਮ.ਈਜ਼ ਵਧੇਰੇ ਪ੍ਰਤੀਯੋਗੀ ਹੋਣਗੇ ਅਤੇ ਰੋਜ਼ਗਾਰ ਦੇ ਵੱਧ ਮੌਕੇ ਪੈਦਾ ਹੋ ਸਕਣਗੇ।

'ਪੰਜਾਬ ਨੌਜਵਾਨ ਉੱਦਮੀ ਪ੍ਰੋਗਰਾਮ' ਨੂੰ ਲਾਗੂ ਕਰਨ ਲਈ ਮਨਜ਼ੂਰੀ

ਮੰਤਰੀ ਮੰਡਲ ਨੇ 'ਪੰਜਾਬ ਨੌਜਵਾਨ ਉੱਦਮੀ ਪ੍ਰੋਗਰਾਮ' ਨੂੰ ਲਾਗੂ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ, ਜਿਸ ਨਾਲ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵਿਚ ਉੱਦਮੀ ਹੁਨਰ ਅਤੇ ਸੋਚ ਦਾ ਵਿਕਾਸ ਕੀਤਾ ਜਾ ਸਕੇਗਾ, ਜਿਸ ਦੇ ਨਤੀਜੇ ਵਜੋਂ ਉਨ੍ਹਾਂ ਨੂੰ ਸਮੇਂ ਦੇ ਹਾਣੀ ਬਣਾਇਆ ਜਾ ਸਕੇਗਾ ਤਾਂ ਜੋ ਉਹ ਰੋਜ਼ਗਾਰ ਸਿਰ-ਜਣਹਾਰ ਬਣਨ ਦੇ ਨਾਲ-ਨਾਲ ਦੇਸ ਖਾਸ ਤੌਰ 'ਤੇ ਪੰਜਾਬ ਦੀਆਂ ਸਮੱਸਿਆ ਹੱਲ ਕਰ ਸਕਣਗੇ। ਇਸ ਪ੍ਰੋਗਰਾਮ ਤਹਿਤ ਇੱਕ ਬਿਜਨਸ ਬਲਾਸਟਰ ਪ੍ਰੋਗਰਾਮ ਸੁਰੂ ਕੀਤਾ ਗਿਆ ਹੈ, ਜਿਸ ਤਹਿਤ ਵਿਭਾਗ ਵਿਦਿਆਰਥੀਆਂ ਦੇ ਇੱਕ ਸਮੂਹ ਨੂੰ ਬਿਜ਼ਨਸ ਆਈਡੀਆ ਵਿਕਸਿਤ ਕਰਨ ਅਤੇ ਲਾਗੂ ਕਰਨ ਲਈ 2,000 ਰੁਪਏ ਪ੍ਰਤੀ ਵਿਦਿਆਰਥੀ ਵਿੱਤੀ ਰਾਸ਼ੀ (ਸੀਡ ਮਨੀ) ਪ੍ਰਦਾਨ ਕਰੇਗਾ। ਇਸ ਪ੍ਰੋਗਰਾਮ ਤਹਿਤ ਬਿਜ਼ਨਸ ਆਈਡੀਆ ਲਾਗੂ ਕਰਨ ਲਈ ਇਸ ਰਾਸ਼ੀ ਦੀ ਵਰਤੋਂ ਕਰਨ ਦਾ ਪ੍ਰੀਖਣ ਕੀਤਾ ਗਿਆ ਹੈ, ਇਸ ਤਹਿਤ ਲਾਭ ਜਾਂ ਨੁਕਸਾਨ ਦੀ ਸੂਰਤ ਵਿਚ ਇਹ ਰਾਸ਼ੀ ਵਿਭਾਗ ਵਲੋਂ ਵਿਦਿਆਰਥੀਆਂ ਤੋਂ ਵਸੂਲ ਨਹੀਂ ਕੀਤੀ ਜਾਵੇਗੀ। ਅਧਿਆਪਕ/ਸਕੂਲ ਮੁਖੀ ਇਸ ਰਾਸ਼ੀ ਦੀ ਵਰਤੋਂ ਅਤੇ ਵਿਦਿਆਰਥੀਆਂ ਦੁਆਰਾ ਰੱਖੇ ਗਏ ਲਾਭ ਜਾਂ ਨੁਕਸਾਨ ਸਬੰਧੀ ਰਿਕਾਰਡ ਦੀ ਨਿਗਰਾਨੀ ਰੱਖਣਗੇ।

ਸਕੂਲ ਸਿੱਖਿਆ ਵਿਭਾਗ ਦੇ ਸੈਕੰਡਰੀ ਅਤੇ ਐਲੀਮੈਂਟਰੀ ਵਿੰਗਾਂ ਦੇ ਮੁਖੀਆਂ ਦੇ ਦਫਤਰਾਂ ਦੇ ਨਾਮ ਤਬਦੀਲ ਕਰਨ ਦੀ ਪ੍ਰਵਾਨਗੀ

ਮੰਤਰੀ ਮੰਡਲ ਨੇ ਸਕੂਲ ਸਿੱਖਿਆ ਵਿਭਾਗ ਦੇ ਸੈਕੰਡਰੀ ਅਤੇ ਐਲੀਮੈਂਟਰੀ ਵਿੰਗਾਂ ਦੇ ਮੁਖੀਆਂ ਦੇ ਦਫਤਰਾਂ ਦਾ ਨਾਮ ਡਾਇਰੈਕਟਰ ਪਬਲਿਕ ਇੰਸਟ੍ਰਕਸਨ (ਸੈਕੰਡਰੀ ਐਜੂਕੇਸ਼ਨ) ਅਤੇ ਡਾਇਰੈਕਟਰ ਪਬਲਿਕ ਇੰਸਟ੍ਰਕਸਨ (ਐਲੀਮੈਂਟਰੀ ਐਜੂਕੇਸ਼ਨ) ਤੋਂ ਬਦਲ ਕੇ ਕ੍ਰਮਵਾਰ ਡਾਇਰੈਕਟੋਰੇਟ ਆਫ਼ ਸਕੂਲ ਐਜੂਕੇਸ਼ਨ (ਸੈਕੰਡਰੀ) ਅਤੇ ਡਾਇਰੈਕਟੋਰੇਟ ਆਫ਼ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਕਰਨ ਦੇ ਪ੍ਰਸਤਾਵ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ।

ਜ਼ਿਲਾ ਅਤੇ ਸੈਸਨ ਜੱਜ/ਵਧੀਕ ਜ਼ਿਲਾ ਅਤੇ ਸੈਸਨ ਜੱਜ ਦੀਆਂ 101 ਅਸਥਾਈ ਅਸਾਮੀਆਂ ਤਬਦੀਲ ਕਰਨ ਦੀ ਪ੍ਰਵਾਨਗੀ

ਮੰਤਰੀ ਮੰਡਲ ਨੇ ਰਾਜ ਵਿੱਚ ਨਿਆਂ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਰਾਜ ਅਧੀਨ ਅਦਾਲਤਾਂ ਦੇ ਜ਼ਿਲਾ ਅਤੇ ਸੈਸਨ ਜੱਜ/ਵਧੀਕ ਜ਼ਿਲਾ ਅਤੇ ਸੈਸ਼ਨ ਜੱਜ ਦੀਆਂ 101 ਅਸਥਾਈ ਅਸਾਮੀਆਂ, ਜਿਨ੍ਹਾਂ ਦਾ ਤਨਖਾਹ ਸਕੇਲ (ਐਂਟਰੀ ਪੱਧਰ) 51,550-1230-58,930-1380-63,070/- ਰੁਪਏ ਹੈ ਅਤੇ ਸਿਵਲ ਜੱਜ (ਜੂਨੀਅਰ ਡਿਵੀਜਨ)-ਕਮ-ਜੁਡੀਸ਼ੀਅਲ ਮੈਜਿਸਟਰੇਟ ਦੀਆਂ 270 ਅਸਥਾਈ ਅਸਾਮੀਆਂ, ਜਿਨ੍ਹਾਂ ਦਾ ਤਨਖਾਹ ਸਕੇਲ (ਐਂਟਰੀ ਪੱਧਰ) 27,700-770-33.090 920 40,450-1080-44,770/- ਰੁਪਏ ਹੈ, ਨੂੰ ਸਥਾਈ ਅਸਾਮੀਆਂ ਵਿੱਚ ਤਬਦੀਲ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ।



OURR HOME & APPLIANCES

HURRY UP
LIMITED TIME OFFER

DEALS LIKE NEVER BEFORE
OURR PRICES ARE THE BEST

BEST DEALS ON LUXURY KITCHEN APPLIANCES
WE CARRY ALL MAJOR BRANDS

UNBOXED UNITS & NEW IN BOX UNITS AVAILABLE

100% CUSTOMER SATISFACTION

DELIVERY AVAILABLE *CONDITIONS APPLY
PRICE BEAT GUARANTEE *CONDITIONS APPLY

USE THE PROMO CODE TO GET DISCOUNT
PROMO CODE - (COURR-2302FLYER)

WE ARE AN AUTHORIZED DEALER FOR ALL MAJOR BRANDS!

KitchenAid moffat MAYTAG LG Electrolux JENNAIR GE AMANA BOSCH Whirlpool SAMSUNG FRIGIDAIRE CAPITAL

UNIT #1, 241 CLARENCE ST BRAMPTON, ON L6W 3E7 (416) 551 3343
44 FASKEN DR. #2-9 ETOBICKOKE, ON M9W 5M8 (416) 792-0877
UNIT #6 410 LEWIS RD, STONEY CREEK, ON L8E 5Y7 (905) 643 0818
UNIT #4 -1540 FANSHAWE PARK ROAD WEST LONDON, ON N6H 5L8 (519) 641-1010
5781 HIGHWAY 7 UNIT 10, VAUGHAN, ON L4L 178 (416) 477 5556
1050 SPEERS ROAD, OAKVILLE, ON, L6L 2X4 (416) 613 0555

416-551-5553
WWW.OURRHOMEAPPLIANCES.COM

Dr. Randhawa Dentistry
Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
Gore Rd
Squire Ellis Dr
DENTISTRY
Countryside Dr

Grand Upholstery Ltd
Sofa Company Originality in Every Piece
Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋਂ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂੰਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

ASIAN FOOD CENTRE
Family Day SALE
www.AsianFoodCentre.com
16TH FEB TO 27TH FEB 2023
Fresh Fruits, Vegetables, Indian & Canadian Grocery

$11.99 MEERA WHOLE WHEAT ATTA
$11.99 INDIA GATE ROZZANA RICE
$3.99 KHALSA PANEER
$4.99 ALMONDS
$7.99 AFC SILVER RICE
$12.99 817 RICE
$25.99 VERKA GHEE
$2.79 RUBICON ASST JUICE
$4.99 ASIAN BESAN
$4.29 BRITANNIA MILK RUSK
$2.49 CAVENDISH HASH BROWN PATTIES
$4.29 INDIAN ROOHAFZA
$0.79 BRITANNIA GOOD DAY COOKIES PISTA BADAM FLAVOUR ONLY
$2.79 ITALPASTA ASSORTED PASTA
$6.99 PACHRANGA GULKAND (PP)
$4.99 TASTY BLACK CHANA
$5.99 TASTY URAD DAL
$8.99 DEEP HOMESTYLE PARATHA
$1.99 RESHMA MEHANDI (BLACK/BROWN)
$2.79 DEEP DAHI VADA
$1.49 ASIAN CHANA WITH MURI
$4.99 PACHRANGA GALGAL CAULIFLOWER, TURNIP PICKLE
$3.29 POPULAR PARATHA
$1.99 THAKKAR ASST PARATHA
$1.29 CREMICA COCONUT COOKIES
$3.29 ASIAN PUNJABI WADI
$3.99 MAGGI HOT & SWEET
$3.49 THAKAR MATAR KULCHA
$1.49 ASIAN CHANA WITH FULIA
$1.49 SANTOSH NAAN
$2.79 CREMICA ASST COOKIES
$8.99 MIRCH MASALA FAMILY PARATHA
$7.99 POPULAR PARATHA
$1.49 CREMICA BOURBON COOKIES
$6.99 TASTY FROZEN PEAS
$4.99 NATIONAL ASST SAUCE
$4.99 NATIONAL ASST PICKLE
$2.99 TAZA ROTI
$4.99 TAZA ASST VEG UP
$1.99 NATIONAL CUSTARD
$1.99 NATIONAL DESSERT MIX
$0.99 ALL NATIONAL JELLO
$0.99 CREMICA JEERA COOKIES
$1.49 MARGO NEEM SOAP

VARIETIES OF HOLI COLOURS AVAILABLE
VARIETIES OF SWEETS AVAILABLE

ETOBICOKE 10 Westmore Dr. 416-740-3262 MEAT SHOP AVAILABLE
MISSISSAUGA 1075 Ceremonial Dr 905-502-1600 MEAT SHOP AVAILABLE
BRAMPTON 621 Wanless Dr. 905-495-3336 MEAT SHOP AVAILABLE
BRAMPTON 2120 N Park Dr. 905-793-1338 MEAT SHOP AVAILABLE
BRAMPTON 80 Pertosa Dr. 905-460-0009
BRAMPTON 40 Airport RD & Lacoste Blvd. 905-794-8109 MEAT SHOP AVAILABLE
BRAMPTON 10510 Torbram Rd. 905-790-0030
BRAMPTON 10 Pannahill Dr. 905-913-8017 MEAT SHOP AVAILABLE
TOLL FREE 1-800-708-9232

We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media